ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ. ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 90418 78800

ਸਾਂਝੀ ਸੋਚ
SANJHI SOCH HD
ਸਾਂਝੀ ਸੋਚ
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON
24x7
LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-11 ISSUE 1719 23 April, 2024 Tuesday www.sanjhisoch.com ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ +1 (209) 303-1260

# ਕੋਵਿਡ ਤੋਂ ਬਾਅਦ 2022 'ਚ ਪੈਂਹਠ ਹਜ਼ਾਰ ਤੋਂ ਵੱਧ ਭਾਰਤੀ ਬਣੇ ਅਮਰੀਕੀ ਨਾਗਰਿਕ

**ਨਿਊਯਾਰਕ ਸਾਂਝੀ ਸੋਚ ਬਿਊਰੋ**

ਕੋਵਿਡ ਤੋਂ ਬਾਅਦ ਅਮਰੀਕਾ ਵਿਚ ਰਹਿ ਰਹੇ ਭਾਰਤੀ ਸਾਲ 2022 ਵਿਚ ਪੈਂਹਠ ਹਜ਼ਾਰ ਤੋਂ ਵੱਧ ਭਾਰਤੀ ਅਮਰੀਕੀ ਨਾਗਰਿਕ ਬਣ ਗਏ। ਇਸ ਅੰਕੜੇ ਦੇ ਨਾਲ ਹੁਣ ਭਾਰਤ ਅਮਰੀਕੀ ਨਾਗਰਿਕਤਾ ਹਾਸਲ ਕਰਨ ਵਾਲੇ ਦੇਸ਼ਾਂ ਦੇ ਲੋਕਾਂ ਦੀ ਗਿਣਤੀ ਦੇ ਮਾਮਲੇ ਵਿਚ ਮੈਕਸੀਕੋ ਤੋਂ ਬਾਅਦ ਦੂਜੇ ਸਥਾਨ 'ਤੇ ਪਹੁੰਚ ਗਿਆ ਹੈ। ਯੂ.ਐੱਸ. ਜਨਗਣਨਾ ਬਿਊਰੋ ਦੇ ਅਮਰੀਕਨ ਕਮਿਊਨਿਟੀ ਸਰਵੇਖਣ ਦੇ ਅੰਕੜਿਆਂ ਅਨੁਸਾਰ 2022 ਵਿਚ ਅੰਦਾਜ਼ਨ 4.6 ਕਰੋੜ ਵਿਦੇਸ਼ੀ-ਜਨਮੇ ਲੋਕ ਅਮਰੀਕਾ ਵਿਚ ਰਹਿੰਦੇ ਸਨ, ਜੋ 33.3 ਕਰੋੜ ਦੀ ਕੁੱਲ ਅਮਰੀਕੀ ਆਬਾਦੀ ਦਾ ਲਗਭਗ 14 ਫੀਸਦੀ ਹੈ। ਮੈਕਸੀਕੋ ਵਿਚ ਪੈਦਾ ਹੋਏ ਲੋਕਾਂ ਦੀ ਗਿਣਤੀ ਸਭ ਤੋਂ ਵੱਧ ਹੈ, ਜਿਨ੍ਹਾਂ ਨੂੰ ਅਮਰੀਕੀ ਨਾਗਰਿਕਤਾ ਮਿਲੀ ਸੀ। ਇਸ ਤੋਂ ਬਾਅਦ ਭਾਰਤ, ਫਿਲਪੀਨਜ਼, ਕਿਊਬਾ ਅਤੇ ਡੋਮਿਨਿਕਨ ਰੀਪਬਲਿਕ ਦੇ ਲੋਕਾਂ ਨੂੰ ਸਭ ਤੋਂ ਵੱਧ ਅਮਰੀਕੀ ਨਾਗਰਿਕਤਾ ਮਿਲੀ। ਸਾਲ 2022 ਵਿਚ ਮੈਕਸੀਕੋ ਦੇ 128878 ਨਾਗਰਿਕ ਅਮਰੀਕੀ ਨਾਗਰਿਕ ਬਣੇ। ਉਨ੍ਹਾਂ ਤੋਂ




ਬਾਅਦ ਭਾਰਤ (65,960), ਫਿਲਪੀਨਜ਼ (53,413), ਕਿਊਬਾ (46,913), ਡੋਮਿਨਿਕਨ ਰੀਪਬਲਿਕ (34,525), ਵੀਅਤਨਾਮ (33,246) ਅਤੇ ਚੀਨ (27,038) ਨੂੰ ਅਮਰੀਕੀ ਨਾਗਰਿਕਤਾ ਮਿਲੀ। 2023 ਤੱਕ ਵਿਦੇਸ਼ੀ ਮੂਲ ਦੇ ਅਮਰੀਕੀ ਨਾਗਰਿਕਾਂ ਵਿਚ ਭਾਰਤ ਦੇ ਲੋਕਾਂ ਦੀ ਗਿਣਤੀ 2,831,330 ਸੀ, ਜੋ ਮੈਕਸੀਕੋ (10,638,429) ਤੋਂ ਬਾਅਦ ਦੂਜੀ ਸਭ ਤੋਂ ਵੱਡੀ ਗਿਣਤੀ ਹੈ। ਇਸ ਤੋਂ ਬਾਅਦ ਨੰਬਰ ਚੀਨ (2,225,447) ਦਾ ਹੈ।

# ਐਰੀਜ਼ੋਨਾ 'ਚ ਦੋ ਭਾਰਤੀ ਵਿਦਿਆਰਥੀਆਂ ਦੀ ਸੜਕ ਹਾਦਸੇ 'ਚ ਮੌਤ

**ਐਰੀਜ਼ੋਨਾ ਸਾਂਝੀ ਸੋਚ ਬਿਊਰੋ**

ਅਮਰੀਕਾ ਵਿਚ ਪੜ੍ਹਾਈ ਕਰ ਰਹੇ ਤਿਲੰਗਾਨਾ ਦੇ ਦੋ ਵਿਦਿਆਰਥੀਆਂ ਦੀ ਅਮਰੀਕੀ ਰਾਜ ਐਰੀਜ਼ੋਨਾ ਵਿਚ ਸੜਕ ਹਾਦਸੇ ਵਿਚ ਮੌਤ ਹੋ ਗਈ। 19 ਸਾਲਾਂ ਦੇ ਨਿਵੇਸ਼ ਮੱਕਾ ਅਤੇ ਗੌਤਮ ਕੁਮਾਰ ਪਾਰਸੀ ਦੀ ਕਾਰ ਇੱਕ ਹੋਰ ਕਾਰ ਨਾਲ ਸਿੱਧੀ ਟਕਰਾਅ ਗਈ। ਨਿਵੇਸ਼ ਕਰੀਮਨਗਰ ਜ਼ਿਲ੍ਹੇ ਦੇ ਹੁਜ਼ੂਰਾਬਾਦ ਕਸਬੇ ਦਾ ਰਹਿਣ ਵਾਲਾ ਸੀ, ਜਦੋਂਕਿ ਗੌਤਮ ਕੁਮਾਰ ਜਨਗਾਂਵ ਜ਼ਿਲ੍ਹੇ ਦੇ ਘਨਪੁਰ ਦਾ ਵਾਸੀ ਸੀ। ਦੋਵੇਂ ਐਰੀਜ਼ੋਨਾ ਸਟੇਟ ਯੂਨੀਵਰਸਿਟੀ 'ਚ ਕੰਪਿਊਟਰ ਸਾਇੰਸ ਇੰਜਨੀਅਰਿੰਗ ਦੀ ਪੜ੍ਹਾਈ ਕਰ ਰਹੇ ਸਨ। ਦੋਵੇਂ ਯੂਨੀਵਰਸਿਟੀ ਤੋਂ ਆਪਣੇ ਦੋਸਤਾਂ ਨਾਲ ਘਰ ਪਰਤ ਰਹੇ ਸਨ। ਨਿਵੇਸ਼ ਅਤੇ ਗੌਤਮ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਦੋਵੇਂ ਕਾਰਾਂ ਦੇ ਡਰਾਈਵਰ ਜ਼ਖਮੀ ਹੋ ਗਏ। ਨਿਵੇਸ਼ ਡਾਕਟਰ ਜੋੜੇ ਨਵੀਨ ਅਤੇ ਸਵਾਤੀ ਦਾ ਪੁੱਤਰ ਸੀ। ਦੋਵਾਂ ਵਿਦਿਆਰਥੀਆਂ ਦੇ ਪਰਿਵਾਰ ਵਾਲਿਆਂ ਨੇ ਭਾਰਤ ਸਰਕਾਰ ਤੋਂ ਲਾਸ਼ਾਂ ਨੂੰ ਦੇਸ਼ ਲਈ ਮਦਦ ਦੀ ਅਪੀਲ ਕੀਤੀ ਹੈ।

# ਸੀ.ਏ.ਏ. ਵਿਚਲੀਆਂ ਵਿਵਸਥਾਵਾਂ ਭਾਰਤੀ ਸੰਵਿਧਾਨ ਦੀਆਂ ਕੁੱਝ ਧਾਰਾਵਾਂ ਦੀ ਉਲੰਘਣਾ ਕਰ ਕਰਦੀਆਂ ਹਨ -ਅਮਰੀਕੀ ਰਿਪੋਰਟ

**ਐਰੀਜ਼ੋਨਾ ਸਾਂਝੀ ਸੋਚ ਬਿਊਰੋ**

ਅਮਰੀਕੀ ਸੰਸਦ ਦੀ ਸੁਤੰਤਰ ਖੋਜ ਇਕਾਈ ਵਲੋਂ ਜਾਰੀ ਕੀਤੀ ਰਿਪੋਰਟ ਵਿਚ ਦਾਅਵਾ ਕੀਤਾ ਗਿਆ ਹੈ ਕਿ ਭਾਰਤ ਵਿਚ ਇਸ ਸਾਲ ਲਾਗੂ ਕੀਤੇ ਨਾਗਰਿਕਤਾ ਸੋਧ ਕਾਨੂੰਨ (ਸੀ.ਏ.ਏ.) ਵਿਚਲੀਆਂ ਵਿਵਸਥਾਵਾਂ ਭਾਰਤੀ ਸੰਵਿਧਾਨ ਦੀਆਂ ਕੁਝ ਧਾਰਾਵਾਂ ਦੀ ਉਲੰਘਣਾ ਕਰ ਸਕਦੀਆਂ ਹਨ। ਸੀ.ਏ.ਏ. ਨੂੰ ਇਸ ਸਾਲ ਮਾਰਚ ਵਿਚ ਭਾਰਤ ਦੇ ਨਾਗਰਿਕਤਾ ਕਾਨੂੰਨ 1955 ਵਿਚ ਸੋਧ ਕਰਕੇ ਲਾਗੂ ਕੀਤਾ ਗਿਆ। ਕਾਂਗਰੇਸ਼ਨਲ ਰਿਸਰਚ ਸਰਵਿਸ (ਸੀ.ਆਰ.ਐੱਸ.) ਦੀ 'ਇਨ ਫੋਕਸ' ਰਿਪੋਰਟ ਵਿਚ ਦਾਅਵਾ ਕੀਤਾ ਗਿਆ ਹੈ ਕਿ ਸੀ.ਏ.ਏ. ਦੀਆਂ ਮੁੱਖ




ਵਿਵਸਥਾਵਾਂ ਭਾਰਤੀ ਸੰਵਿਧਾਨ ਦੀਆਂ ਕੁਝ ਧਾਰਾਵਾਂ ਦੀ ਉਲੰਘਣਾ ਕਰ ਸਕਦੀਆਂ ਹਨ।

Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511

GINNY BEDI LAW PC
Immigration
Divorce
Custody and Support issues
Business Disputes
Living Trusts
Criminal Matters
Misdemeanors
DUI
Ginny Bedi Attorney
ਤੁਸੀਂ ਸਾਡੇ ਨਾਲ ਪੰਜਾਬੀ ਵਿੱਚ ਗੱਲਬਾਤ ਕਰ ਸਕਦੇ ਹੋ।
255 N Market St Ste 150 San Jose CA 95110
Tel: (408) 800-0242 Fax: (408) 800-0240, Mobile: (408) 802-2501
Email: ginny@ginnybedilaw.com Web: www.ginnybedilaw.com

Serving Punjabi Mother Tongue In America For The Last 12 Years
DAILY SANJHI SOCH NEWSPAPER
LAUNCHING SOON IN Canada
ਖ਼ਬਰਾਂ, ਆਰਟੀਕਲ, ਕਵਿਤਾਵਾਂ, ਕਹਾਣੀਆਂ ਅਤੇ ਹੋਰ ਛਪਣਯੋਗ ਸਮੱਗਰੀ
LAUNCHING SOON
info@sanjhisoch.com ਤੇ ਭੇਜੋ
+1 (209) 303-1260 +91 81463-20009

Law Offices of Ashwani K.Bhakhri
1299 Bayshore Hwy Suite 208 Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality Wedding Videos Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com

RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor ®
CalDRE # 02115235
ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।
Contact : Cell (209) 550-1704
220 - A Standiford Ave, Modesto, CA 95350, kkaur@mycvre.com
EACH OFFICE IS INDEPENDENTLY OWNED AND OPERATED

Space availabe for Ad
Contact #
+1 (209) 303-1260

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Simranveer Singh
Realtor
The JRP Group
Ph: (414) 551-0530
DRE #02114137

PAL FILMS & PHOTO BOOKS
WWW.PALFILMS.COM
All Your Photo/Videography & Post Production needs Under One Roof
Music Video | Pre Shoots | Weddings | Birthdays | Graduations Stage Shows Or Any Kind Of Events | Customize Photobooks (upto 6 feet) Video Editing VFX/DI/CC & Much More....
Full Photo & Videography studio with Green Screen Blue Screen
PH: (925) 489 3400, (341) 356 1517
4007 Railroad Ave Pittsburgh, CA 94565 | Email: palfilms@yahoo.com, palfilms925@gmail.com

# JRP REALTY GROUP

A TRADITION OF REAL ESTATE EXCELLENCE

**SERVING CALIFORNIA FOR COMMERCIAL REAL ESTATE NEEDS**





Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS

**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.





**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

# LENDINGASSETS

Elevating Your Mortgage Experience

## Home Loan ਘਰਾਂ ਦੇ ਲੋਨ

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**

EQUAL HOUSING OPPORTUNITY



**Apply online at www.lendingassets.com and check out the live lowest rates on our website**



# NAV INDIAN MERCHANDISE GROCERY STORE

## 3230 MITCHELL ROAD, STE, C, CERES, CA 95307





ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੋਸਰੀ ਦੀ।





ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ

**ਇੱਕ ਵਾਰ Visit ਜ਼ਰੂਰ ਕਰੋ।**





Ria MONEY TRANSFER

**INDIA**
**ਪੈਸੇ ਭੇਜਣ ਲਈ**
**RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ**

**Contact Number**

# +1 (209) 537-5702

ਸਾਂਝੀ ਸੋਚ
SANJHI SOCH

www.sanjhisoch.com
PATTRON: HARJIT BASI
MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH
DAILY NEWSPAPER
2601 Oakdale Road,
Suite H2-167 Modesto,
CA 95355 USA
Cell: (209) 303-1260
Email: info@sanjhisoch.com
Visit at: www.sanjhisoch.com

# ਦਲ ਬਦਲੂ ਅਤੇ ਦਲ ਬਦਲ ਵਿਰੋਧੀ ਕਾਨੂੰਨ



ਗੁਰਮੀਤ ਸਿੰਘ ਪਲਾਹੀ
98158-02070

ਦੇਸ਼ ਵਿੱਚ ਦਲ ਬਦਲਣ ਦੀ ਖੇਡ 60 ਸਾਲ ਪੁਰਾਣੀ ਹੈ। ਅਸਲ ਵਿੱਚ ਦਲ ਬਦਲ 'ਸਿਆਸੀ ਦਿਲ' ਬਦਲਣ ਦੀ ਨਿਵੇਕਲੀ ਖੇਡ ਹੈ। ਇਹ ਕਦੇ ਇੱਕ ਪਾਰਟੀ ਵਿੱਚ ਆਦਰ-ਮਾਣ-ਸਨਮਾਣ ਨਾ ਮਿਲਣ ਤੋਂ ਨਿਰਾਸ਼ ਹੋਣ ਉਤੇ ਹੁੰਦਾ ਹੈ ਅਤੇ ਕਦੇ "ਮਨ ਦੀ ਅਵਾਜ਼" ਸੁਣਣ 'ਤੇ। ਤਾਕਤ ਦੀ ਹਵਾ ਜਿਸ ਪਾਸੇ ਵੱਲ ਵੱਗਦੀ ਹੈ, ਦਲ ਬਦਲ ਵੀ ਉਸ ਪਾਰਟੀ ਵੱਲ ਵੱਧ ਹੁੰਦਾ ਹੈ। ਭਾਰਤ ਵਿੱਚ ਇਹ ਕਿਸੇ ਵੇਲੇ ਕਾਂਗਰਸ ਵੱਲ ਵੱਧ ਹੁੰਦਾ ਸੀ, ਹੁਣ ਭਾਜਪਾ ਵੱਲ ਜਿਆਦਾ ਹੈ।

ਦੇਸ਼ ਦੇ ਚੋਣ ਮਹਾਂਕੁੰਭ ਦਾ ਦ੍ਰਿਸ਼ ਇਸ ਵਰ੍ਹੇ ਨਿਰਾਲਾ ਹੈ। ਥੋਕ ਦੇ ਭਾਅ ਹੋ ਰਿਹਾ ਦਲ ਬਦਲ ਲੋਕਾਂ ਨੂੰ ਹੈਰਾਨ-ਪ੍ਰੇਸ਼ਾਨ ਕਰ ਰਿਹਾ ਹੈ। ਇਕ ਵਿਸ਼ਲੇਸ਼ਣ ਅਨੁਸਾਰ ਸਾਲ 2024 ਦੀਆਂ ਚੋਣਾਂ 'ਚ ਭਾਜਪਾ ਦਾ ਹਰ ਚੌਥਾ ਉਮੀਦਵਾਰ ਦਲ ਬਦਲੂ ਹੈ। ਭਾਜਪਾ ਹੁਣ ਤੱਕ 417 ਉਮੀਦਵਾਰ ਐਲਾਨ ਚੁੱਕੀ ਹੈ। ਇਹਨਾ ਵਿਚੋਂ 116 (28 ਫੀਸਦੀ )ਉਹ ਉਮੀਦਵਾਰ ਹਨ, ਜੋ ਸਿਆਸੀ ਧਿਰ ਬਦਲ ਕੇ ਭਾਜਪਾ ਵੱਲ ਆਏ ਹਨ। ਇਹਨਾ 116 ਵਿਚੋਂ 37 ਕਾਂਗਰਸ ਵਿਚੋਂ ਆਏ ਹਨ।

ਇਸੇ ਤਰ੍ਹਾਂ 2016 ਤੋਂ 2020 ਦੇ ਦੌਰਾਨ ਐਮ.ਪੀ. ਅਤੇ ਐਮ ਐਲ ਏ ਵਿਚੋਂ ਸਿਆਸੀ ਧਿਰਾਂ ਬਦਲਣ ਦੀ ਰਿਪੋਰਟ ਸਾਹਮਣੇ ਆਈ ਸੀ ਜਿਸ ਅਨੁਸਾਰ 405 ਵਿਧਾਇਕਾਂ ਅਤੇ 16 ਪਾਰਲੀਮੈਂਟ ਦੇ ਮੈਂਬਰਾਂ ਨੇ ਪਾਰਟੀ ਬਦਲੀ ਸੀ। ਦਲ ਬਦਲ ਕਰਨ ਵਾਲੇ 182 ਵਿਧਾਇਕ ਅਤੇ 10 ਐਮ.ਪੀ, ਭਾਜਪਾ 'ਚ ਸ਼ਾਮਲ ਹੋਏ।

ਜਦੋਂ ਕਦੇ ਕਾਂਗਰਸ ਦਾ ਸੂਰਜ ਚਮਕਦਾ ਸੀ, ਉਸ ਵੇਲੇ ਕਾਂਗਰਸ ਨੂੰ ਇਸ ਦਾ ਫਾਇਦਾ ਹੋਇਆ। ਸਾਲ 1957 ਤੋਂ 1967 ਦਰਮਿਆਨ 419 ਵਿਧਾਇਕ ਕਾਂਗਰਸ ਵਿੱਚ ਸ਼ਾਮਲ ਹੋਏ ਸਨ।

ਦਲ ਬਦਲ ਦੇ ਰੌਚਕ ਕਿੱਸਿਆਂ ਦਾ ਵਰਨਣ ਕਰਨਾ ਬਹੁਤ ਹੀ ਜ਼ਰੂਰੀ ਹੈ। ਮਹਾਂਰਾਸ਼ਟਰ ਵਿੱਚ 7 ਮਾਰਚ 1978 ਨੂੰ ਬਸੰਤ ਦਾਦਾ ਪਾਟਿਲ ਦੀ ਅਗਵਾਈ 'ਚ ਸਰਕਾਰ ਸੱਤਾ ਵਿੱਚ ਆਈ। 18 ਜੁਲਾਈ 1978 ਨੂੰ ਸ਼ਰਦ ਪਵਾਰ (ਦੇਸ਼ ਦੇ ਪ੍ਰਸਿੱਧ ਸਿਆਸੀ ਨੇਤਾ) ਦੁਪਿਹਰ ਵੇਲੇ ਵਿਧਾਨ ਸਭਾ 'ਚ ਪਾਟਿਲ ਸਰਕਾਰ ਦੇ ਹੱਕ 'ਚ ਕਸੀਦੇ ਪੜ੍ਹਦੇ ਨਜ਼ਰ ਆਏ, ਪਰੰਤੂ ਸ਼ਾਮ ਹੁੰਦਿਆਂ ਹੀ ਉਹ ਰਾਜ ਭਵਨ ਪੁੱਜੇ ਅਤੇ ਉਥੇ ਜਾਕੇ ਬਗਾਵਤ ਦੀ ਚਿੱਠੀ ਗਵਰਨਰ ਨੂੰ ਪੇਸ਼ ਕੀਤੀ ਅਤੇ ਫਿਰ ਖੁਦ ਮੁੱਖ ਮੰਤਰੀ ਬਣ ਗਏ। ਹਰਿਆਣਾ ਵਿੱਚ ਭਜਨ ਲਾਲ ਨੇ ਸਿਆਸਤ ਕਾਂਗਰਸੀ ਵਜੋਂ ਸ਼ੁਰੂ ਕੀਤੀ, ਪ੍ਰੰਤੂ 1977 ਵਿੱਚ ਜਨਤਾ ਪਾਰਟੀ 'ਚ ਸ਼ਾਮਲ ਹੋ ਗਏ। ਹਰਿਆਣਾ ਦੀ ਦੇਵੀ ਲਾਲ ਸਰਕਾਰ ਵਿੱਚ ਉਹ ਮੰਤਰੀ ਬਣ ਗਏ। ਸਾਲ 1980 ਵਿੱਚ ਇੰਦਰਾ ਗਾਂਧੀ ਦੀ ਕੇਂਦਰ 'ਚ ਸੱਤਾ ਵਾਪਿਸੀ ਸਮੇਂ ਉਹ ਪੂਰੇ ਮੰਤਰੀ ਮੰਡਲ ਸਮੇਤ ਕਾਂਗਰਸ ਵਿੱਚ ਸ਼ਾਮਲ ਹੋ ਗਏ। (ਕੀ ਇਹ ਹਿਰਦੇ ਪ੍ਰੀਵਰਤਨ ਸੀ ਜਾਂ ਗੱਦੀ ਦੀ ਭੁੱਖ?)

ਦਲ ਬਦਲ ਕਰਨ ਵਾਲਿਆਂ ਲਈ ਅਕਸਰ "ਆਇਆ ਰਾਮ, ਗਿਆ ਰਾਮ" ਸ਼ਬਦਾਵਲੀ ਦੀ ਵਰਤੋਂ ਕੀਤੀ ਜਾਂਦੀ ਹੈ। ਅਸਲ 'ਚ "ਗਿਆ ਰਾਮ" ਹਰਿਆਣਾ ਦੇ ਹਸਨਪੁਰ ਵਿਧਾਨ ਸਭਾ ਖੇਤਰ (ਹੁਣ ਹੋਡਲ) ਵਿੱਚ ਐਮ.ਐਲ.ਏ. ਸਨ, ਉਹਨਾ ਦੇ ਚੋਣ ਜਿੱਤਣ ਤੋਂ ਬਾਅਦ 15 ਦਿਨਾਂ 'ਚ ਚਾਰ ਵੇਰ ਆਪਣਾ ਦਲ ਬਦਲਿਆ। 1967 ਵਿੱਚ ਪਹਿਲੀ ਵੇਰ ਹਰਿਆਣਾ ਵਿਧਾਨ ਸਭਾ ਚੋਣਾਂ ਹੋਈਆਂ। ਇਸ ਵਿੱਚ 16 ਆਜ਼ਾਦ ਐਮ.ਐਲ.ਏ ਚੁਣੇ ਗਏ, ਇਹਨਾ ਵਿੱਚ ਗਿਆ ਰਾਮ ਇੱਕ ਸੀ। ਉਹ ਕਾਂਗਰਸ ਤੋਂ ਟਿਕਟ ਨਾ ਮਿਲਣ ਕਾਰਨ ਬਾਗੀ ਹੋ ਗਿਆ ਸੀ। ਪਰ ਫਿਰ ਚੋਣ ਜਿੱਤਕੇ ਕਾਂਗਰਸ 'ਚ ਸ਼ਾਮਲ ਹੋ ਗਿਆ। ਜਦ ਕਾਂਗਰਸ ਨੇ 48 ਸੀਟਾਂ ਲੈ ਕੇ ਵਜਾਰਤ ਬਣਾਈ, ਪਰ ਇਹ ਵਜਾਰਤ 10 ਦਿਨਾਂ ਬਾਅਦ ਹੀ ਡਿੱਗ ਪਈ। ਗਿਆ ਰਾਮ ਨੇ 12 ਵਿਧਾਇਕਾਂ ਨਾਲ ਰਲ ਕੇ ਪਾਰਟੀ ਛੱਡ ਦਿੱਤੀ ਅਤੇ ਯੁਨਾਈਟਿਡ ਫਰੰਟ 'ਚ ਸ਼ਾਮਲ ਹੋ ਗਏ। ਫਿਰ ਕੁਝ ਘੰਟਿਆਂ 'ਚ ਹੀ ਗਿਆ ਰਾਮ ਦਾ ਮਨ ਬਦਲ ਗਿਆ ਤੇ ਉਹ ਕਾਂਗਰਸ ਵਿੱਚ ਆ ਗਏ। ਪਰ ਕਾਂਗਰਸ ਵਿੱਚ ਉਹ ਸਿਰਫ਼ 9 ਘੰਟੇ ਟਿਕੇ ਅਤੇ ਕਾਂਗਰਸ ਛੱਡਕੇ ਮੁੜ ਯੁਨਾਈਟਿਡ ਫਰੰਟ 'ਚ ਚਲੇ ਗਏ।

ਕਮਾਲ ਦੀ ਗੱਲ ਤਾਂ ਇਹ ਕਿ ਉਹਨਾ ਨੇ ਇੱਕ ਦਿਨ ਵਿੱਚ ਤਿੰਨ ਵੇਰ ਦਲ ਬਦਲਣ ਦਾ ਤਮਾਸ਼ਾ ਕੀਤਾ। ਕੁਝ ਦਿਨਾਂ ਬਾਅਦ ਫਿਰ ਉਹ ਕਾਂਗਰਸ ਵਿੱਚ ਸ਼ਾਮਲ ਹੋ ਗਏ। ਕਾਂਗਰਸ ਵਾਪਿਸੀ ਤੋਂ ਬਾਅਦ ਮੌਕੇ ਦੇ ਪ੍ਰਭਾਵਸ਼ਾਲੀ ਨੇਤਾ ਰਾਓ ਬਰੇਂਦਰ ਸਿੰਘ ਨੇ ਉਹਨਾ ਨੂੰ ਪ੍ਰੈੱਸ ਕਾਨਫਰੰਸ 'ਚ ਪੇਸ਼ ਕੀਤਾ ਤੇ ਕਿਹਾ "ਗਿਆ ਰਾਮ ਹੁਣ ਆਇਆ ਰਾਮ ਹੈ" ਇਸ ਤੋਂ ਬਾਅਦ ਭਾਰਤੀ ਸਿਆਸਤ ਵਿੱਚ ਦਲ ਬਦਲੂਆਂ ਦੇ ਲਈ "ਆਇਆ ਰਾਮ ਗਿਆ ਰਾਮ" ਦਾ ਮੁਹਾਵਰਾ ਬਣ ਗਿਆ।

ਸਾਲ 2014 ਤੋਂ ਹੁਣ ਤੱਕ ਕਾਂਗਰਸ ਦੇ 50 ਤੋਂ ਵੀ ਜ਼ਿਆਦਾ ਪ੍ਰਭਾਵਸ਼ਾਲੀ ਨੇਤਾ ਜਿਹਨਾ ਵਿੱਚ 15 ਮੁੱਖ ਮੰਤਰੀ, ਇੰਨੇ ਹੀ ਕੇਂਦਰੀ ਮੰਤਰੀ ਅਤੇ ਆਲ ਇੰਡੀਆ ਕਾਂਗਰਸ ਕਮੇਟੀ ਦੇ ਮੈਂਬਰ ਜਾਂ ਅਹੁਦੇਦਾਰ, ਜਾਂ ਤਾਂ ਕਿਸੇ ਹੋਰ ਪਾਰਟੀ ਵਿੱਚ ਜਾ ਚੁੱਕੇ ਹਨ ਜਾਂ ਨਵੀਂ ਪਾਰਟੀ ਬਣਾ ਚੁੱਕੇ ਹਨ। ਇਹਨਾ ਵਿੱਚ ਐਸ.ਐਮ. ਕ੍ਰਿਸ਼ਨਨ, ਗੁਲਾਮ ਨਬੀ ਆਜ਼ਾਦ, ਕੈਪਟਨ ਅਮਰਿੰਦਰ ਸਿੰਘ, ਨਰਾਇਣ ਦੱਤ ਤਿਵਾੜੀ(ਸਵ:) ਅਸ਼ੋਕ ਚੌਹਾਨ, ਪੇਮਾ ਖਾਡੂੰ, ਕਿਰਣ ਰੈਡੀ, ਵਿਜੈ ਬਹੁਗੁਣਾ, ਦਿਗੰਬਰ ਕਾਮਤ, ਰਵੀ ਨਾਇਕ, ਨਰਾਇਣ ਰਾਏ, ਮੁਕਲ ਸੰਗਮਾ ਸ਼ਾਮਲ ਹਨ। ਇਹਨਾ ਵਿੱਚੋਂ ਗੁਲਾਮ ਨਬੀ ਆਜ਼ਾਦ ਨੇ ਕਾਂਗਰਸ ਤੋਂ ਅਸਤੀਫ਼ਾ ਦਿੱਤਾ ਅਤੇ ਫਿਰ ਨਵੀਂ ਪਾਰਟੀ "ਡੈਮੋਕਰੇਟਿਕ ਪ੍ਰੋਗਰੈਸਿਵ ਆਜ਼ਾਦ ਪਾਰਟੀ ਦਾ ਗਠਨ ਕੀਤਾ। ਪੰਜਾਬ ਵਿੱਚ ਕੈਪਟਨ ਅਮਰਿੰਦਰ ਸਿੰਘ ਦਾ ਪੂਰਾ ਪਰਿਵਾਰ, ਪਿਛਲੇ ਸੌ ਸਾਲ ਤੋਂ ਕਾਂਗਰਸ ਨਾਲ ਜੁੜਿਆ ਕਾਂਗਰਸੀ ਨੇਤਾ ਗੁਰਬੰਤਾ ਸਿੰਘ ਦਾ ਚੌਧਰੀ ਪਰਿਵਾਰ, ਧੁਰੰਤਰ ਕਾਂਗਰਸੀ ਨੇਤਾ ਬਲਰਾਮ ਜਾਖੜ ਦਾ ਪੁੱਤਰ ਸੁਨੀਲ ਜਾਖੜ, (ਜੋ ਸੂਬਾ ਕਾਂਗਰਸ ਦਾ ਪ੍ਰਧਾਨ ਰਿਹਾ) ਅਨੇਕਾਂ ਮੈਂਬਰ ਪਾਰਲੀਮੈਂਟ ਸਮੇਤ ਪੰਜਾਬ ਦੇ ਧੱਕੜ ਕਾਂਗਰਸੀ ਨੇਤਾ ਬੇਅੰਤ ਸਿੰਘ ਤਤਕਾਲੀ ਮੁੱਖ ਮੰਤਰੀ ਦਾ ਪੋਤਾ ਰਵਨੀਤ ਬਿੱਟੂ ਵੀ ਇਸ ਲਿਸਟ ਵਿੱਚ ਸ਼ਾਮਲ ਹਨ।

ਦੇਸ਼ ਦੇ ਹੋਰ ਸੂਬਿਆਂ ਨਾਲੋਂ ਵੱਧ ਹਰਿਆਣਾ ਦਲ ਬਦਲੂਆਂ ਦਾ ਕੇਂਦਰ ਰਿਹਾ ਹੈ। ਸਾਲ 1967 ਤੋਂ 1983 ਦੇ ਵਿਚਕਾਰ ਸੂਬੇ ਵਿੱਚ 2700 ਤੋਂ ਵੀ ਜ਼ਿਆਦਾ ਵੇਰ ਦਲ ਬਦਲ ਹੋਇਆ। ਅਨੇਕਾਂ ਦਲ ਬਦਲੂ ਮੁੱਖ ਮੰਤਰੀ ਦੀ ਕੁਰਸੀ ਤੱਕ ਪਹੁੰਚੇ।

ਹਰਿਆਣਾ ਵਿੱਚ ਇੰਨੇ ਵੱਡੇ ਪੈਮਾਨੇ ਤੇ ਦਲ ਬਦਲ ਨੇ ਇਸ ਸਬੰਧ ਵਿੱਚ ਕਿਸੇ ਕਾਨੂੰਨ ਦੀ ਲੋੜ ਮਹਿਸੂਸ ਕੀਤੀ ਅਤੇ ਅਖ਼ੀਰ ਕਾਫ਼ੀ ਕੋਸ਼ਿਸ਼ਾਂ ਬਾਅਦ ਸਾਲ 1985 ਵਿੱਚ 52 ਵੀਂ ਸੰਵਾਧਾਨਿਕ ਸੋਧ ਨਾਲ ਦਲ ਬਦਲੀ ਕਾਨੂੰਨ ਲਾਗੂ ਹੋ ਗਿਆ। ਉਸ ਵੇਲੇ ਦੇਸ਼ ਦੇ ਪ੍ਰਧਾਨ ਮੰਤਰੀ ਰਾਜੀਵ ਗਾਂਧੀ (ਸਪੁੱਤਰ ਇੰਦਰਾ ਗਾਂਧੀ) ਸਨ, ਜੋ 400 ਪਾਰਲੀਮੈਂਟਾਂ ਸੀਟਾਂ ਜਿੱਤ ਗਏ ਹਨ। ਇਸ ਗੱਲ ਦਾ ਖ਼ਦਸ਼ਾ ਪਾਲੀ ਬੈਠੇ ਸਨ ਕਿ ਉਹਨਾ ਦੀ ਪਾਰਟੀ 'ਚ ਭੰਨ-ਤੋੜ ਨਾ ਹੋ ਜਾਏ। ਇਸੇ ਕਰਕੇ ਉਹਨਾ ਨੇ ਦਲ ਬਦਲ ਰੋਕੂ ਕਾਨੂੰਨ ਬਣਾਉਣ ਲਈ ਤੇਜੀ ਵਰਤੀ।

1985 ਦੇ ਇਸ ਕਾਨੂੰਨ ਵਿੱਚ ਪ੍ਰਾਵਾਧਾਨ ਕੀਤਾ ਗਿਆ ਕਿ ਜੇਕਰ ਕੋਈ ਐਮ.ਐਲ.ਏ., ਐਮ.ਪੀ., ਆਪਣੀ ਪਾਰਟੀ ਛੱਡਕੇ ਕਿਸੇ ਹੋਰ ਪਾਰਟੀ 'ਚ ਸ਼ਾਮਲ ਹੁੰਦਾ ਹੈ ਤਾਂ ਉਸਦੀ ਸਦਨ ਵਿੱਚ ਮੈਂਬਰੀ ਖ਼ਤਮ ਹੋ ਜਾਏਗੀ। ਪਰ ਜੇਕਰ ਉਸ ਪਾਰਟੀ ਦੇ ਇੱਕ ਤਿਹਾਈ ਮੈਂਬਰ ਵੱਖਰਾ ਗੁੱਟ ਬਣਾਕੇ ਪਾਰਟੀ ਛੱਡਦੇ ਹਨ ਤਾਂ ਇਹ ਕਾਨੂੰਨ ਲਾਗੂ ਨਹੀਂ ਹੋਏਗਾ। ਸਾਲ 2003 ਵਿੱਚ ਇਸ ਕਾਨੂੰਨ 'ਚ ਸੋਧ ਕਰ ਦਿੱਤੀ ਗਈ, ਜਿਸ ਅਨੁਸਾਰ ਇਹ ਗਿਣਤੀ ਦੋ ਤਿਹਾਈ ਕਰ ਦਿੱਤੀ ਗਈ। ਜਿਸ ਨਾਲ ਇਸ ਕਾਨੂੰਨ ਦੀ ਪ੍ਰਸੰਗਕਿਤਾ ਬਹੁਤ ਘੱਟ ਗਈ ਹੈ। ਹੁਣ ਨੇਤਾ, ਸਦਨ ਵਿਚੋਂ ਆਪਣੀ ਮੈਂਬਰੀ ਤੋਂ ਅਸਤੀਫ਼ਾ ਦੇ ਦਿੰਦੇ ਹਨ, ਦੂਜੀ ਪਾਰਟੀ ਵਿੱਚ ਨਹੀਂ ਜਾਂਦੇ, ਸਗੋਂ ਸਾਂਝੇ ਤੌਰ 'ਤੇ ਅਸਤੀਫ਼ਾ ਦੇਕੇ ਉਸ ਪਾਰਟੀ ਦਾ ਸਦਨ ਵਿੱਚੋਂ ਬਹੁਮਤ ਨੂੰ ਖ਼ਤਮ ਕਰ ਦਿੰਦੇ ਹਨ। ਸਾਲ 2018 'ਚ ਮੱਧ ਪ੍ਰਦੇਸ਼ ਵਿੱਚ ਵੀ ਇੰਜ ਹੀ ਵਾਪਰਿਆ। 2018 ਵਿੱਚ ਮੱਧ ਪ੍ਰਦੇਸ਼ ਦੇਸ਼ 'ਚ ਕਮਲ ਨਾਥ ਨੇ 114 ਸੀਟਾਂ ਜਿੱਤਕੇ ਸਰਕਾਰ ਬਣਾਈ। ਭਾਜਪਾ ਨੂੰ 109 ਸੀਟਾਂ ਮਿਲੀਆਂ। ਕਾਂਗਰਸ ਦੇ 22 ਵਿਧਾਇਕਾਂ ਨੇ ਅਸਤੀਫ਼ਾ ਦੇ ਦਿੱਤਾ।

ਕਾਂਗਰਸ ਵਜ਼ਾਰਤ ਘੱਟ ਗਿਣਤੀ 'ਚ ਰਹਿ ਗਈ। ਭਾਜਪਾ ਦੀਆਂ ਸੀਟਾਂ ਕਾਂਗਰਸ ਨਾਲੋਂ ਵਧ ਗਈਆਂ। ਭਾਜਪਾ ਦੇ ਸ਼ਿਵਰਾਜ ਸਿੰਘ ਚੌਹਾਨ ਨੂੰ ਸਰਕਾਰ ਬਨਾਉਣ ਦਾ ਮੌਕਾ ਮਿਲ ਗਿਆ। ਫਿਰ ਅਸਤੀਫਾ ਦੇ ਚੁੱਕੇ 22 ਕਾਂਗਰਸੀ ਵਿਧਾਇਕਾਂ ਨੇ ਭਾਜਪਾ ਵਲੋਂ ਚੋਣ ਲੜੀ ਤੇ ਮੁੜ ਭਾਜਪਾ ਦੇ ਵਿਧਾਇਕ ਵਜੋਂ ਜਿੱਤਕੇ ਸਦਨ 'ਚ ਆ ਗਏ। ਇਸੇ ਸਾਲ ਕਰਨਾਟਕ 'ਚ 224 ਮੈਂਬਰੀ ਸਦਨ ਵਿਚੋਂ ਕਾਂਗਰਸ 80, ਜਨਤਾ ਦਲ (ਸ) 37 ਅਤੇ ਭਾਜਪਾ ਨੇ 104 ਸੀਟਾਂ ਜਿੱਤੀਆਂ। ਕਾਂਗਰਸ ਤੇ ਜਨਤਾ ਦਲ (ਸ) ਦੇ ਗੱਠਜੋੜ ਨੇ ਸਰਕਾਰ ਬਣਾਈ। ਕੁਝ ਮਹੀਨਿਆਂ ਬਾਅਦ ਕਾਂਗਰਸ ਦੇ 13 ਅਤੇ ਜਨਤਾ ਦਲ ਦੇ 4 ਵਿਧਾਇਕ ਅਸਤੀਫ਼ਾ ਦੇ ਗਏ, ਵਜ਼ਾਰਤ ਟੁੱਟ ਗਈ। ਭਾਜਪਾ ਨੇ ਮੁੜ ਕੁਝ ਆਜ਼ਾਦ ਮੈਂਬਰਾਂ ਦੀ ਸਹਾਇਤਾ ਨਾਲ ਵਜ਼ਾਰਤ ਬਣਾ ਲਈ।

ਇਹ ਦਲ ਬਦਲੀ ਵਿਰੋਧੀ ਕਾਨੂੰਨੀਦੀ ਦੁਰਵਰਤੋਂ ਦੀਆਂ ਉਦਾਹਰਨਾਂ ਹਨ। ਦਲ ਬਦਲੀ ਵਿਰੋਧੀ ਕਾਨੂੰਨ ਤਾਂ ਇਸ ਕਰਕੇ ਲਿਆਂਦਾ ਗਿਆ ਸੀ ਕਿ ਭਾਰਤੀ ਲੋਕ ਤੰਤਰ ਮਜ਼ਬੂਤ ਹੋਵੇ ਤੇ ਕੁਝ ਸਵਾਰਥੀ ਲੋਕ ਲੋਕਤੰਤਰ ਦਾ ਮਜ਼ਾਕ ਨਾ ਬਣਾ ਦੇਣ ਜਿਵੇਂ ਕਿ ਹਕੂਮਤ ਪ੍ਰਾਪਤੀ ਲਈ ਇਸ ਸਮੇਂ ਵੀ ਹੋ ਰਿਹਾ ਹੈ। ਲੋਕਤੰਤਰਿਕ ਪ੍ਰਕਿਰਿਆ ਵਿੱਚ ਤਾਂ ਸਿਆਸੀ ਦਲਾਂ ਦੀ ਭੂਮਿਕਾ ਅਹਿਮ ਹੁੰਦੀ ਹੈ ਉਹ ਸਿਧਾਂਤਕ ਤੌਰ 'ਤੇ, ਸਮੂਹਿਕ ਰੂਪ ਵਿੱਚ ਲੋਕ-ਹਿੱਤ ਵਿੱਚ ਫ਼ੈਸਲੇ ਲੈ ਕੇ ਲਾਗੂ ਕਰਨ ਲਈ ਜਾਣੇ ਜਾਂਦੇ ਹਨ।

ਪਰੰਤੂ ਆਜ਼ਾਦੀ ਦੇ ਕੁਝ ਸਾਲਾਂ ਬਾਅਦ ਹੀ ਇਹ ਮਹਿਸੂਸ ਕੀਤਾ ਜਾਣ ਲੱਗਾ ਕਿ ਸਿਆਸੀ ਦਲ ਲੋਕਾਂ ਦੇ ਵੋਟਾਂ 'ਚ ਦਿੱਤੇ ਫ਼ੈਸਲੇ ਦੀ ਅਣਦੇਖੀ ਕਰਨ ਲਗ ਪਏ ਸਨ ਅਤੇ ਵਿਧਾਇਕਾਂ ਅਤੇ ਪਾਰਲੀਮੈਂਟ ਦੇ ਮੈਂਬਰਾਂ ਦੀ ਜੋੜ-ਤੋੜ ਕਰਕੇ ਸਰਕਾਰਾਂ ਡੇਗਣ ਦੇ ਰਾਹ ਪੈ ਗਏ। ਕਾਂਗਰਸ ਰਾਜ ਵੇਲੇ ਇਹ ਵਰਤਾਰਾ ਸ਼ੁਰੂ ਹੋਇਆ, ਜੋ ਕਿ ਹੁਣ ਚਰਮ ਸੀਮਾਂ 'ਤੇ ਹੈ।

ਜਨਤਾ ਦਾ, ਜਨਤਾ ਲਈ ਅਤੇ ਜਨਤਾ ਰਾਹੀਂ ਸਾਸ਼ਨ ਹੀ ਲੋਕਤੰਤਰ ਹੈ। ਲੋਕਤੰਤਰ ਵਿੱਚ ਜਨਤਾ ਹੀ ਸੱਤਾਧਾਰੀ ਹੁੰਦੀ ਹੈ, ਉਸਦੀ ਪ੍ਰਵਾਨਗੀ ਨਾਲ ਹੀ ਸਾਸ਼ਨ ਚਲਦਾ ਹੈ। ਪਰ ਪਾਰਟੀਆਂ ਵਲੋਂ ਦਲ ਬਦਲੂਆਂ ਦੀ ਮਦਦ ਨਾਲ ਇਸ ਤੱਥ ਨੂੰ ਜਿਵੇਂ ਹੁਣ ਸਮੇਟ ਹੀ ਦਿੱਤਾ ਗਿਆ ਹੈ। ਹੁਣ ਸਥਿਤੀ ਤਾਂ ਇਹ ਹੈ ਕਿ ਸਿਆਸੀ ਦਲਾਂ 'ਚ ਨੇਤਾਵਾਂ ਦਾ ਸਖ਼ਸ਼ੀ ਉਭਾਰ ਅਤੇ ਪਰਿਵਾਰਵਾਦ ਭਾਰੂ ਹੋ ਗਿਆ ਹੈ।

ਪਾਰਟੀਆਂ ਵਿੱਚ ਉਪਰਲੇ ਦੋ ਚਾਰ ਨੇਤਾ ਹੀ ਪ੍ਰਭਾਵੀ ਰਹਿੰਦੇ ਹਨ। ਸਿਆਸੀ ਦਲ ਲੋਕਤੰਤਰਿਕ ਢੰਗ ਨਾਲ ਨਹੀਂ ਚਲ ਰਹੇ। ਨਾ ਹੀ ਪਾਰਟੀਆਂ 'ਚ ਲੋਕ ਮਸਲਿਆਂ ਬਾਰੇ ਗੰਭੀਰ ਚਰਚਾ ਹੁੰਦੀ ਹੈ। ਕਹਿਣ ਨੂੰ ਤਾਂ ਦੇਸ਼ ਵਿੱਚ ਸਿਆਸੀ ਲੋਕ, ਲੋਕ ਸੇਵਾ ਦੀ ਗੱਲ ਕਰਦੇ ਹਨ ਪਰ ਇਸ ਸਮੇਂ ਉਹਨਾ ਦੇ ਨਿੱਜੀ ਹਿੱਤ ਭਾਰੂ ਪਏ ਵਿਖਾਈ ਦਿੰਦੇ ਹਨ। ਇਸ ਲਈ ਉਹਨਾ ਦਾ ਇੱਕ ਦਲ ਛੱਡਕੇ ਦੂਜੇ ਦਲ ਵਿੱਚ ਚਲੇ ਜਾਣਾ ਕੋਈ ਵੱਡੀ ਗੱਲ ਨਹੀਂ ਰਹੀ। ਦਲ ਬਦਲ ਦਾ ਮੂਲ ਕਾਰਨ ਕੇਵਲ ਸੱਤਾ ਪ੍ਰਾਪਤੀ, ਆਹੁਦੇ ਦੀ ਭੁੱਖ ਤੱਕ ਸੀਮਤ ਹੋ ਕਿ ਰਹਿ ਗਿਆ ਹੈ। ਸਿਧਾਂਤ ਜਾਂ ਨੀਤੀ ਨਾਲ ਉਹਨਾ ਦਾ ਕੋਈ ਲੈਣਾ-ਦੇਣਾ ਹੀ ਨਹੀਂ ਰਿਹਾ। ਦਲ ਬਦਲ ਨੇ ਜਿਸ ਢੰਗ ਨਾਲ ਸਿਆਸੀ ਕਦਰਾਂ-ਕੀਮਤਾਂ ਅਤੇ ਲੋਕਤੰਤਰ ਨੂੰ ਢਾਅ ਲਾਈ ਹੈ, ਉਸ ਨਾਲ ਲੋਕਾਂ ਦਾ ਸਿਆਸਤਦਾਨਾਂ 'ਚ ਵਿਸ਼ਵਾਸ਼ ਗੁਆਚ ਗਿਆ ਹੈ। ਹੁਣ ਵਾਲਾ ਦਲ ਬਦਲ ਰੋਕੂ ਕਾਨੂੰਨ ਕੀ ਹੋਰ ਵੀ ਕੋਈ ਦਲ ਬਦਲ ਰੋਕੂ ਕਾਨੂੰਨ, ਉਦੋਂ ਤੱਕ ਸਾਰਥਿਕ ਨਹੀਂ ਹੋਏਗਾ, ਜਦੋਂ ਤੱਕ ਦੇਸ਼ ਦੇ ਨੇਤਾਵਾਂ ਅਤੇ ਸਿਆਸੀ ਪਾਰਟੀਆਂ ਦੀ ਸੋਚ, ਭਾਰਤੀ ਸੰਵਿਧਾਨ ਅਨੁਸਾਰ ਕੰਮ ਕਰਨ ਲਈ ਆਪਣੀ ਵਚਨ ਬੱਧਤਾ ਨਹੀਂ ਦਰਸਾਉਂਦੀ।

Matrimonial

ਕੰਨਿਆ ਦੀ ਲੋੜ
ਅਮਰੀਕਨ ਨਾਗਰਿਕ ਸਿੱਖ ਮੁੰਡਾ ਜਨਮ 1984, 5'10" ਤਲਾਕਸ਼ੁਦਾ ਕੋਈ ਬੱਚਾ ਨਹੀਂ, ਲਈ ਅਮਰੀਕਾ ਵਿੱਚ ਪੱਕੀ ਜਾਂ ਗਰੀਨ ਕਾਰਡ ਹੋਲਡਰ ਲੜਕੀ ਦੀ ਜ਼ਰੂਰਤ ਹੈ।
ਸੰਪਰਕ- +1(510) 200-1772

Looking for a Bride for American Citizen Sikh Boy divorced from short marriage, No Kids. Born in 1984, height 5'10". Looking for American Citizen or Green Card Holder Girl.
Contact- +1(510) 200-1772


GLOBAL DEFENCE SCHOOL PATIALA
A Unique Boarding School Of Patiala
with Largest Campus
GLOBAL DEFENCE SCHOOL
AIM FOR EXCELLENCE
Choose to shine LIKE THE RISING SUN.
ADMISSIONS
SESSION 2024-25 OPEN
Nursery to 7th
CBSE PATTERN
" THE BEST CHOICE FOR YOUR KIDS"
Enroll Now
Day Cum Residential School
+91 9872601534, +91 9023433311
admission@globaldefenceschool.com
Nabha-Patiala Road, Rakhra Pincode 147201


Star India
SWEETS AND CATERING
VEG AND NON-VEG
Entrees
DESSERTS
APPETIZERS
BEVERAGES
SIDES ETC.
RENOWNED CHEFS
HIGH QUALITY INGREDIENTS
ਵਿਆਹ - ਸ਼ਾਦੀਆਂ ਜਾਂ ਪਾਰਟੀਆਂ ਲਈ 2000 ਬੰਦਿਆਂ ਦੀ ਕੇਟਰਿੰਗ ਦਾ ਵੀ ਖਾਸ ਪ੍ਰਬੰਧ
ਦੇਸੀ ਘੀ ਦੀਆਂ ਸਵਾਦਿਸ਼ਟ ਤੇ ਤਾਜ਼ੀਆਂ ਮਠਿਆਈਆਂ ਖ਼ਾਸ ਮੌਕਿਆਂ ਲਈ
ORDERS ਤੇ ਕਰਵਾਓ ਤਿਆਰ
DINE IN AND TO GO ORDERS ALSO AVAILABLE
ਹਫ਼ਤੇ ਦੇ 7 ਤੇ ਦਿਨ ਖੁੱਲਾ : 10am-9pm
PHONE NUMBER:
(209) 629-8511, (209)858-1380
CELL ( ASHOK VERMA) (209) 681-5171
Address :- 209 E Louise Ave, Lathrop, CA , 95330




# GINNY BEDI LAW PC



Ginny Bedi Attorney

- ★ Immigration
- ★ Divorce
- ★ Custody and Support issues
- ★ Business Disputes
- ★ Living Trusts
- ★ Criminal Matters
- ★ Misdemeanors
- ★ DUI

ਤੁਸੀਂ ਸਾਡੇ ਨਾਲ ਪੰਜਾਬੀ ਵਿੱਚ ਗੱਲਬਾਤ ਕਰ ਸਕਦੇ ਹੋ।

255 N Market St Ste 150 San Jose CA 95110

Tel: (408) 800-0242 Fax: (408) 800-0240, Mobile: (408) 802-2501

Email: ginny@ginnybedilaw.com Web: www.ginnybedilaw.com

# ਲੋਕ ਸਭਾ ਹੀ ਨਹੀਂ ਬਲਕਿ ਭਾਜਪਾ 2027 ਦੀਆਂ ਅਸੈਂਬਲੀ ਚੋਣਾਂ ਜਿੱਤ ਕੇ ਪੰਜਾਬ ਵਿੱਚ ਸਰਕਾਰ ਬਣਾਏਗੀ -ਤਰਨਜੀਤ ਸਿੰਘ ਸੰਧੂ

**ਅੰਮ੍ਰਿਤਸਰ**
**ਡਾ.ਰਾਜਿੰਦਰ ਰਿਖੀ**





ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਪਾਰਟੀ ਦਾ ਟੀਚਾ ਸਪਸ਼ਟ ਕਰਦਿਆਂ ਕਿਹਾ ਕਿ ਨਾ ਕੇਵਲ ਅੰਮ੍ਰਿਤਸਰ ਇਸ ਮੌਕੇ ਨੂੰ ਨਹੀਂ ਗਵਾਏਗਾ ਸਗੋਂ ਭਾਜਪਾ 2027 ਦੀਆਂ ਅਸੈਂਬਲੀ ਚੋਣਾਂ ਜਿੱਤ ਕੇ ਪੰਜਾਬ ਵਿੱਚ ਸਰਕਾਰ ਬਣਾਏਗੀ। ਤਰਨਜੀਤ ਸਿੰਘ ਸੰਧੂ ਅੱਜ ਆਗਾਮੀ ਕਾਰਪੋਰੇਸ਼ਨ ਚੋਣਾਂ ਲੜਨ ਤੇ ਚਾਹਵਾਨਾਂ ਇੱਕ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ। ਉਹਨਾਂ ਲੋਕ ਸਭਾ ਚੋਣਾਂ ਦੀ ਤਿਆਰੀ ਦਾ ਜਾਇਜ਼ਾ ਲਿਆ ਅਤੇ ਚੋਣ ਰਣਨੀਤੀ 'ਤੇ ਡੂੰਘੀ ਵਿਚਾਰ ਚਰਚਾ ਕੀਤੀ। ਉਹਨਾਂ ਨੇ ਕਾਰਪੋਰੇਸ਼ਨ ਚੋਣਾਂ ਲੜਨ ਦੇ ਚਾਹਵਾਨਾਂ ਨੂੰ ਕਿਹਾ ਕਿ ਇਹ ਉਹਨਾਂ ਲਈ ਇੱਕ ਇਮਤਿਹਾਨ ਦੀ ਘੜੀ ਹੈ ਜੋ ਵੀ ਲੋਕ ਇਸ ਚੋਣ ਵਿੱਚ ਆਪਣੇ ਬੂਥ ਵਿੱਚ ਚੰਗੀ ਕਾਰਗੁਜ਼ਾਰੀ ਦਿਖਾਏਗੀ ਉਹਨਾਂ ਦਾ ਸਨਮਾਨ ਪਾਰਟੀ ਕਰੇਗੀ। ਉਹਨਾਂ ਪਾਰਟੀ ਵਰਕਰਾਂ ਨੂੰ ਡੋਰ ਟੂ ਡੋਰ ਜਾਂ ਘਰ ਘਰ ਜਾ ਕੇ ਲੋਕਾਂ ਨਾਲ ਸੰਪਰਕ ਸਾਧਨ ਅਤੇ ਲੋਕਾਂ ਦੀਆਂ ਮੁਸ਼ਕਲਾਂ ਨੂੰ ਸੁਣਨ ਅਤੇ ਸਮਾਧਾਨ ਕਰਨ ਲਈ ਕਿਹਾ। ਉਹਨਾਂ ਕਿਹਾ ਕਿ ਪਾਰਟੀ ਦਾ ਚੋਣ ਮੈਨੀਫੈਸਟੋ ਹਰੇਕ ਵਰਗ ਲਈ ਆਸ ਉਮੀਦ ਹੈ। ਉਹਨਾਂ ਚੋਣ ਪ੍ਰਚਾਰ ਲਈ ਮੀਡੀਆ ਅਤੇ ਸੋਸ਼ਲ ਮੀਡੀਆ ਦੀ ਵੀ ਵਰਤੋਂ ਕਰਨ ਲਈ ਕਿਹਾ। ਉਹਨਾਂ ਵਰਕਰਾਂ ਨੂੰ ਇਕ ਜੂਨ ਨੂੰ ਵੱਧ ਤੋਂ ਵੱਧ ਪੋਲਿੰਗ ਕਰਾਉਣ ਵੱਲ ਵਿਸ਼ੇਸ਼ ਧਿਆਨ ਦੇਣ ਲਈ ਕਿਹਾ ਅਤੇ ਚੋਣ ਪ੍ਰਚਾਰ ਵਿੱਚ ਪਰਿਵਾਰ ਰਿਸ਼ਤੇਦਾਰਾਂ ਅਤੇ ਗੁਆਂਢੀਆਂ ਤੋਂ ਇਲਾਵਾ ਮੁਹੱਲੇ ਨੂੰ ਵੀ ਸ਼ਾਮਿਲ ਕਰਨ ਦੀ ਜ਼ਰੂਰਤ ਤੇ ਜ਼ੋਰ ਦਿੱਤਾ। ਉਹਨਾਂ ਕਿਹਾ ਕਿ ਕੇਂਦਰ ਵਿੱਚ ਤੀਜੀ ਵਾਰ ਚੋਣ ਜਿੱਤ ਕੇ ਲਗਾਤਾਰ ਨਰਿੰਦਰ ਮੋਦੀ ਤੀਜੀ ਵਾਰ ਪ੍ਰਧਾਨ ਮੰਤਰੀ ਬਣਨ ਜਾ ਰਹੇ ਹਨ। ਉਹਨਾਂ ਇਸ ਵਾਰ 400 ਪਾਰ ਦਾ ਨਾਅਰਾ ਵੀ ਦਿੱਤਾ। ਉਹਨਾਂ ਕਿਹਾ ਕਿ ਅੰਮ੍ਰਿਤਸਰ ਲਈ ਅਭੀ ਨਹੀਂ ਤੋਂ ਕਭੀ ਨਹੀਂ। ਉਹਨਾਂ ਵਰਕਰਾਂ ਨੂੰ ਪੂਰੇ ਜੋਸ਼ ਨਾਲ ਚੋਣ ਪ੍ਰਚਾਰ ਵਿੱਚ ਡਟ ਜਾਣ ਦਾ ਸੱਦਾ ਦਿੱਤਾ ਅਤੇ ਕਿਹਾ ਕਿ ਉਹ ਇਹ ਚੋਣ ਜਿੱਤ ਕੇ ਸਹੀ ਸੰਦੇਸ਼ ਭੇਜਣ ਕਿ ਬੀਜੇਪੀ ਪੰਜਾਬ ਵਿੱਚ ਆ ਚੁੱਕੀ ਹੈ। ਉਹਨਾਂ ਸ਼ਹਿਰ ਵਿੱਚ ਅਮਨ ਕਾਨੂੰਨ ਦੀ ਸਥਿਤੀ, ਨਸ਼ਾ, ਪਾਣੀ, ਸੀਵਰੇਜ ਦੀਆਂ ਸਮੱਸਿਆ ਤੋਂ ਇਲਾਵਾ ਨੌਕਰੀਆਂ, ਖੇਤੀਬਾੜੀ, ਸਨਅਤ ਤੇ ਵਪਾਰ ਨੂੰ ਪ੍ਰਫੁਲਿਤ ਕਰਨ ਬਾਰੇ ਬਹੁਪੱਖੀ ਵਿਚਾਰਾਂ ਕੀਤੀਆਂ। ਉਹਨਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਦਿੱਤਾ ਗਿਆ ਚੋਣ ਮੈਨੀਫੈਸਟੋ ਹਰੇਕ ਵਰਗ ਲਈ ਹਰੇਕ ਵਰਗ ਦੀਆਂ ਜ਼ਰੂਰਤਾਂ 'ਤੇ ਅਧਾਰਿਤ ਹਨ ਅਤੇ ਇਹ ਲੋਕਾਂ ਤੱਕ ਜ਼ਰੂਰ ਪਹੁੰਚਣੀਆਂ ਚਾਹੀਦੀਆਂ ਹਨ । ਇਸ ਮੌਕੇ ਵਰਕਰਾਂ ਵਿਚ ਭਾਰੀ ਜੋਸ਼ ਦੇਖਿਆ ਗਿਆ ਅਤੇ ਭਾਜਪਾ ਦਾ ਇੱਕੋ ਇਕ ਲਕਸ਼ ਕਿ ਸੰਧੂ ਨੂੰ ਵੱਡੀ ਲੀਡ ਨਾਲ ਜਿਤਾ ਕੇ ਪਾਰਲੀਮੈਂਟ ਭੇਜਿਆ ਜਾਵੇਗਾ। ਇਸ ਮੌਕੇ ਭਾਜਪਾ ਦੇ ਪੰਜਾਬ ਜਨਰਲ ਸਕੱਤਰ ਡਾਕਟਰ ਜਗਮੋਹਨ ਸਿੰਘ ਰਾਜੂ ਅਤੇ ਹਰਵਿੰਦਰ ਸਿੰਘ ਸੰਧੂ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਰਜੇਸ਼ ਹਨੀ, ਰਜੀਵ ਭਗਤ, ਡਾਕਟਰ ਰਾਮ ਚਾਵਲਾ, ਸੁਖਮਿੰਦਰ ਪਿੰਟੂ, ਹਰਜਿੰਦਰ ਸਿੰਘ ਠੇਕੇਦਾਰ, ਗੁਰ ਪ੍ਰਤਾਪ ਸਿੰਘ ਟਿੱਕਾ, ਕੁਮਾਰ ਅਮਿਤ, ਮੁਨੀ ਸ਼ਰਮਾ, ਸੰਜੀਵ ਕੁਮਾਰ, ਸਲਿਲ ਕਪੂਰ, ਰਜੀਵ ਅਨੇਜਾ ਤੇ ਪ੍ਰੋਫੈਸਰ ਸਰਚਾਂਦ ਸਿੰਘ ਵੀ ਮੌਜੂਦ ਸਨ।

# ਭਾਰਤ 'ਚ ਜੋ ਵਿਕਾਸ ਹੋ ਰਿਹਾ ਹੈ ਉਹ ਅੰਮ੍ਰਿਤਸਰ ਵਿਚ ਵੀ ਹੋਵੇਗਾ -ਤਰਨਜੀਤ ਸੰਧੂ

**ਅੰਮ੍ਰਿਤਸਰ**
**ਰਵੀ ਕੁਮਾਰ**



ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਜਪਾ ਉਮੀਦਵਾਰ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ 'ਚ ਭਾਰਤ ਇੱਕ ਵਿਕਸਤ ਭਾਰਤ ਦੇ ਰੂਪ 'ਚ ਸਾਹਮਣੇ ਆਵੇਗਾ। ਅਸੀਂ ਬਹੁਤ ਸਾਰੇ ਬੁਨਿਆਦੀ ਢਾਂਚੇ ਦੇ ਨਿਰਮਾਣ ਦੁਆਰਾ ਵੱਡੀ ਗਿਣਤੀ ਵਿੱਚ ਨੌਕਰੀਆਂ ਪੈਦਾ ਕਰਨ ਦੀ ਕੋਸ਼ਿਸ਼ ਕਰਾਂਗੇ। ਅਸੀਂ ਸਟਾਰਟਅੱਪ ਅਤੇ ਗਲੋਬਲ ਸੈਂਟਰਾਂ ਨੂੰ ਉਤਸ਼ਾਹਿਤ ਕਰਕੇ ਉੱਚ ਮੁੱਲ ਵਾਲੀਆਂ ਸੇਵਾਵਾਂ 'ਤੇ ਵੀ ਧਿਆਨ ਕੇਂਦਰਿਤ ਕਰ ਰਹੇ ਹਾਂ। ਉਨ੍ਹਾਂ ਕਿਹਾ ਕਿ ਭਾਰਤ'ਚ ਜੋ ਵਿਕਾਸ ਹੋ ਰਿਹਾ ਹੈ ਉਹ ਅੰਮ੍ਰਿਤਸਰ ਵਿਚ ਵੀ ਹੋਵੇਗਾ। ਉਨ੍ਹਾਂ ਅੰਮ੍ਰਿਤਸਰ ਦੇ ਵਿਕਾਸ ਲਈ ਭਾਜਪਾ ਨੂੰ ਵੋਟ ਦੇਣ ਅਤੇ ਕਮਲ ਦੇ ਫੁੱਲ 'ਤੇ ਮੋਹਰਾਂ ਲਾਉਣ ਦੀ ਅਪੀਲ ਕੀਤੀ ਹੈ। ਸੰਧੂ ਸਮੁੰਦਰੀ ਅੱਜ ਡੀ ਬਲਾਕ ਰਣਜੀਤ ਐਵਿਨਿਊ ਵਿਖੇ ਇਕ ਚੋਣ ਸਭਾ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਮੌਜੂਦਾ ਸਾਂਸਦ ਅਤੇ ਪੰਜਾਬ ਦਾ ਮੰਤਰੀ ਆਪਣੇ ਹੀ ਰਾਜ ਦੀਆਂ ਸਰਕਾਰਾਂ ਤੋਂ ਅੰਮ੍ਰਿਤਸਰ ਲਈ ਕੁਝ ਨਹੀਂ ਕਰਵਾ ਸਕੇ। ਮੈਨੂੰ ਮੌਕਾ ਮਿਲਿਆ ਤਾਂ ਅੰਮ੍ਰਿਤਸਰ ਦੀ ਨੁਹਾਰ ਬਦਲ ਕੇ ਰੱਖ ਦਿਆਂਗਾ। ਇਸ ਮੌਕੇ ਬੋਲਦਿਆਂ ਡਾ. ਚੇਤਨ ਦੇਵ ਬੋਪਾਰਾਏ ਨੇ ਕਿਹਾ ਕਿ ਅੰਮ੍ਰਿਤਸਰ ਲੋਕ ਸਭਾ ਸੀਟ ਤੋਂ ਤਰਨਜੀਤ ਸਿੰਘ ਸੰਧੂ ਦੀ ਜਿੱਤ ਅੰਮ੍ਰਿਤਸਰ ਦੀ ਭਵਿੱਖੀ ਤਰੱਕੀ ਅਤੇ ਆਰਥਿਕ ਖ਼ੁਸ਼ਹਾਲੀ ਦੇ ਨਵੇਂ ਰਾਹ ਖੋਲ੍ਹੇਗੀ। ਕਿਸੇ ਵੀ ਪਾਰਟੀ ਕੋਲ ਤਰਨਜੀਤ ਸਿੰਘ ਸੰਧੂ ਵਰਗਾ ਇੱਕ ਵੀ ਉਮੀਦਵਾਰ ਨਹੀਂ ਹੈ ਜੋ ਬੇਦਾਗ਼, ਪੜ੍ਹੇ-ਲਿਖੇ, ਸੂਝਵਾਨ, ਅੰਤਰਰਾਸ਼ਟਰੀ ਪੱਧਰ 'ਤੇ ਤਜਰਬੇਕਾਰ, ਦੋਸਤਾਨਾ ਅਤੇ ਅੰਮ੍ਰਿਤਸਰ ਨੂੰ ਸਮਰਪਿਤ ਹੋਵੇ। ਉਨ੍ਹਾਂ ਕਿਹਾ ਕਿ ਸੰਧੂ ਚੋਣ ਪ੍ਰਚਾਰ 'ਚ ਨਵੇਂ ਕੀਰਤੀਮਾਨ ਸਥਾਪਿਤ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਅਮਰੀਕਾ ਵਿੱਚ ਭਾਰਤ ਦੇ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਇੱਕ ਅਜਿਹੀ ਸ਼ਖ਼ਸੀਅਤ ਹਨ ਜਿਨ੍ਹਾਂ ਦੇ ਕੰਮ ਦੀ ਅਮਰੀਕੀ ਰਾਸ਼ਟਰਪਤੀ ਨੇ ਵੀ ਸ਼ਲਾਘਾ ਕੀਤੀ ਹੈ, ਜਿਨ੍ਹਾਂ ਦੀ ਕਾਰਜਸ਼ੈਲੀ ਤੋਂ ਪ੍ਰਧਾਨ ਮੰਤਰੀ ਮੋਦੀ ਵੀ ਪ੍ਰਭਾਵਿਤ ਹਨ। ਸੰਧੂ ਨੇ ਜਿੱਥੇ ਇੰਨੇ ਵੱਡੇ ਅਹੁਦਿਆਂ 'ਤੇ ਪਹੁੰਚ ਕੇ ਅੰਮ੍ਰਿਤਸਰ ਨੂੰ ਮਸ਼ਹੂਰ ਕੀਤਾ, ਉੱਥੇ ਹੀ ਅੱਜ ਦੇਸ਼ ਦੀ ਸੇਵਾ ਕਰਨ ਤੋਂ ਬਾਅਦ ਆਪਣੇ ਸ਼ਹਿਰ ਅੰਮ੍ਰਿਤਸਰ ਦੇ ਵਿਸ਼ਵ ਪੱਧਰੀ ਵਿਕਾਸ ਲਈ ਇਕ ਮੁਕੰਮਲ ਰੂਪ-ਰੇਖਾ ਅਤੇ ਵਿਜ਼ਨ ਲੈ ਕੇ ਆਏ ਹਨ, ਜਿਸ ਸਦਕਾ ਆਉਣ ਵਾਲੇ ਭਵਿਖ 'ਚ ਅੰਮ੍ਰਿਤਸਰ ਨੂੰ ਕਈ ਵੱਡੇ ਪ੍ਰਾਜੈਕਟ ਮਿਲਣਗੇ। ਵਿਕਾਸ ਅਤੇ ਸਾਫ਼ ਸਫ਼ਾਈ 'ਚ ਅੰਮ੍ਰਿਤਸਰ ਇੰਦੌਰ ਦਾ ਮੁਕਾਬਲਾ ਕਰ ਸਕਦਾ ਹੈ। ਅਜਿਹੀ ਤਰੱਕੀ ਜਿਸ ਦਾ ਅੰਮ੍ਰਿਤਸਰ ਸੱਚਮੁੱਚ ਹੱਕਦਾਰ ਹੈ। ਉਨ੍ਹਾਂ ਸਵਾਲ ਕੀਤਾ ਕਿ ਜਿਨ੍ਹਾਂ ਲੋਕਾਂ ਨੂੰ ਅਸੀਂ ਸਾਲਾਂ ਤੋਂ ਸੰਸਦ ਮੈਂਬਰ ਚੁਣਦੇ ਆ ਰਹੇ ਹਾਂ। ਜਨਰਲ ਹਰਿੰਦਰ ਸਿੰਘ ਨੇ ਕਿਹਾ ਕਿ ਸੰਧੂ ਦਾ ਅੰਮ੍ਰਿਤਸਰ ਦੇ ਵਿਸ਼ਵ ਪੱਧਰੀ ਵਿਕਾਸ ਲਈ ਸੰਸਦ ਮੈਂਬਰ ਬਣਨਾ ਜ਼ਰੂਰੀ ਹੈ। ਇਸ ਲੋਕ ਸਭਾ ਚੋਣ 2024 ਵਿੱਚ ਸੰਧੂ ਦੀ ਜਿੱਤ ਅੰਮ੍ਰਿਤਸਰ ਦੇ ਆਰਥਿਕ ਵਿਕਾਸ ਨੂੰ ਨਵੇਂ ਖੰਭ ਲਾ ਸਕਦੀ ਹੈ, ਅੰਮ੍ਰਿਤਸਰ ਦੀ ਗੁਆਚੀ ਹੋਈ ਸ਼ਾਨ ਨੂੰ ਬਹਾਲ ਕਰ ਸਕਦੀ ਹੈ ਜੋ ਇੱਕ ਵਪਾਰਕ ਸ਼ਹਿਰ ਵਜੋਂ ਜਾਣਿਆ ਜਾਂਦਾ ਹੈ। ਅੱਜ ਸਵਾਲ ਸਿਰਫ਼ ਸੰਧੂ ਦੀ ਦੂਰਅੰਦੇਸ਼ੀ ਅਤੇ ਸਾਰਥਿਕ ਸੋਚ ਨਾਲ ਅੰਮ੍ਰਿਤਸਰ ਨੂੰ ਅੱਗੇ ਲਿਜਾਇਆ ਜਾ ਸਕਦਾ ਹੈ। ਇਹ ਚੋਣ ਵੀ ਆਰਥਿਕ ਤਰੱਕੀ ਦੇ ਲਿਹਾਜ਼ ਨਾਲ ਅੰਮ੍ਰਿਤਸਰ ਦੀ ਹੋਂਦ ਨੂੰ ਕਾਇਮ ਰੱਖਣ ਅਤੇ ਅੰਮ੍ਰਿਤਸਰ ਦੇ ਖ਼ੁਸ਼ਹਾਲ ਭਵਿੱਖ ਲਈ ਤਰਨਜੀਤ ਸਿੰਘ ਸੰਧੂ ਦਾ ਸਾਥ ਦੇਣ ਅਤੇ ਮਿਲ ਕੇ ਲੜਨ ਦੀ ਵਾਰੀ ਹੈ।

# ਗੁਪਤ ਫੰਡਿੰਗ ਮਾਮਲੇ 'ਚ ਟਰੰਪ ਖ਼ਿਲਾਫ਼ ਕੇਸ ਦੀ ਸੁਣਵਾਈ ਰੋਕਣ ਦੀ ਬੇਨਤੀ ਨਿਊਯਾਰਕ ਦੀ ਅਪੀਲ ਅਦਾਲਤ ਵੱਲੋਂ ਰੱਦ

**ਨਿਊਯਾਰਕ**
**ਸਾਂਝੀ ਸੋਚ ਬਿਊਰੋ**



ਨਿਊਯਾਰਕ ਦੀ ਇੱਕ ਅਪੀਲੀ ਅਦਾਲਤ ਨੇ ਸ਼ੁੱਕਰਵਾਰ ਨੂੰ ਸਾਬਕਾ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਇੱਕ ਪੋਰਨ ਸਟਾਰ ਨੂੰ ਗੁਪਤ ਰੂਪ ਨਾਲ ਪੈਸਿਆਂ ਦੇ ਭੁਗਤਾਨ ਨਾਲ ਜੁੜੇ ਇੱਕ ਮਾਮਲੇ ਵਿਚ ਮੁਕੱਦਮੇ ਦੀ ਸੁਣਵਾਈ ਨੂੰ ਰੋਕਣ ਦੀ ਆਖਰੀ ਸਮੇਂ ਵਿਚ ਕੀਤੀ ਗਈ ਬੇਨਤੀ ਨੂੰ ਰੱਦ ਕਰ ਦਿੱਤਾ। ਟਰੰਪ ਨੇ ਇਹ ਬੇਨਤੀ ਜਿਊਰੀ ਦੀ ਚੋਣ 'ਚ ਬੇਲੋੜੀ ਜਲਦਬਾਜ਼ੀ ਦੀਆਂ ਬਚਾਅ ਪੱਖ ਦੀਆਂ ਸ਼ਿਕਾਇਤਾਂ ਦੇ ਮੱਦੇਨਜ਼ਰ ਕੀਤੀ ਸੀ। ਜਸਟਿਸ ਮਾਰਸ਼ਾ ਮਾਈਕਲ ਨੇ ਸੰਖੇਪ ਸੁਣਵਾਈ ਤੋਂ ਕੁਝ ਮਿੰਟਾਂ ਬਾਅਦ ਹੀ ਫੈਸਲਾ ਸੁਣਾਇਆ। ਸੁਣਵਾਈ ਰੋਕੇ ਜਾਣ ਦੀ ਬੇਨਤੀ 'ਤੇ ਮੱਧ-ਪੱਧਰੀ ਅਪੀਲੀ ਅਦਾਲਤ ਵਿਚ ਦਲੀਲਾਂ ਉਸ ਸਮੇਂ ਪੇਸ਼ ਕੀਤੀਆਂ ਗਈਆਂ, ਜਦੋਂ ਕੁਝ ਹੀ ਘੰਟੇ ਪਹਿਲਾਂ ਇਸ ਮਾਮਲੇ ਦੀ ਸੁਣਵਾਈ ਲਈ ਜਿਊਰੀ ਚੋਣ ਪ੍ਰਕਿਰਿਆ ਪੂਰੀ ਹੋਈ ਸੀ। ਅਦਾਲਤ ਦੇ ਇਸ ਫੈਸਲੇ ਤੋਂ ਬਾਅਦ ਸੋਮਵਾਰ ਤੋਂ ਟਰੰਪ ਦੇ ਖਿਲਾਫ ਅਪਰਾਧਿਕ ਮਾਮਲੇ 'ਚ ਬਹਿਸ ਸ਼ੁਰੂ ਹੋ ਸਕਦੀ ਹੈ। ਟਰੰਪ ਵੱਲੋਂ ਪੋਰਨ ਸਟਾਰ ਸਟੋਰਮੀ ਡੇਨੀਅਲਸ ਨੂੰ ਪੈਸੇ ਦੇਣ ਦਾ ਇਹ ਮਾਮਲਾ 2016 ਦਾ ਹੈ। ਉਸ ਸਮੇਂ ਟਰੰਪ ਦੇ ਇੱਕ ਪੋਰਨ ਸਟਾਰ ਨਾਲ ਸਬੰਧ ਹੋਣ ਦੀਆਂ ਗੱਲਾਂ ਸਾਹਮਣੇ ਆਈਆਂ ਸਨ ਅਤੇ ਦੋਸ਼ ਹੈ ਕਿ ਉਨ੍ਹਾਂ ਨੇ ਇਸ ਨੂੰ ਲੁਕਾਉਣ ਲਈ ਸਟੋਰਮੀ ਨੂੰ 1 ਲੱਖ 30 ਹਜ਼ਾਰ ਡਾਲਰ ਦਿੱਤੇ ਸਨ। ਸਾਬਕਾ ਰਾਸ਼ਟਰਪਤੀ ਦੀ ਕੰਪਨੀ ਨੇ ਇਹ ਪੈਸੇ ਆਪਣੇ ਵਕੀਲ ਮਾਈਕਲ ਕੋਹੇਨ ਨੂੰ ਦਿੱਤੇ ਸਨ, ਜਿਸ ਨੇ ਟਰੰਪ ਦੀ ਤਰਫੋਂ ਪੋਰਨ ਸਟਾਰ ਨੂੰ ਇਸ ਦਾ ਭੁਗਤਾਨ ਕੀਤਾ। ਇਸ ਮਾਮਲੇ ਵਿਚ ਅਜਿਹੇ ਸਮੇਂ ਸੁਣਵਾਈ ਹੋ ਰਹੀ ਹੈ, ਜਦੋਂ ਟਰੰਪ ਇਸ ਸਾਲ ਹੋਣ ਵਾਲੀਆਂ ਰਾਸ਼ਟਰਪਤੀ ਚੋਣਾਂ 'ਚ ਰਿਪਬਲਿਕਨ ਪਾਰਟੀ ਦੇ ਸੰਭਾਵਿਤ ਉਮੀਦਵਾਰ ਹਨ।

10 YEARS ANNIVERSARY

APCA
AMERICAN PETROLEUM AND CONVENIENCE STORE ASSOCIATION

10th Annual BUYER'S Trade Show In Fresno

on Wednesday, May 8th, 2024 From 12:30pm to 5:30pm
at Industrial Commerce Building, The Big Fresno Fair, Fresno, CA 93702

Copyright @ Punjab Mail USA



ਜੱਗ ਜਿਉਂਦਿਆ ਦੇ ਮੇਲੇ
ਹਰਭਜਨ ਮਾਨ
Live Performance
Harbhajan Mann

Wednesday, May 8th
From 6:30pm to 9:00pm
Venue: Paul Paul Theater
1121, S Chance Ave, Fresno, CA 93702

APCA members will receive FREE, TWO Concert tickets of $100 value each, per membership paid store. Members must attend the Trade Show at 1:30pm. Members may buy additional tickets at discounted price of $50 at ETIX.com or at Trade Show, on first come first serve basis. Fresno area Retailers visit SM Bros at 186 S West Ave, Fresno to become APCA member and get 2 Free Tickets.

Media Partners
PUNJAB MAIL USA TV Channel
SPICE RADIO FM 94.3
ਸਾਂਝੀ ਸੋਚ
ਪੰਜਾਬ Today
Punjabi Radio USA
jus TV
PTC PUNJABI
GURDEEP SHERGILL

Platinum Sponsor
Flamingo
Catering & Banquet Hall

For More Information

ANDY CHHIKARA: 559-259-4006
JASBIR SARAI: 209-675-0866
BALWINDER SINGH: 559-718-9339

AMRIT DHALIWAL: 209-598-6980
PUNEET BAINS: 559-347-7728
PAUL HAYER: 707-290-8530

ROCKY MALHI: 916-792-8023
KEWAL KRISHAN: 510-290-7144

# ਭਾਜਪਾ ਨੂੰ ਹਰਾਓ ਅਤੇ ਭਜਾਓ, ਵਿਰੋਧੀ ਧਿਰ ਪਾਰਟੀਆਂ ਨੂੰ ਸੁਆਲ ਕਰੋ -ਸੀ.ਪੀ.ਆਈ (ਐਮ-ਐਲ) ਨਿਊ ਡੈਮੋਕਰੇਸੀ

**ਜਲੰਧਰ ਸਾਂਝੀ ਸੋਚ ਬਿਊਰੋ**

ਜਪਾ-ਆਰ.ਐਸ.ਐਸ. ਦੀ ਮੌਜੂਦਾ ਲੋਕ ਸਭਾ ਚੋਣਾਂ ਵਿੱਚ ਜਿੱਤ ਇੱਕ ਗੰਭੀਰ ਖਤਰੇ ਦੀ ਘੰਟੀ ਹੈ, ਇਸ ਕਰਕੇ ਇਹ ਚੋਣਾਂ ਵਿਸ਼ੇਸ਼ ਚੋਣਾਂ ਹਨ। ਇਸ ਖਤਰੇ ਦਾ ਟਾਕਰਾ ਕਰਨ ਲਈ ਹੀ ਸਾਡੀ ਪਾਰਟੀ ਇਹ ਸੱਦਾ ਦੇ ਰਹੀ ਹੈ ਕਿ, ''ਭਾਜਪਾ ਨੂੰ ਹਰਾਓ ਅਤੇ ਭਜਾਓ, ਵਿਰੋਧੀ ਧਿਰ ਪਾਰਟੀਆਂ ਨੂੰ ਸੁਆਲ ਕਰੋ, ਮੌਜੂਦਾ ਆਰਥਿਕ-ਸਿਆਸੀ ਪ੍ਰਬੰਧ ਨੂੰ ਬੇਪਰਦ ਕਰੋ।'' ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ-ਲੈਨਿਨਵਾਦੀ) ਨਿਊ ਡੈਮੋਕਰੇਸੀ ਦੇ ਸੂਬਾ ਆਗੂਆਂ ਕਾਮਰੇਡ ਦਰਸ਼ਨ ਸਿੰਘ ਖਟਕੜ, ਕਾਮਰੇਡ ਅਜਮੇਰ ਸਿੰਘ ਅਤੇ ਕਾਮਰੇਡ ਤਰਸੇਮ ਪੀਟਰ ਨੇ ਸਥਾਨਕ ਪ੍ਰੈਸ ਕਲੱਬ ਵਿਖੇ ਪਾਰਟੀ ਵੱਲੋਂ ਬੁਲਾਈ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਇਹ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਸਾਡੀ ਪਾਰਟੀ ਦੀ ਪੰਜਾਬ ਸੂਬਾ ਕਮੇਟੀ ਦੀ ਦ੍ਰਿੜ ਰਾਏ ਹੈ ਕਿ ਭਾਜਪਾ-ਆਰ.ਐਸ.ਐਸ. ਤੇ ਇਸਦੀ ਕੇਂਦਰੀ ਸਰਕਾਰ ਦਾ ਮਕਸਦ ਦੇਸ਼ ਵਿੱਚ ਮੁਕੰਮਲ ਫਾਸ਼ੀਵਾਦੀ ਢਾਂਚਾ ਕਾਇਮ ਕਰਨਾ ਹੈ। ਇਸ ਟੀਚੇ ਨੂੰ ਅਮਲੀ ਰੂਪ ਦੇਣ ਲਈ ਉਸ ਨੇ ਸੱਤਾ ਤੇ ਸਿਆਸਤ ਦੇ ਕੇਂਦਰੀਕਰਨ ਦਾ ਰਾਹ ਫੜ ਰੱਖਿਆ ਹੈ। ਸੂਬਿਆਂ ਦੇ ਅਧਿਕਾਰਾਂ ਨੂੰ ਖੋਰਾ ਲਾ ਕੇ, ਕੇਂਦਰੀ ਏਜੰਸੀਆਂ ਅਤੇ ਅਰਧ-ਸੈਨਿਕ ਬਲਾਂ ਦਾ ਅਧਿਕਾਰ ਖੇਤਰ ਵਧਾ ਕੇ ਉਹ ਸੂਬਾ-ਸਰਕਾਰਾਂ ਨੂੰ ਮਿਊਂਸਪਲ ਕਮੇਟੀਆਂ ਬਣਾ ਦੇਣਾ ਚਾਹੁੰਦੇ ਹਨ। ਉਨ੍ਹਾਂ ਕਿਹਾ ਕਿ ਈ.ਡੀ. ਤੇ ਹੋਰ ਕੇਂਦਰੀ ਏਜੰਸੀਆਂ ਰਾਹੀਂ ਵਿਰੋਧੀ-ਪਾਰਟੀ ਵਿੱਚ ਭੰਨ-ਤੋੜ ਕਰਕੇ, ਦਲ-ਬਦਲੀ ਕਰਵਾਕੇ, ਵਿਰੋਧੀ-ਧਿਰ ਦੇ ਆਗੂਆਂ ਨੂੰ ਅਨੇਕਾਂ ਕੇਸਾਂ ਵਿੱਚ ਫਸਾ ਕੇ, ਰਿਸ਼ਵਤਾਂ ਦੇ ਕੇ ਵਿਰੋਧੀ-ਧਿਰ ਸਰਕਾਰਾਂ ਡੇਗ ਕੇ, ਉਹ ਦੇਸ਼ ਵਿੱਚ ਇੱਕੋ-ਇੱਕ ਪਾਰਟੀ ਕਾਇਮ ਕਰਨਾ ਚਾਹੁੰਦੇ ਹਨ ਤਾਂ ਜੁ ਬਹੁ-




ਗਿਣਤੀ ਦਾ ਤੁਸ਼ਟੀਕਰਨ ਹੋਰ ਵਧਾਇਆ ਜਾਵੇ। ਉਨ੍ਹਾਂ ਕਿਹਾ ਕਿ ਇਸ ਫਾਸ਼ੀਵਾਦੀ ਧ੍ਰੋਂਸ ਨਾਲ ਧਾਰਮਿਕ ਘੱਟ ਗਿਣਤੀਆਂ, ਖਾਸ ਕਰਕੇ ਮੁਸਲਿਮ ਤੇ ਇਸਾਈ-ਭਾਈਚਾਰਿਆਂ ਨੂੰ ਚੋਣਵੇਂ ਵਿਤਕਰੇ, ਦਮਨ ਦਾ ਸ਼ਿਕਾਰ ਬਣਾ ਕੇ ਦੋਮ-ਦਰਜੇ ਦੇ ਸ਼ਹਿਰੀ ਬਣਾਉਣ ਦੀਆਂ ਯੋਜਨਾਵਾਂ ਘੜੀਆਂ ਜਾ ਰਹੀਆਂ ਹਨ ਅਤੇ ਪੈਰ-ਪੈਰ 'ਤੇ ਉਨ੍ਹਾਂ ਨੂੰ ਬੇਇੱਜ਼ਤ ਕੀਤਾ ਜਾ ਰਿਹਾ ਹੈ। ਨਸਲੀ ਘੱਟਗਿਣਤੀਆਂ ਅਤੇ ਘੱਟ-ਗਿਣਤੀ ਕੌਮੀਅਤਾਂ ਨੂੰ ਦਮਨ ਦਾ ਸ਼ਿਕਾਰ ਬਣਾਇਆ ਜਾ ਰਿਹਾ ਹੈ। ਔਰਤਾਂ 'ਤੇ ਲਗਾਤਾਰ ਦਮਨ ਹੋ ਰਿਹਾ ਹੈ। ਦਰਜਨਾਂ ਆਦਿਵਾਸੀ ਨਕਸਲੀ ਕਹਿਕੇ ਮੌਤ ਦੇ ਘਾਟ ਉਤਾਰ ਦਿੱਤੇ ਜਾਂਦੇ ਹਨ। ਸਕੂਲੀ ਬੱਚਿਆਂ ਤੇ ਵੱਡਿਆਂ ਨੂੰ ਗੁੰਮਰਾਹ ਕਰਨ ਤੇ ਅੰਧਕਾਰ ਦੇ ਪ੍ਰਚਾਰਕ ਬਣਾਉਣ ਲਈ ਵਿੱਦਿਆ ਦਾ ਭਗਵਾਂਕਰਨ ਕਰਕੇ, ਇਤਿਹਾਸ ਵਿੱਚ ਅਣਦੇਖੀ, ਅਣਸੁਣੀ ਭੰਨਤੋੜ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ 5 ਖਰਬ ਦੀ ਅਰਥ-ਵਿਵਸਥਾ ਬਣਾਉਣ ਦੇ ਨਾਂ ਹੇਠਾਂ ਦੇਸੀ ਤੇ ਵਿਦੇਸ਼ੀ ਕਾਰਪੋਰੇਟਾਂ ਨੂੰ ਬੇਮਿਸਾਲ ਖੁੱਲ੍ਹਾਂ ਤੇ ਰਿਐਤਾਂ ਦਿੱਤੀਆਂ ਜਾ ਰਹੀਆਂ ਹਨ ਜਿਸ ਕਰਕੇ ਅਮੀਰ-ਗਰੀਬ ਦਾ ਨਿੱਤ ਵਧਦਾ ਪਾੜਾ ਇੱਕ ਕੋਝੀ ਹਕੀਕਤ ਬਣ ਚੁੱਕਾ ਹੈ। ਸਨਅਤੀ ਮਜ਼ਦੂਰਾਂ ਤੇ ਕਿਸਾਨਾਂ ਨੂੰ ਲੇਬਰ-ਕੋਡਾਂ ਅਤੇ ਕਾਲੇ ਕਾਨੂੰਨਾਂ ਨਾਲ, ਗੰਭੀਰ ਮੰਦਹਾਲੀ ਦੀ ਖੱਡ ਵੱਲ ਧੱਕਿਆ ਜਾ ਰਿਹਾ ਹੈ। ਮੌਜੂਦਾ ਸਮੁੱਚਾ ਢਾਂਚਾ ਬੇਹੱਦ ਨਿੱਘਰ ਚੁੱਕਾ ਹੈ। ਸਿਆਸੀ, ਇਖਲਾਕੀ ਅਤੇ ਸਵਾਰਥੀ ਹਿੱਤ ਚਰਮ-ਸੀਮਾ ਤੱਕ ਨਿੱਘਰ ਚੁੱਕੇ ਹਨ। ਭਾਜਪਾ-ਆਰ.ਐਸ.ਐਸ. ਸੰਵਿਧਾਨ ਦੀ ਭੰਨਤੋੜ, ਧਰਮ-ਨਿਰਪੱਖਤਾ, ਫੈਡਰਲਿਜ਼ਮ ਦਾ ਖਾਤਮਾ ਕਰਨ 'ਤੇ ਤੁਲੀ ਹੋਈ ਹੈ। ਇਹ ਅਸਫ਼ਲ ਮੇਕ-ਇਨ-ਇੰਡੀਆ, ਧਾਰਮਿਕ ਕੱਟੜਤਾ ਅਤੇ ਨਕਲੀ ਰਾਸ਼ਟਰਵਾਦ ਦੀ ਨ੍ਹੇਰੀ ਝੁਲਾਕੇ ਕਿਸਾਨਾਂ, ਮਜ਼ਦੂਰਾਂ, ਦੁਕਾਨਦਾਰਾਂ, ਮੁਲਾਜ਼ਮਾਂ, ਘੱਟ-ਗਿਣਤੀਆਂ, ਆਦਿਵਾਸੀਆਂ ਤੇ ਔਰਤਾਂ ਦੇ ਅਧਿਕਾਰਾਂ ਨੂੰ ਮਨੂਵਾਦ ਦੀ ਫਾਹੀ ਵਿੱਚ ਜਕੜ ਦੇਣਾ ਚਾਹੁੰਦੀ ਹੈ। ਭਾਜਪਾ ਨੂੰ ਹਰਾਉਣ ਲਈ ਵਿਰੋਧੀ-ਪਾਰਟੀਆਂ ਦਾ ਗਠਜੋੜ, ਫਾਸ਼ੀਵਾਦ ਦੇ ਖਤਰੇ ਨੂੰ ਗੰਭੀਰ ਖਤਰਾ ਨਹੀਂ ਸਮਝ ਰਿਹਾ ਅਤੇ ਇਨ੍ਹਾਂ ਧਿਰਾਂ ਨੂੰ ਆਪੋ-ਆਪਣੀ ਹੋਂਦ ਬਚਾਉਣ ਦੀ ਚਿੰਤਾ ਵਧੇਰੇ ਰਹਿੰਦੀ ਹੈ। ਉਨ੍ਹਾਂ ਕਿਹਾ ਕਿ ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ-ਲੈਨਿਨਵਾਦੀ) ਨਿਊ ਡੈਮੋਕਰੇਸੀ ਇਸ ਪ੍ਰਬੰਧ ਦਾ ਪਰਦਾਫਾਸ਼ ਕਰਦਿਆਂ ਭੂਮੀ ਸੁਧਾਰ ਲਾਗੂ ਕਰਕੇ ਜ਼ਮੀਨ ਦੀ ਮੁੜ ਵੰਡ, ਕਾਰਪੋਰੇਟ ਤੋਂ ਜ਼ਮੀਨ ਬਚਾਉਣ, ਵਾਧੂ ਜ਼ਮੀਨ ਗਰੀਬ ਤੇ ਬੇਜ਼ਮੀਨੇ ਕਿਸਾਨਾਂ 'ਚ ਵੰਡਣ, ਸ਼ਬਦ ਦੇ ਸਹੀ ਅਰਥਾਂ ਵਿੱਚ ਫੈਡਰਲ ਢਾਂਚਾ ਲਾਗੂ ਕਰਨ, ਧਰਮਨਿਰਪੱਖ, ਬਰਾਬਰਤਾ ਤੇ ਸਮਾਜਿਕ ਨਿਆਂ 'ਤੇ ਟਿਕਿਆ ਸਮਾਜ ਉਸਾਰਨ, ਸਨਮਾਨਜਨਕ ਉਜਰਤਾਂ ਅਤੇ ਪੱਕਾ ਰੁਜ਼ਗਾਰ ਲੈਣ, ਦੇਸ਼ ਦੀ ਵੰਨ-ਸੁਵੰਨਤਾ ਦਾ ਮਾਹੌਲ ਸਿਰਜਣ ਦੀ ਮੁਹਿੰਮ ਚਲਾਵੇਗੀ। ਇਸ ਮੌਕੇ ਕਾਮਰੇਡ ਕਸ਼ਮੀਰ ਸਿੰਘ ਘੁੱਗਸ਼ੋਰ ਵੀ ਹਾਜ਼ਰ ਸਨ।

# ਖਡੂਰ ਸਾਹਿਬ ਅਤੇ ਅੰਮ੍ਰਿਤਸਰ ਤੋਂ ਭਾਜਪਾ ਨੇ ਦੂਜੀਆਂ ਪਾਰਟੀਆਂ ਤੋਂ ਬਿਹਤਰ ਉਮੀਦਵਾਰ ਦਿੱਤੇ -ਖਹਿਰਾ

**ਤਰਨ ਤਾਰਨ ਰਕੇਸ਼ ਨਈਅਰ**

ਪੰਜਾਬ ਵਿੱਚ ਭਾਵੇਂ ਰਾਜਨੀਤਿਕ ਕਾਰਨਾਂ ਕਰਕੇ ਜਿਆਦਾਤਰ ਪਾਰਟੀਆਂ ਭਾਜਪਾ ਦਾ ਵਿਰੋਧ ਕਰਦੀਆਂ ਰਹਿੰਦੀਆਂ ਹਨ ਪਰ ਖਡੂਰ ਸਾਹਿਬ ਅਤੇ ਅੰਮ੍ਰਿਤਸਰ ਲੋਕ ਸਭਾ ਹਲਕਿਆਂ ਤੋਂ ਭਾਜਪਾ ਨੇ ਦੂਜੀਆਂ ਪਾਰਟੀਆਂ ਤੋਂ ਬਿਹਤਰ ਉਮੀਦਵਾਰਾਂ ਦਾ ਐਲਾਨ ਕੀਤਾ ਹੈ।

ਖਡੂਰ ਸਾਹਿਬ ਤੋਂ ਭਾਜਪਾ ਨੇ ਸਿਆਸੀ ਇਤਿਹਾਸ ਰਚਦਿਆਂ ਜਨਰਲ ਸੀਟ ਤੋਂ ਐਸਸੀ ਭਾਈਚਾਰੇ ਨੂੰ ਮਾਣ ਦਿੰਦਿਆਂ ਤਿੰਨ ਵਾਰ ਲਗਾਤਾਰ ਵਿਧਾਇਕ ਵਜੋਂ ਜਿੱਤੇ ਮਨਜੀਤ ਸਿੰਘ ਮੰਨਾ ਨੂੰ ਟਿਕਟ ਦਿਤੀ ਗਈ ਹੈ,ਇਸ ਨਾਲ ਹਲਕੇ ਵਿੱਚ ਵੱਡੀ ਗਿਣਤੀ ਵਿੱਚ ਰਹਿੰਦੇ ਐਸ.ਸੀ.ਭਾਈਚਾਰੇ ਵਿੱਚ ਵੱਡੀ ਖੁਸ਼ੀ ਤੇ ਉਤਸ਼ਾਹ ਦਾ ਮਹੌਲ ਬਣ ਗਿਆ ਹੈ।ਇਸ ਕਰਕੇ ਜਿਥੇ ਭਾਜਪਾ ਵਰਕਰ ਜੋਸ਼ ਵਿੱਚ ਆ ਗਏ ਹਨ,ਉਥੇ ਇਸ ਪੇਂਡੂ ਹਲਕੇ ਵਿੱਚ ਭਾਜਪਾ ਪੂਰੀ ਤਰ੍ਹਾਂ ਜਿੱਤ ਦੇ ਨੇੜੇ ਹੈ। ਇਹ ਸ਼ਬਦ ਭਾਜਪਾ ਦੇ ਜ਼ਿਲ੍ਹਾ ਮੀਤ ਪ੍ਰਧਾਨ ਅਤੇ ਮੁੱਖ ਬੁਲਾਰੇ ਅਮਰਪਾਲ ਸਿੰਘ ਖਹਿਰਾ ਨੇ ਸਾਥੀਆਂ ਸਮੇਤ ਪੱਤਰਕਾਰਾਂ ਨਾਲ ਸਾਂਝੇ ਕੀਤੇ।ਉਹਨਾਂ ਹੋਰ ਕਿਹਾ ਕਿ ਅੰਮ੍ਰਿਤਸਰ ਤੋਂ ਵੀ ਭਾਜਪਾ ਨੇ ਪੰਥਕ ਪਰਿਵਾਰ ਦੇ ਸਵ.ਤੇਜਾ ਸਿੰਘ ਸਮੁੰਦਰੀ ਦੇ ਪੋਤਰੇ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੂੰ ਚੋਣ ਮੈਦਾਨ ਵਿੱਚ ਉਤਾਰਿਆ ਹੈ।ਇਸ ਨਾਲ ਭਾਜਪਾ ਨੂੰ ਸਿੱਖ ਵਿਰੋਧੀ ਆਖਣ ਵਾਲਿਆਂ ਨੂੰ ਮੂੰਹ ਤੋੜ ਜਵਾਬ ਦਿਤਾ ਗਿਆ ਹੈ।ਇਸ ਮੌਕੇ ਖਹਿਰਾ ਨੇ ਕਿਹਾ ਕਿ ਭਾਜਪਾ ਆਪਣੇ ਪ੍ਰਤੀ ਪੰਜਾਬੀਆਂ ਦੀ ਸੋਚ ਨੂੰ ਦਿਨੋਂ ਦਿਨ ਆਪਣੇ ਹੱਕ ਵਿੱਚ ਕਰਦੀ ਨਜ਼ਰ ਆ ਰਹੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਪੰਜਾਬ ਵਿੱਚ ਭਾਜਪਾ ਵੱਡੀ ਸਿਆਸੀ ਸ਼ਕਤੀ ਬਣਨ ਜਾ ਰਹੀ ਹੈ।

ਉਨ੍ਹਾਂ ਕਿਹਾ ਕਿ ਕੇਂਦਰ ਵਿੱਚ ਤੀਜੀ ਵਾਰ ਲਗਾਤਾਰ ਮੋਦੀ ਸਰਕਾਰ ਬਨਣੀ ਤੈਅ ਹੈ। ਇਸ ਮੌਕੇ ਅਮਰਪਾਲ ਸਿੰਘ ਖਹਿਰਾ ਨਾਲ ਕਿਸਾਨ ਮੋਰਚੇ ਦੇ ਪ੍ਰਧਾਨ ਗੁਰਸਾਹਿਬ ਸਿੰਘ,ਮੀਤ ਪ੍ਰਧਾਨ ਕੁਲਵੰਤ ਸਿੰਘ ਭੈਲ,ਜ਼ਿਲਾ ਸਕੱਤਰ ਹਰਮਨਜੀਤ ਸਿੰਘ, ਮੰਡਲ ਪ੍ਰਧਾਨ ਮੇਹਰ ਸਿੰਘ ਬਾਣੀਆਂ,ਮੰਡਲ ਪ੍ਰਧਾਨ ਨਰਿੰਦਰ ਸਿੰਘ ਕੱਲਾ,ਸਤਨਾਮ ਸਿੰਘ ਫਤਹਿਆਬਾਦ ਆਦਿ ਆਗੂ ਮੌਜੂਦ ਸਨ।



# ਸਮੁੱਚੇ ਸੀਜ਼ਨ ਦੌਰਾਨ ਕਿਸਾਨਾਂ ਨੂੰ ਕਿਸੇ ਵੀ ਕਿਸਮ ਦੀ ਸਮੱਸਿਆ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ -ਵਰਜੀਤ ਵਾਲੀਆ

**ਧੂਰੀ ਸਾਂਝੀ ਸੋਚ ਬਿਊਰੋ**

ਜ਼ਿਲ੍ਹੇ ਦੀਆਂ ਅਨਾਜ ਮੰਡੀਆਂ ਵਿੱਚ ਕਣਕ ਦੀ ਸਰਕਾਰੀ ਖਰੀਦ ਪ੍ਰਕਿਰਿਆ ਵਧੀਆ ਢੰਗ ਨਾਲ ਚੱਲ ਰਹੀ ਹੈ ਅਤੇ ਸਮੁੱਚੇ ਸੀਜ਼ਨ ਦੌਰਾਨ ਕਿਸਾਨਾਂ ਨੂੰ ਉਨ੍ਹਾਂ ਦੀ ਫ਼ਸਲ ਦੀ ਵਿਕਰੀ ਸਬੰਧੀ ਕਿਸੇ ਵੀ ਕਿਸਮ ਦੀ ਸਮੱਸਿਆ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਇਹ ਪ੍ਰਗਟਾਵਾ ਐਡੀਸ਼ਨਲ ਡਿਪਟੀ ਕਮਿਸ਼ਨਰ (ਵਿਕਾਸ) ਵਰਜੀਤ ਵਾਲੀਆ ਨੇ ਧੂਰੀ ਅਨਾਜ ਮੰਡੀ ਵਿਖੇ ਐਸ.ਐਸ.ਪੀ ਸਰਤਾਜ ਸਿੰਘ ਚਹਿਲ ਸਮੇਤ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਅਚਨਚੇਤ ਦੌਰਾ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਦੀ ਅਗਵਾਈ ਹੇਠ ਪ੍ਰਸ਼ਾਸਨ ਤੇ ਪੁਲਿਸ ਦੇ ਅਧਿਕਾਰੀਆਂ ਵੱਲੋਂ ਰੋਜ਼ਾਨਾ ਦੇ ਅਧਾਰ 'ਤੇ ਜ਼ਿਲ੍ਹੇ ਦੀਆਂ ਸਮੂਹ ਮੰਡੀਆਂ ਵਿੱਚ ਕਣਕ ਦੀ ਕੁੱਲ ਆਮਦ, ਖਰੀਦ, ਲਿਫਟਿੰਗ, ਅਦਾਇਗੀ ਆਦਿ ਸਬੰਧੀ ਸਮੀਖਿਆ ਕੀਤੀ ਜਾਂਦੀ ਹੈ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਕਿ ਕਿਸਾਨਾਂ ਸਮੇਤ ਕਿਸੇ ਵੀ ਵਰਗ ਨੂੰ ਮੰਡੀਆਂ ਵਿੱਚ ਕੋਈ ਸਮੱਸਿਆ ਪੇਸ਼ ਨਾ ਆਉਣ ਦਿੱਤੀ ਜਾਵੇ। ਏ.ਡੀ.ਸੀ (ਵਿਕਾਸ) ਵਰਜੀਤ ਵਾਲੀਆ ਨੇ ਕਿਹਾ ਕਿ ਖਰੀਦ ਦਾ ਕੰਮ ਨਿਰਵਿਘਨ ਚੱਲ ਰਿਹਾ ਹੈ ਅਤੇ ਸਬ ਡਵੀਜ਼ਨਾਂ ਵਿੱਚ ਸਬੰਧਤ ਉਪ ਮੰਡਲ ਮੈਜਿਸਟਰੇਟ ਅਤੇ ਡੀ.ਐਸ.ਪੀ ਨਿਯਮਤ ਤੌਰ 'ਤੇ ਖਰੀਦ ਕਾਰਜਾਂ ਦੀ ਨਿਗਰਾਨੀ ਕਰ ਰਹੇ ਹਨ। ਵਰਜੀਤ ਵਾਲੀਆ ਨੇ ਦੱਸਿਆ ਕਿ ਸਮੇਂ ਸਮੇਂ 'ਤੇ ਅਨਾਜ ਮੰਡੀਆਂ ਦੀ ਅਚਨਚੇਤ ਚੈਕਿੰਗ ਕਰਕੇ ਕਿਸਾਨਾਂ, ਆੜ੍ਹਤੀਆਂ ਆਦਿ ਦੀ ਫੀਡਬੈਕ ਕਰਕੇ ਉਪਲਬਧ ਸੁਵਿਧਾਵਾਂ ਦਾ ਜਾਇਜ਼ਾ ਵੀ ਲਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਕਿਸਾਨਾਂ ਵੱਲੋਂ ਪੁੱਤਾਂ ਵਾਂਗ ਪਾਲੀ ਫਸਲ ਦਾ ਇੱਕ-ਇੱਕ ਦਾ ਦਾਣਾ ਖਰੀਦਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਨਿਰਧਾਰਿਤ ਸਮਾਂ ਸੀਮਾ ਅੰਦਰ ਕਿਸਾਨਾਂ ਦੀ ਫਸਲ ਤੇ ਅਦਾਇਗੀ ਸਬੰਧੀ ਪ੍ਰਕਿਰਿਆ ਨੂੰ ਅਮਲ ਵਿੱਚ ਲਿਆਂਦਾ ਜਾ ਰਿਹਾ ਹੈ। ਇਸ ਮੌਕੇ ਐਸ.ਡੀ.ਐਮ ਧੂਰੀ ਅਮਿਤ ਗੁਪਤਾ, ਡੀ.ਐਸ.ਪੀ ਤਲਵਿੰਦਰ ਸਿੰਘ ਸਮੇਤ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਬੇਰੁਜ਼ਗਾਰਾਂ ਨੇ ਡਾ.ਬਲਬੀਰ ਨੂੰ ਸੌਂਪਿਆ ਮੰਗ ਪੱਤਰ 'ਆਪ' ਦੀ 2 ਸਾਲਾਂ ਦੀ ਕਾਰਗੁਜ਼ਾਰੀ ਉੱਤੇ ਚੁੱਕੇ ਸਵਾਲ

**ਸੰਗਰੂਰ ਸਾਂਝੀ ਸੋਚ ਬਿਊਰੋ**

ਲੋਕ ਸਭਾ ਚੋਣਾਂ ਦਾ ਮੈਦਾਨ ਭਖਣ ਤੋ ਪਹਿਲਾਂ ਹੀ ਪੰਜਾਬ ਦੇ ਬੇਰੁਜ਼ਗਾਰਾਂ ਨੇ ਪੰਜਾਬ ਸਰਕਾਰ ਦੀ ਦੋ ਸਾਲ ਦੀ ਕਾਰਗੁਜ਼ਾਰੀ ਦਾ ਲੇਖਾ ਜੋਖਾ ਜਨਤਾ ਦੀ ਕਚਹਿਰੀ ਵਿੱਚ ਰੱਖਣ ਅਤੇ ਆਉਂਦੇ ਤਿੰਨ ਸਾਲਾਂ ਵਿੱਚ ਰੁਜ਼ਗਾਰ ਦੇ ਮਸਲੇ ਉੱਤੇ ਸਰਕਾਰ ਨੂੰ ਗੰਭੀਰ ਹੋਣ ਦੀ ਚਿਤਾਵਨੀ ਦੇਣ ਲਈ ਆਪਣਾ ਸੰਘਰਸ਼ ਵਿੱਢ ਦਿੱਤਾ ਹੈ। ਪੰਜ ਬੇਰੁਜ਼ਗਾਰ ਜਥੇਬੰਦੀਆਂ ਉੱਤੇ ਆਧਾਰਿਤ ਬੇਰੁਜ਼ਗਾਰ ਸਾਂਝੇ ਮੋਰਚੇ ਨੇ ਸਥਾਨਕ ਗੁਰਦਵਾਰਾ ਦੁਖਨਿਵਾਰਨ ਸਾਹਿਬ ਦੇ ਸਾਹਮਣੇ ਇਕੱਠੇ ਹੋਣ ਤੋਂ ਬਾਅਦ ਮਾਰਚ ਕਰਕੇ ਸਿਹਤ ਮੰਤਰੀ ਡਾਕਟਰ ਬਲਬੀਰ ਸਿੰਘ ਦੇ ਨਾਮ ਮੰਗ ਪੱਤਰ ਉਹਨਾਂ ਦੇ ਬੇਟੇ ਨੂੰ ਸੌਂਪਿਆ।

ਬੇਰੁਜ਼ਗਾਰਾਂ ਨੇ ਲੋਕ ਸਭਾ ਹਲਕਾ ਪਟਿਆਲਾ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਡਾ. ਬਲਬੀਰ ਸਿੰਘ ਉੱਪਰ ਦੋਸ਼ ਲਗਾਇਆ ਕਿ ਉਹਨਾਂ ਨੇ ਸਿਹਤ ਨਾਲ ਸੰਬੰਧਤ ਜਥੇਬੰਦੀਆਂ ਨਾਲ ਦੋ ਸਾਲਾਂ ਦੌਰਾਨ ਕੋਈ ਪੈਨਲ ਮੀਟਿੰਗ ਨਹੀਂ ਕੀਤੀ। ਮੋਰਚੇ ਦੇ ਆਗੂਆਂ ਸੁਖਵਿੰਦਰ ਸਿੰਘ ਢਿੱਲਵਾਂ, ਰਮਨ ਕੁਮਾਰ ਮਲੋਟ, ਹਰਜਿੰਦਰ ਸਿੰਘ ਝੁਨੀਰ ਅਤੇ ਅਮਨਦੀਪ ਸਿੰਘ ਸੇਖਾ ਨੇ ਦੱਸਿਆ ਕਿ ਪੰਜਾਬ ਦੀ ਸਰਕਾਰ ਨੇ ਦੋ ਸਾਲ ਵਿੱਚ ਸਿੱਖਿਆ ਅਤੇ ਸਿਹਤ ਵਿਭਾਗ ਵਿੱਚ ਇੱਕ ਵੀ ਭਰਤੀ ਨਹੀਂ ਕੀਤੀ ਸਗੋਂ ਪਿਛਲੀ ਸਰਕਾਰ ਮੌਕੇ ਦੀਆਂ ਜਾਰੀ ਭਰਤੀਆਂ ਨੂੰ ਲਟਕਾਇਆ ਜਾ ਰਿਹਾ ਹੈ।

ਉਹਨਾਂ ਦੱਸਿਆ ਕਿ ਰੁਜ਼ਗਾਰ ਦੇਣ ਦਾ ਵਾਅਦਾ ਲੈ ਕੇ ਸੱਤਾ ਵਿਚ ਆਈ ਸਰਕਾਰ ਨੇ ਰੁਜ਼ਗਾਰ ਦੇਣ ਦੀ ਬਜਾਏ ਅਨੇਕਾਂ ਵਾਰ ਮੁੱਖ ਮੰਤਰੀ ਦੀ ਕੋਠੀ ਅੱਗੇ ਸੰਗਰੂਰ ਅਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਕੋਠੀ ਅੱਗੇ ਗੰਭੀਰਪੁਰਾ ਵਿਖੇ ਪੰਜਾਬ ਦੀ ਪੜੀ ਲਿਖੀ ਬੇਰੁਜ਼ਗਾਰ ਨੌਜਵਾਨੀ ਉੱਤੇ ਜ਼ਬਰ ਕੀਤਾ ਹੈ, ਜਿਸਦਾ ਖਮਿਆਜ਼ਾ ਇਹਨਾ ਨੂੰ ਲੋਕ ਸਭਾ ਚੋਣਾਂ ਵਿੱਚ ਭੁਗਤਣਾ ਪਵੇਗਾ। ਉਹਨਾਂ ਕਿਹਾ ਕਿ ਸਰਕਾਰ ਨੇ ਜੇਕਰ ਬਾਕੀ ਬਚੇ ਤਿੰਨ ਸਾਲਾਂ ਵਿੱਚ ਭਰਤੀ ਨਾ ਕੀਤੀ ਤਾਂ ਪੰਜਾਬ ਦੇ ਬੇਰੁਜ਼ਗਾਰ ਹਰੇਕ ਮੋੜ ਉੱਤੇ ਸਰਕਾਰ ਨੂੰ ਘੇਰਨਗੇ।

# JK TYRE INC

JK TYRE
TOTAL CONTROL

**KTD10-LEAO**
Radial Truck Tire (Long Haul)



295/75R22.5
$2600
With Installation
Singh: 510-766-9382

**JK JETSTEEL JDH**

SPECIAL OFFER !!



DRIVE TIRE
11R22.5-
With Installation
Singh: 510-766-9382

**Firestone FS591**

SPECIAL OFFER !!

STEER TIRE
295/75R22.5
With Installation
Singh: 510-766-9382



11R22.5
With Installation
Singh: 510-766-9382

**Sizes available in drive & trailer**
295/75/22.5
11r/22.5
11r/24.5
255/70/22.5
315/80/22.5
425/65/22.5

**JETWAY JTH 1**

SPECIAL OFFER !!



TRAILER TIRE
11R22.5-
11R24.5-
With Installation
Singh: 510-766-9382

**JETWAY JTH SD**

SPECIAL OFFER !!



TRAILER TIRE
295/75R22.5-
With Installation
Singh: 510-766-9382

**JK JETSTEEL JDL2**

SPECIAL OFFER !!



DRIVE TIRE
11R22.5-
11R24.5-
295/75R22.5-
With Installation
Singh: 510-766-9382



FALKEN TIRES | GOODYEAR | KELLY TIRES | BARKLEY Feel the difference | PIRELLI
MICHELIN A better way forward | BRIDGESTONE | Firestone | YOKOHAMA
PEARLY | NAMA | TOYO TIRES driven to perform | Continental | DUNLOP TIRES

## S. Singh Cell: (510) 766-9382

2955 N. Wilson Way Stockton , CA 95205

# ਪੀੜੀ ਦਾ ਖ਼ਾਤਮਾ ਕਰ ਰਹੇ ਨਸ਼ੇ ਦੇ ਸੌਦਾਗਰਾਂ ਨੂੰ ਕਿਸੇ ਵੀ ਹਾਲ 'ਚ ਬਖ਼ਸ਼ਿਆ ਨਹੀਂ ਜਾਵੇਗਾ -ਤਰਨਜੀਤ ਸੰਧੂ ਸਮੁੰਦਰੀ

ਅੰਮ੍ਰਿਤਸਰ
ਚੋਣ ਪ੍ਰਤੀਨਿਧੀ



ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਜਪਾ ਉਮੀਦਵਾਰ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਕਿਹਾ ਕਿ ਨਸ਼ੇ ਦੇ ਸੌਦਾਗਰਾਂ ਨੂੰ ਕਿਸੇ ਵੀ ਹਾਲਤ 'ਚ ਬਖ਼ਸ਼ਿਆ ਨਹੀਂ ਜਾਵੇਗਾ, ਜੋ ਪੀੜੀ ਨੂੰ ਖ਼ਤਮ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਮੈਂ ਰਾਜਨੀਤੀ ਕਰਨ ਨਹੀਂ ਆਇਆ, ਮੇਰਾ ਮਕਸਦ ਆਪਣੇ ਹਲਕੇ ਨੂੰ ਦੇਸ਼ ਭਰ ਵਿੱਚ ਮੋਹਰੀ ਬਣਾ ਕੇ ਵਿਸ਼ਵ ਪੱਧਰ ਦਾ ਬਣਾਉਣਾ ਹੈ। ਆਪਣੇ ਮਕਸਦ ਨੂੰ ਹਕੀਕਤ ਵਿੱਚ ਬਦਲਣ ਲਈ ਮੈਂ ਦਿਨ ਰਾਤ ਇੱਕ ਕਰ ਦੇਵਾਂਗਾ। ਸੰਧੂ ਸਮੁੰਦਰੀ ਅੱਜ ਹਲਕੇ ਦੇ ਪਿੰਡ ਨੌਸ਼ਹਿਰਾ ਵਿਖੇ ਦੇਰ ਸ਼ਾਮ ਤਕ ਡੋਰ ਟੂ ਡੋਰ ਜਾ ਕੇ ਵੋਟਾਂ ਲਈ ਅਪੀਲ ਕਰ ਰਹੇ ਸਨ।

ਇਸ ਮੌਕੇ ਤਰਨਜੀਤ ਸਿੰਘ ਸੰਧੂ ਸਮੁੰਦਰੀ ਦਾ ਫੁੱਲਾਂ ਦੇ ਹਾਰ ਅਤੇ ਸਿਰੋਪਾਉ ਨਾਲ ਥਾਂ ਥਾਂ ਲੋਕਾਂ ਵੱਲੋਂ ਸ਼ਾਨਦਾਰ ਸਵਾਗਤ ਕੀਤਾ ਗਿਆ। ਉਨ੍ਹਾਂ 'ਤੇ ਫੁੱਲਾਂ ਦੀ ਵਰਖਾ ਕੀਤੀ ਗਈ। ਲੋਕਾਂ ਨੇ ਸੰਧੂ ਨਾਲ ਗਲਵੱਕੜੀਆਂ ਪਾਈਆਂ ਅਤੇ ਸੈਲਫੀਆਂ ਲਈਆਂ। ਭਾਵੇਂ ਕਿ ਦੇਰ ਸ਼ਾਮ ਦਾ ਵੇਲਾ ਸੀ ਫਿਰ ਵੀ ਲੋਕਾਂ ਦਾ ਉਤਸ਼ਾਹ ਦੇਖਿਆਂ ਹੀ ਬਣਦਾ ਸੀ। ਇਸ ਮੌਕੇ ਇਲਾਕਾ ਨਿਵਾਸੀਆਂ ਨੇ ਸੰਧੂ ਨੂੰ ਭਾਰੀ ਗਿਣਤੀ ਵੋਟਾਂ ਨਾਲ ਜਿਤਾ ਕੇ ਪਾਰਲੀਮੈਂਟ 'ਚ ਭੇਜਣ ਦਾ ਭਰੋਸਾ ਦਿੱਤਾ।

ਸੰਧੂ ਨੇ ਲੋਕਾਂ ਤੋਂ ਇਕ ਜੂਨ ਨੂੰ ਕਮਲ ਦੇ ਫੁੱਲ ਦਾ ਬਟਨ ਦਬਾ ਕੇ ਵੋਟਾਂ ਪਾਉਣ ਦੀ ਅਪੀਲ ਕੀਤੀ। ਇਸ ਮੌਕੇ ਉਨ੍ਹਾਂ ਨਾ ਕੇ ਡੀ ਭੰਡਾਰੀ, ਹਰਵਿੰਦਰ ਸਿੰਘ ਸੰਧੂ, ਸੁਖਮਿੰਦਰ ਸਿੰਘ ਪਿੰਟੂ, ਮੰਡਲ ਪ੍ਰਧਾਨ ਸੁਖਦੇਵ ਸਿੰਘ ਹਨੇਰੀਆਂ, ਅਨਿਲ ਕੁਮਾਰ, ਤੀਰਥ ਸਿੰਘ, ਸੁਦਰਸ਼ਨ ਛੋਟੂ, ਸ੍ਰੀਮਤੀ ਸੁਨੀਤਾ, ਲਾਡੀ, ਅਮਿਤ ਕੁਮਾਰ ਸਮੇਤ ਭਾਰੀ ਗਿਣਤੀ 'ਚ ਸਮਰਥਕ ਮੌਜੂਦ ਸਨ। ਸੰਧੂ ਸਮੁੰਦਰੀ ਨੇ ਚੋਣ ਮਨੋਰਥ ਪੱਤਰ ਅਤੇ ਹਲਕੇ ਦੇ ਪੇਂਡੂ ਏਰੀਏ, ਕਿਸਾਨਾਂ ਮਜ਼ਦੂਰਾਂ ਬਾਰੇ ਆਪਣੀਆਂ ਭਵਿੱਖੀ ਯੋਜਨਾਵਾਂ, ਵੀਜ਼ਨ ਅਤੇ ਮੋਦੀ ਦੇ ਸੰਕਲਪ ਪੱਤਰ ਬਾਰੇ ਵਿਚਾਰ ਚਰਚਾ ਕੀਤੀ। ਸੰਧੂ ਸਮੁੰਦਰੀ ਨੇ ਇਸ ਵਕਤ ਪਿੰਡ 'ਚ ਨਸ਼ਿਆਂ ਦਾ ਪ੍ਰਕੋਪ ਦੇਖਿਆ, ਜਿੱਥੇ ਕਈ ਘਰਾਂ ਵਿਚ ਨਿੱਕੇ ਨਿੱਕੇ ਬਚਿਆਂ ਦੇ ਨੌਜਵਾਨ ਮਾਪਿਆਂ ਦੀ ਨਸ਼ਿਆਂ ਕਾਰਨ ਮੌਤਾਂ ਹੋ ਚੁੱਕੀਆਂ ਸਨ। ਉਨ੍ਹਾਂ ਕਿਹਾ ਕਿ ਹੈਰਾਨੀ ਦੀ ਗਲ ਹੈ ਕਿ ਪਿਛਲੇ ਕਈ ਸਾਲਾਂ ਤੋਂ ਨੌਜਵਾਨ ਨਸ਼ਿਆਂ ਦਾ ਸ਼ਿਕਾਰ ਹੋ ਰਹੇ ਹਨ, ਪਰ ਸਰਕਾਰ ਅਤੇ ਚੁਣੇ ਹੋਏ ਨੁਮਾਇੰਦੇ ਆਰਾਮ ਨਾਲ ਆਪਣੇ ਹੀ ਲੋਕਾਂ ਦਾ ਤਮਾਸ਼ਾ ਦੇਖ ਰਹੇ ਹਨ। ਉਨ੍ਹਾਂ ਕਿਹਾ ਕਿ ਚੋਣਾਂ ਤੋਂ ਬਾਅਦ ਉਹ ਮੈਂਬਰ ਪਾਰਲੀਮੈਂਟ ਬਣਦੇ ਹਨ ਤਾਂ ਅੰਮ੍ਰਿਤਸਰ ਵਿਚੋਂ ਨਸ਼ਿਆਂ ਨੂੰ ਹਰ ਹਾਲ ਵਿਚ ਜੜੋ ਖ਼ਤਮ ਕੀਤਾ ਜਾਵੇਗਾ।

ਨਸ਼ੇ 'ਚ ਲੱਗੇ ਨੌਜਵਾਨਾਂ ਨੂੰ ਮੁਫ਼ਤ ਇਲਾਜ ਦੀ ਸਹੂਲਤ ਅਤੇ ਰੁਜ਼ਗਾਰ ਜੁੱਟਾਂ ਕੇ ਉਨ੍ਹਾਂ ਦਾ ਮੁੜ ਵਸੇਬਾ ਕੀਤਾ ਜਾਵੇਗਾ। ਨਸ਼ਿਆਂ ਦੇ ਖ਼ਾਤਮੇ ਲਈ ਪੁਲੀਸ ਦੀ ਜ਼ਿੰਮੇਵਾਰੀ ਤੈਅ ਹੋਵੇਗੀ। ਔਰਤਾਂ ਦੇ ਸਨਮਾਨ ਅਤੇ ਸੁਰੱਖਿਆ ਨੂੰ ਯਕੀਨੀ ਬਣਾਇਆ ਜਾਵੇਗਾ। ਭਾਜਪਾ ਦਾ ਮੁੱਖ ਉਦੇਸ਼ ਸ਼ਹਿਰ ਵਿੱਚ ਕਾਨੂੰਨ ਵਿਵਸਥਾ ਨੂੰ ਇਸ ਹੱਦ ਤੱਕ ਸੁਧਾਰਨਾ ਹੋਵੇਗਾ ਕਿ ਔਰਤਾਂ ਨੂੰ ਦੇਰ ਰਾਤ ਕੰਮ ਤੋਂ ਘਰ ਪਹੁੰਚਣ 'ਤੇ ਕਿਸੇ ਡਰ ਦਾ ਸਾਹਮਣਾ ਨਾ ਕਰਨਾ ਪਵੇ। ਇਸੇ ਦੌਰਾਨ ਪਿੰਡ ਨੌਸ਼ਹਿਰਾ ਦੇ ਲੋਕਾਂ ਨੇ ਸੰਧੂ ਨੂੰ ਦੱਸਿਆ ਕਿ ਕਦੇ ਵੀ ਕਿਸੇ ਚੁਣੇ ਹੋਏ ਨੁਮਾਇੰਦੇ ਨੇ ਉਨ੍ਹਾਂ ਦੀ ਸਾਰ ਨਹੀਂ ਲਈ ਹੈ। ਉਨ੍ਹਾਂ ਕਿਹਾ ਕਿ ਅੱਜ ਵੀ ਇੱਥੇ ਨਸ਼ਿਆਂ ਦੀ ਭਰਮਾਰ ਤੋਂ ਇਲਾਵਾ ਖ਼ਰਾਬ ਹਾਲਤ ਸੜਕਾਂ, ਸੀਵਰੇਜ, ਪੀਣ ਵਾਲੇ ਸਾਫ਼ ਪਾਣੀ, ਸਟਰੀਟ ਲਾਈਟਾਂ ਦਾ ਕੋਈ ਵਧੀਆ ਪ੍ਰਬੰਧ ਨਾ ਹੋਣ ਤੋਂ ਇਲਾਵਾ ਯੋਗ ਲਾਭ ਪਾਤਰੀਆਂ ਦੇ ਅਨੇਕਾਂ ਨੀਲੇ ਕਾਰਡ ਕੱਟੇ ਗਏ ਹਨ। ਡੀਪੂਆਂ ਤੋਂ ਕੇਂਦਰ ਵੱਲੋਂ ਦਿੱਤੀ ਜਾਂਦੀ ਮੁਫ਼ਤ ਰਾਸ਼ਨ ਅਤੇ ਕਣਕ ਲੋਕਾਂ ਤਕ ਨਹੀਂ ਪਹੁੰਚ ਰਿਹਾ ਹੈ। ਕੱਚੇ ਮਕਾਨ ਪੱਕੇ ਨਹੀਂ ਕੀਤੇ ਜਾ ਰਹੇ ਹਨ। ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਜੋ ਲੋਕ ਅਤੇ ਅਧਿਕਾਰੀ ਕੇਂਦਰੀ ਸਕੀਮਾਂ ਵਿਚ ਇਮਾਨਦਾਰੀ ਨਹੀਂ ਦਿਖਾ ਰਹੇ ਹਨ ਉਨ੍ਹਾਂ ਦੀ ਜਵਾਬਦੇਹੀ ਹੋਵੇਗੀ ਅਤੇ ਉਨ੍ਹਾਂ ਨੂੰ ਸਖ਼ਤ ਕਾਰਵਾਈ ਦਾ ਸਾਹਮਣਾ ਕਰਨਾ ਪਵੇਗਾ।

ਅੰਮ੍ਰਿਤਸਰ ਵਿੱਚ ਸੀਵਰੇਜ ਦੇ ਗੰਦੇ ਪਾਣੀ ਨਾਲ ਹੋਣ ਵਾਲੇ ਪ੍ਰਦੂਸ਼ਣ ਨੂੰ ਹੱਲ ਕਰਨਾ ਉਨ੍ਹਾਂ ਦੀ ਮੁੱਖ ਤਰਜੀਹ ਹੈ। ਉਨ੍ਹਾਂ ਕਿਹਾ ਕਿ ਇਸ ਦੇ ਹੱਲ ਲਈ ਆਧੁਨਿਕ ਤਕਨੀਕ ਦੀ ਵਰਤੋਂ ਕੀਤੀ ਜਾਵੇਗੀ। ਉਨ੍ਹਾਂ ਕਿਹਾ, ਮੈਂ ਸਿਰਫ਼ ਇਹੀ ਕਹਾਂਗਾ ਕਿ ਜਦੋਂ ਸੰਸਦੀ ਚੋਣਾਂ ਹੋਣਗੀਆਂ ਤਾਂ ਸੋਚ ਸਮਝ ਕੇ ਵੋਟ ਕਰੋ ਅਤੇ ਜਦੋਂ ਤੁਸੀਂ ਮੈਨੂੰ ਇੱਥੋਂ ਸੰਸਦ ਮੈਂਬਰ ਬਣਾ ਕੇ ਭੇਜੋਗੇ ਤਾਂ ਮੈਂ ਭਾਰਤ ਸਰਕਾਰ ਅਤੇ ਵਿਦੇਸ਼ੀ ਤਕਨੀਕ ਦੀ ਮਦਦ ਨਾਲ ਸਮੱਸਿਆਵਾਂ ਦਾ ਹੱਲ ਕਰਾਂਗਾ।

## ਸਕੇਪ ਸਾਹਿਤਕ ਸੰਸਥਾ ਦੀ ਸਲਾਨਾ ਚੋਣ -ਕਮਲੇਸ਼ ਸੰਧੂ ਪ੍ਰਧਾਨ ਬਣੇ



ਫਗਵਾੜਾ
ਸਾਂਝੀ ਸੋਚ ਬਿਊਰੋ

ਪੰਜਾਬ 'ਚ ਵਿਲੱਖਣ ਸਾਹਿਤਕ ਸਰਗਰਮੀਆਂ ਲਈ ਜਾਣੀ ਜਾਂਦੀ ਸਕੇਪ ਸਾਹਿਤਕ ਸੰਸਥਾ ਦੀ ਸਲਾਨਾ ਚੋਣ ਸਮੇਂ ਕਵਿੱਤਰੀ ਕਮਲੇਸ਼ ਸੰਧੂ ਸਾਲ 2024-25 ਲਈ ਪ੍ਰਧਾਨ ਚੁਣੇ ਗਏ।

ਸੰਸਥਾ ਦੀ ਕੋਰ ਕਮੇਟੀ ਦੇ ਫੈਸਲੇ ਨੂੰ ਜਨਰਲ ਬਾਡੀ 'ਚ ਪੇਸ਼ ਕਰਦਿਆਂ ਮੌਜੂਦਾ ਪ੍ਰਧਾਨ ਪਰਵਿੰਦਰਜੀਤ ਸਿੰਘ ਨੇ ਦੱਸਿਆ ਕਿ ਕਵਿੱਤਰੀ ਕਮਲੇਸ਼ ਸੰਧੂ ਨੂੰ ਪ੍ਰਧਾਨ, ਸੋਢੀ ਸੱਤੋਵਾਲੀਆ ਮੀਤ ਪ੍ਰਧਾਨ, ਪਰਵਿੰਦਰਜੀਤ ਸਿੰਘ ਨੂੰ ਜਨਰਲ ਸਕੱਤਰ, ਦਵਿੰਦਰ ਜੱਸਲ ਸਕੱਤਰ, ਮਨਦੀਪ ਸਿੰਘ ਖਜ਼ਾਨਚੀ, ਅਸ਼ੋਕ ਸ਼ਰਮਾ ਪ੍ਰੈਸ ਸਕੱਤਰ ਚੁਣੇ ਗਏ ਹਨ।

ਉਹਨਾਂ ਨੇ ਸਾਹਿਤਕ ਸੰਸਥਾ ਦੀਆਂ ਪਿਛਲੇ ਸਾਲ ਦੀਆਂ ਸਰਗਰਮੀਆਂ ਨੂੰ ਇਜਲਾਸ ਵਿਚ ਪੇਸ਼ ਕੀਤਾ। ਉਹਨਾਂ ਦੱਸਿਆ ਕਿ "ਸ਼ਬਦ ਸਿਰਜਣਹਾਰੇ -4" ਸੰਪਾਦਿਤ ਪੁਸਤਕ ਸਾਲ 2023 'ਚ ਛਾਪੀ ਗਈ ਹੈ ਅਤੇ ਨਿਰੰਤਰਤਾ ਨਾਲ ਇਸ ਵਰ੍ਹੇ ਵੀ ਛਾਪੀ ਜਾਏਗੀ। ਉਹਨਾਂ ਨੇ ਜਨਰਲ ਇਜਲਾਸ ਮੈਂਬਰਾਂ ਵਲੋਂ ਉਹਨਾਂ ਨੂੰ ਸਾਹਿਤਕ ਸਰਗਰਮੀਆਂ ਵਧਾਉਣ ਲਈ ਧੰਨਵਾਦ ਕੀਤਾ।

## ਸਰਕਾਰੀ (ਕੰ.) ਸੀਨੀ.ਸੈਕੰ ਸਕੂਲ ਬ੍ਰਹਮਪੁਰ ਦਾ ਦਸਵੀਂ ਸ਼੍ਰੇਣੀ ਦਾ ਨਤੀਜਾ ਰਿਹਾ ਸ਼ਾਨਦਾਰ

ਤਰਨ ਤਾਰਨ
ਰਕੇਸ਼ ਨਈਅਰ


ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਦਸਵੀਂ ਸ਼੍ਰੇਣੀ ਦੀ ਲਈ ਗਈ ਪ੍ਰੀਖਿਆ ਵਿੱਚ ਸਰਕਾਰੀ (ਕੰ) ਸੀਨੀਅਰ ਸੈਕੰਡਰੀ ਸਕੂਲ ਬ੍ਰਹਮਪੁਰ ਦਾ ਨਤੀਜਾ ਸੌ ਪ੍ਰਤੀਸ਼ਤ ਰਿਹਾ ਹੈ। ਇਸ ਪ੍ਰਾਪਤੀ ਦਾ ਸਿਹਰਾ ਸਕੂਲ ਦੇ ਮਿਹਨਤੀ ਅਤੇ ਇਮਾਨਦਾਰ ਸਟਾਫ ਸਿਰ ਜਾਂਦਾ ਹੈ।

ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸਕੂਲ ਦੇ ਪ੍ਰਿੰਸੀਪਲ ਸੁਰਿੰਦਰ ਸਿੰਘ ਨੇ ਦੱਸਿਆ ਕਿ ਇਸ ਸਕੂਲ ਦੇ ਦਸਵੀਂ ਜਮਾਤ ਦੀਆਂ 50 ਵਿਦਿਆਰਥਣਾਂ ਨੇ ਪ੍ਰੀਖਿਆ ਦਿੱਤੀ ਸੀ।

ਜਿਨ੍ਹਾਂ ਵਿਚੋਂ 43 ਵਿਦਿਆਰਥਣਾਂ ਪਹਿਲੇ ਦਰਜੇ ਵਿੱਚ ਪਾਸ ਹੋਈਆਂ ਅਤੇ 7 ਵਿਦਿਆਰਥਣਾਂ ਨੇ ਦੂਸਰਾ ਦਰਜਾ ਪ੍ਰਾਪਤ ਕੀਤਾ ਹੈ।

ਸਕੂਲ ਦੀ ਵਿਦਿਆਰਥਣ ਮਨਜੋਤ ਕੌਰ ਅਤੇ ਸੁਖਮੀਤ ਕੌਰ ਨੇ ਕ੍ਰਮਵਾਰ 611/650 ਅਤੇ 606/650 ਅੰਕ ਪ੍ਰਾਪਤ ਕਰਕੇ ਆਪਣੇ ਸਕੂਲ ਅਤੇ ਮਾਤਾ ਪਿਤਾ ਦਾ ਨਾਂ ਰੌਸ਼ਨ ਕੀਤਾ।

ਸਕੂਲ ਦੇ ਇਸ ਸ਼ਾਨਦਾਰ ਨਤੀਜੇ ਦਾ ਸਿਹਰਾ ਪ੍ਰਿੰਸੀਪਲ ਸੁਰਿੰਦਰ ਸਿੰਘ ਅਤੇ ਸਕੂਲ ਸਟਾਫ ਅਮਨਦੀਪ ਸਿੰਘ, ਅਮਰਪ੍ਰੀਤ ਕੌਰ,ਅਸ਼ੀਸ਼ ਕੁਮਾਰ, ਅਮਨਦੀਪ ਕੌਰ, ਸ਼ਕੁੰਤਲਾ ਰਾਣੀ, ਗੁਰਮੀਤ ਸਿੰਘ, ਕੰਵਲਪ੍ਰੀਤ ਕੌਰ, ਸੁਮਿਤ ਬਾਂਸਲ, ਹਰਵਿੰਦਰ ਕੌਰ, ਰਵਨੀਤ ਸਿੰਘ ਅਤੇ ਨੇਹਾ ਕੰਵਰ ਸਿਰ ਜਾਂਦਾ ਹੈ।




Sanjha Punjab USA
Presents
Dr. Mamta Joshi
Sufi Gazal
MAY 4 SAT
AT
7:00 PM
LIVE
CONCERT
VENUE :
ANTUN'S
BY
MINAR
244 West Old Country Road Hicksville, New York 11801
Show Booking your City
Balwinder Singh Bajwa
Ph : 516-852-2222
SANJHA
ਪੰਜਾਬ
USA
www.sanjhapunjabusa.us | sanjhapunjabusa@gmail.com


SAI JEWELERS
Making Every
Occassion Beautiful
30 ਸਾਲ ਤੋਂ ਵੱਧ ਦਾ ਤਜ਼ਰਬਾ | 3 ਪੀੜੀਆਂ ਤੋਂ ਕਰ ਰਹੇ ਗਹਿਣਿਆਂ ਦਾ ਕੰਮ
ਹਰ ਤਰ੍ਹਾਂ ਦੇ ਸੋਨੇ ਤੇ ਚਾਂਦੀ ਦੇ ਮਨਪਸੰਦ ਗਹਿਣੇ ਖ਼ਰੀਦੋ
ਗਹਿਣੇ ਪਾਲਿਸ਼ ਜਾਂ Repair ਕਰਵਾਓ
Exchange & Trade of
Jewellery Available
ਸਾਡੇ ਕੋਲ Gold ਤੇ Silver ਦੇ ਸਿੱਕੇ ਵੀ ਮਿਲਦੇ ਹਨ
Diamond Jewellery ਵਿਚ ਵੀ ਕਰਦੇ ਹਾਂ DEAL
ਤੁਸੀਂ ਸਾਡੇ ਕੋਲੋਂ ਗਹਿਣੇ Exchange ਵੀ ਕਰਵਾ ਸਕਦੇ ਹੋ
(ਅਸੀਂ ਪੁਰਾਣੇ ਗਹਿਣੇ ਲੈਕੇ ਨਵੇਂ ਗਹਿਣੇ ਦਿੰਦੇ ਹਾਂ )
Open : Tuesday -Sunday |11:00 AM- 6:00 PM
Monday Available -By Call -ON APPPOINTMENTS
Visit our Store to Explore New Designs
ਵਧੇਰੇ ਜਾਣਕਾਰੀ ਲਈ ਕਾਲ ਕਰੋ :
ਧਰਮ ਚੌਹਾਨ -(209) 678-6600 | ਸਟੋਰ ਨੰਬਰ -(209) 408-8553
ADDRESS : 2900, Standiford Ave Ste, 16 B Modesto CA 95350

# ARCPOINT LABS
## OF MANTECA

Accurate, Reliable, Confidential Testing.

**ਸਾਡੀਆਂ ਸੇਵਾਵਾਂ :**

**DOT ਦੇ Drug ਤੇ Alcohal Testing**
**Pre- Employment Testing | Physicals**
**Hair & Nail Testing |Immigration DNA**
**Paternity & Relationship DNA**

**Health Checkups ਜਿਵੇਂ :**





Cholestrol Test | Heart Health | Thyroid Test






Diabetes Test | Food Allergy | Vitamin & Nutrient Test

**ਆਪਣੇ ਹੋਣ ਵਾਲੇ Baby ਦਾ Gender ਜਾਣੋ 6 Weeks ਵਿੱਚ**




**ਵਧੇਰੇ ਜਾਣਕਾਰੀ ਲਈ ਕਾਲ ਕਰੋ :**
**(209) 629-8282 |(209) 505-6384**

**Address : 119. Maple AVe, Suite A Manteca, CA 95336**


E-MAIL:SALES@ezeldsolutions.com
EZ ELD SOLUTIONS
LOGBOOKS MADE EASY
TRACK YOUR TRUCK WITH
EZ TRUCK SOLUTION
ਆਪਣੇ ਟਰੱਕ ਵਿਚ ELD DEVICE ਲਗਾਉਣ ਲਈ ਸਾਨੂੰ ਕਾਲ ਕਰੋ
ਅਸੀਂ ਤੁਹਾਡੇ ਨਾਲ ਪੰਜਾਬੀ ਵਿਚ ਗੱਲ-ਬਾਤ ਕਰ ਸਕਦੇ ਹਾਂ
FMCSA Complaint & Affordable
The Power of telematics in the palm of your hand
Compliance | Asset Tracking | Management
$100 HARDWARE
ONE-TIME FEE
$20 MONTHLY
SUBSCRIPTION
CRITICAL ENGINE DATA
Maintenance Entry
Tracking
Tire Pressure
Diagnostics
24/7 TECHNICAL SUPPORT IN
ENGLISH,SPANISH AND PUNJABI.
CALL NOW +1 (800) 556-7105
Official Address : 2301 W Belmont ave, Fresno, CA 93727

# ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਵੋਟਿੰਗ ਦੇ ਸਮੁੱਚੇ ਤਜ਼ਰਬੇ ਨੂੰ ਅਨੰਦਮਈ ਬਣਾਉਣ ਵਾਸਤੇ ਚੁੱਕੇ ਗਏ ਕਦਮਾਂ ਦੀ ਦਿੱਤੀ ਜਾਣਕਾਰੀ

**ਚੰਡੀਗੜ੍ਹ ਸਾਂਝੀ ਸੋਚ ਬਿਊਰੋ**

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਦਫ਼ਤਰ ਵੱਲੋਂ ਸ਼ੁਰੂ ਕੀਤੇ ਗਏ ਪੋਡਕਾਸਟ ਦਾ ਦੂਜਾ ਐਪੀਸੋਡ ਸੋਸ਼ਲ ਮੀਡੀਆ ਦੇ ਅਧਿਕਾਰਤ ਪੇਜ਼ਾਂ 'ਤੇ ਰਿਲੀਜ਼ ਕਰ ਦਿੱਤਾ ਗਿਆ ਹੈ। ਇਸ ਐਪੀਸੋਡ ਵਿੱਚ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਲੋਕ ਸਭਾ ਚੋਣਾਂ-2024 ਵਿੱਚ 'ਇਸ ਵਾਰ 70 ਪਾਰ ਦੇ ਟੀਚੇ' ਨੂੰ ਪ੍ਰਾਪਤ ਕਰਨ ਲਈ ਚੁੱਕੇ ਜਾ ਰਹੇ ਕਦਮਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਹੈ। ਸਿਬਿਨ ਸੀ ਨੇ ਦੱਸਿਆ ਕਿ ਭਾਰਤੀ ਚੋਣ ਕਮਿਸ਼ਨ ਵੱਲੋਂ 'ਇਸ ਵਾਰ 70 ਪਾਰ' ਦਾ ਟੀਚਾ ਮਿੱਥਿਆ ਗਿਆ ਹੈ, ਜਿਸ ਨੂੰ ਪ੍ਰਾਪਤ ਕਰਨ ਲਈ ਸਾਰੇ ਜ਼ਿਲ੍ਹਿਆਂ ਵਿੱਚ ਵੱਡੇ ਪੱਧਰ 'ਤੇ ਜਾਗਰੂਕਤਾ ਮੁਹਿੰਮਾਂ ਚੱਲ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਮੁਹਿੰਮਾਂ ਦੌਰਾਨ ਵੋਟਰਾਂ ਨੂੰ ਬਿਨਾਂ ਕਿਸੇ ਦਬਾਅ ਅਤੇ ਨਿਰਪੱਖ ਤਰੀਕੇ ਨਾਲ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਪ੍ਰੇਰਿਆ ਜਾ ਰਿਹਾ ਹੈ ਤਾਂ ਜੋ ਲੋਕੰਤਤਰ ਦੇ ਇਸ ਸਭ ਤੋਂ ਵੱਡੇ ਤਿਉਹਾਰ ਵਿੱਚ ਉਨ੍ਹਾਂ ਦੀ ਸ਼ਮੂਲੀਅਤ ਨੂੰ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਚੋਣਾਂ ਵਿੱਚ ਨੌਜਵਾਨ ਵੋਟਰਾਂ ਦੀ ਭਾਗੀਦਾਰੀ ਨੂੰ ਯਕੀਨੀ ਬਣਾਉਣ ਲਈ ਸੋਸ਼ਲ ਮੀਡੀਆ ਉੱਤੇ ਚਲਾਈਆਂ ਜਾ ਰਹੀਆਂ ਵਿਸ਼ੇਸ਼ ਮੁਹਿੰਮਾਂ ਦਾ ਵੀ ਜ਼ਿਕਰ ਕੀਤਾ। ਸਿਬਿਨ ਸੀ ਨੇ ਪੋਡਕਾਸਟ ਵਿੱਚ ਇਸ ਵਾਰ ਵੋਟਿੰਗ ਦੇ ਸਮੁੱਚੇ ਤਜ਼ਰਬੇ ਨੂੰ ਅਨੰਦਦਾਇਕ ਬਣਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਬਹੁਤ ਸਪੱਸ਼ਟ ਤਰੀਕੇ ਨਾਲ ਦੱਸਿਆ ਹੈ ਅਤੇ ਵੋਟਰਾਂ ਦੀ ਸਹੂਲਤ ਲਈ ਕੀਤੇ ਗਏ ਪ੍ਰਬੰਧਾਂ ਉੱਤੇ ਵੀ ਚਾਨਣਾ ਪਾਇਆ ਹੈ। ਜ਼ਿਕਰਯੋਗ ਹੈ ਕਿ ਪੋਡਕਾਸਟ ਦੇ ਪਹਿਲੇ ਐਪੀਸੋਡ ਵਿੱਚ ਮੁੱਖ ਚੋਣ ਅਧਿਕਾਰੀ ਵੱਲੋਂ ਸੀ-ਵਿਜ਼ਲ ਐਪਲੀਕੇਸ਼ਨ ਬਾਰੇ ਜਾਣਕਾਰੀ ਦਿੱਤੀ ਗਈ ਸੀ।

# ਸੇਫ਼ ਸਕੂਲ ਵਾਹਨ ਪਾਲਿਸੀ ਦੀ ਉਲੰਘਣਾ ਕਰਨ ਵਾਲੀਆਂ 09 ਸਕੂਲੀ ਬੱਸਾਂ ਦੇ ਚਲਾਨ

**ਮਾਨਸਾ ਸਾਂਝੀ ਸੋਚ ਬਿਊਰੋ**



ਡਿਪਟੀ ਕਮਿਸ਼ਨਰ ਪਰਮਵੀਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ 'ਤੇ ਸੇਫ ਸਕੂਲ ਵਾਹਨ ਪਾਲਿਸੀ ਤਹਿਤ ਲਗਾਤਾਰ ਸਕੂਲੀ ਵਾਹਨਾਂ ਦੀ ਚੈਕਿੰਗ ਕੀਤੀ ਜਾ ਰਹੀ ਹੈ।ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਹਰਪ੍ਰੀਤ ਕੌਰ ਸੰਧੂ ਤੇ ਕਰਨਵੀਰ ਸਿੰਘ ਏ.ਟੀ.ਉ.ਏ. ਨੇ ਦੱਸਿਆ ਕਿ ਸਰਵਹਿੱਤਕਾਰੀ ਵਿੱਦਿਆ ਮੰਦਰ ਭੀਖੀ ਅਤੇ ਗਲੋਬਲ ਸਕੂਲ ਖਿਆਲਾ ਕਲਾਂ ਵਿਖੇ ਸਕੂਲੀ ਵਾਹਨਾਂ ਦੀ ਚੈਕਿੰਗ ਦੌਰਾਨ ਅਧੂਰੇ ਦਸਤਾਵੇਜ਼ ਵਾਲੀਆਂ 09 ਬੱਸਾਂ ਦੇ ਚਲਾਨ ਕੀਤੇ ਗਏ।

ਉਨ੍ਹਾਂ ਸਕੂਲ ਵਾਹਨ ਚਾਲਕਾਂ ਅਤੇ ਸਕੂਲ ਮਾਲਕਾਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਸਕੂਲੀ ਬੱਚਿਆਂ ਦੀ ਸੁਰੱਖਿਆ ਬਹੁਤ ਲਾਜ਼ਮੀ ਹੈ, ਇਸ ਲਈ ਸੇਫ ਸਕੂਲ ਵਾਹਨ ਪਾਲਿਸੀ ਦੇ ਨਿਯਮਾਂ ਦੀ ਇੰਨ ਬਿੰਨ ਪਾਲਣਾ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਸਕੂਲੀ ਵਾਹਨਾਂ ਵਿਚ ਮੁਢਲੀਆਂ ਸਹੂਲਤਾਂ ਜਿਵੇਂ ਕਿ ਫਸਟ ਏਡ ਬਾਕਸ, ਅੱਗ ਬੁਝਾਊ ਯੰਤਰ, ਕੈਮਰਾ, ਬੱਸ ਦਾ ਰੰਗ ਪੀਲਾ ਹੋਣਾ ਚਾਹੀਦਾ ਹੈ ਅਤੇ ਉਸ ਉਪਰ ਪੱਟੀ ਵਿੱਚ ਸਕੂਲ ਦਾ ਨਾਮ ਲਿਖਿਆ ਹੋਣਾ ਚਾਹਿਦਾ ਹੈ।

ਉਨ੍ਹਾਂ ਕਿਹਾ ਕਿ ਸਕੂਲੀ ਵਾਹਨ 'ਤੇ ਸਰਕਾਰੀ ਨੰਬਰ ਪਲੇਟ, ਫਿੱਟਨੈਸ ਸਰਟੀਫਿਕੇਟ, ਲੇਡੀਜ਼ ਐਟਡੈਂਟ ਆਦਿ ਸਹੂਲਤਾਂ ਹੋਣੀਆਂ ਲਾਜ਼ਮੀ ਹਨ। ਉਨ੍ਹਾਂ ਕਿਹਾ ਕਿ ਬੱਚਿਆਂ ਦੇ ਮਾਪੇ ਵੀ ਸਕੂਲ ਵੈਨਾਂ ਅੰਦਰ ਇੰਨ੍ਹਾਂ ਸਹੂਲਤਾਂ ਦੀ ਨਜ਼ਰਸਾਨੀ ਕਰਨ ਅਤੇ ਕਿਸੇ ਪ੍ਰਕਾਰ ਦੀ ਕਮੀ ਨਜ਼ਰ ਆਉਣ 'ਤੇ ਸਬੰਧਤ ਸਕੂਲ ਦੇ ਧਿਆਨ ਵਿਚ ਲਿਆਉਣ।

ਇਸ ਮੌਕੇ ਜ਼ਿਲ੍ਹਾ ਬਾਲ ਸੁਰੱਖਿਆ ਦਫ਼ਤਰ ਤੋ ਸ੍ਰੀ ਰਾਜਿੰਦਰ ਕੁਮਾਰ ਵਰਮਾ ਨੇ ਕਿਹਾ ਕਿ ਸਕੂਲੀ ਵਾਹਨਾਂ ਦੀ ਚੈਕਿੰਗ ਰੋਜ਼ਾਨਾ ਕੀਤੀ ਜਾਵੇਗੀ।

# 'ਆਪ' ਸਮਰਥਕਾਂ ਨੇ ਆਈਪੀਐਲ ਮੈਚ 'ਚ ਕੀਤਾ ਅਨੋਖਾ ਪ੍ਰਦਰਸ਼ਨ

## ਅਰਵਿੰਦ ਕੇਜਰੀਵਾਲ ਦੀ ਫ਼ੋਟੋ ਵਾਲੀ ਟੀ-ਸ਼ਰਟ ਪਾਕੇ ਲਗਾਏ ਨਾਅਰੇ -ਮੈਂ ਵੀ ਕੇਜਰੀਵਾਲ ਹਾਂ

**ਚੰਡੀਗੜ੍ਹ ਸਾਂਝੀ ਸੋਚ ਬਿਊਰੋ**



ਮਹਾਰਾਜਾ ਯਾਦਵਿੰਦਰਾ ਸਿੰਘ ਕ੍ਰਿਕਟ ਸਟੇਡੀਅਮ ਵਿੱਚ ਐਤਵਾਰ ਨੂੰ ਆਈਪੀਐਲ ਮੈਚ ਦੌਰਾਨ ਆਮ ਆਦਮੀ ਪਾਰਟੀ (ਆਪ) ਦੇ ਸਮਰਥਕਾਂ ਨੇ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਗ੍ਰਿਫ਼ਤਾਰੀ ਦੇ ਵਿਰੋਧ ਵਿੱਚ 'ਮੈਂ ਵੀ ਕੇਜਰੀਵਾਲ' ਅਤੇ 'ਜੇਲ੍ਹ ਦਾ ਜਵਾਬ ਵੋਟ ਨਾਲ' ਦੇ ਨਾਅਰੇ ਲਾਏ। 'ਆਪ' ਸਮਰਥਕਾਂ ਨੇ ਅਰਵਿੰਦ ਕੇਜਰੀਵਾਲ ਦੀ ਰਿਹਾਈ ਦੀ ਮੰਗ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਬਿਨਾਂ ਕਿਸੇ ਘਪਲੇ ਅਤੇ ਸਬੂਤ ਦੇ ਬਾਵਜੂਦ ਗ਼ਲਤ ਤਰੀਕੇ ਨਾਲ ਗ੍ਰਿਫ਼ਤਾਰ ਕਰਕੇ ਜੇਲ੍ਹ ਵਿੱਚ ਰੱਖਿਆ ਗਿਆ ਹੈ।

ਸਮਰਥਕਾਂ ਨੇ ਅਰਵਿੰਦ ਕੇਜਰੀਵਾਲ ਦੀ ਤਸਵੀਰ ਵਾਲੀ ਪੀਲੀ ਟੀ-ਸ਼ਰਟ ਪਾਈ ਹੋਈ ਸੀ, ਜਿੱਥੇ ਉਨ੍ਹਾਂ ਨੂੰ ਸਲਾਖ਼ਾਂ ਦੇ ਪਿੱਛੇ ਦਿਖਾਇਆ ਗਿਆ ਸੀ ਅਤੇ 'ਮੈਂ ਵੀ ਕੇਜਰੀਵਾਲ' ਅਤੇ 'ਜੇਲ੍ਹ ਦਾ ਜਵਾਬ ਵੋਟ ਨਾਲ' ਦੇ ਨਾਅਰੇ ਲਗਾਏ। ਇਹ ਅਰਵਿੰਦ ਕੇਜਰੀਵਾਲ ਦੇ ਹੱਕ ਵਿੱਚ 'ਆਪ' ਸਮਰਥਕਾਂ ਵੱਲੋਂ ਅਨੋਖਾ ਪ੍ਰਦਰਸ਼ਨ ਸੀ। ਉਨ੍ਹਾਂ ਨੇ ਯਕੀਨੀ ਤੌਰ 'ਤੇ ਆਈਪੀਐਲ ਵੇਖਣ ਆਏ ਸਾਰੇ ਦਰਸ਼ਕਾਂ ਦਾ ਧਿਆਨ ਆਪਣੇ ਵਲ ਖਿੱਚਿਆ।

ਇਸ ਵਿਰੋਧ ਪ੍ਰਦਰਸ਼ਨ ਵਿੱਚ ਛੋਟੇ ਬੱਚਿਆਂ ਨੇ ਵੀ ਪੀਲੀਆਂ ਟੀ-ਸ਼ਰਟਾਂ ਪਾ ਕੇ ਦੇਸ਼ ਵਿੱਚ ਲੋਕਤੰਤਰ ਨੂੰ ਖ਼ਤਰੇ ਵਿੱਚ ਪਾਉਣ ਵਾਲਿਆਂ ਵਿਰੁੱਧ ਆਪਣਾ ਇਤਰਾਜ਼ ਦਰਜ ਕਰਵਾਇਆ। ਅਰਵਿੰਦ ਕੇਜਰੀਵਾਲ ਨੂੰ ਆਪਣੀ ਗ੍ਰਿਫ਼ਤਾਰੀ ਦੇ ਖ਼ਿਲਾਫ਼ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਸਮਰਥਨ ਮਿਲ ਰਿਹਾ ਹੈ ਅਤੇ ਹੁਣ ਦੇਸ਼ ਦੇ ਕੋਨੇ-ਕੋਨੇ ਤੋਂ ਉਨ੍ਹਾਂ ਦੀ ਰਿਹਾਈ ਲਈ ਨਵੀਆਂ ਆਵਾਜ਼ਾਂ ਜੁੜ ਰਹੀਆਂ ਹਨ।

# ਸਿਹਤ ਵਿਭਾਗ ਵੱਲੋਂ ਦੁਕਾਨਦਾਰਾਂ ਨੂੰ ਮਿਆਦ ਪੁੱਗੀ ਵਾਲੀਆਂ ਖਾਣ ਪੀਣ ਦੀਆਂ ਵਸਤਾਂ ਨਾ ਵੇਚਣ ਦੀ ਸਖ਼ਤ ਹਦਾਇਤ

**ਮਾਨਸਾ ਸਾਂਝੀ ਸੋਚ ਬਿਊਰੋ**



ਜ਼ਿਲ੍ਹਾ ਸਿਹਤ ਅਫ਼ਸਰ-ਕਮ-ਸਿਵਲ ਸਰਜਨ ਡਾ. ਰਣਜੀਤ ਸਿੰਘ ਰਾਏ ਨੇ ਜ਼ਿਲ੍ਹੇ ਦੇ ਫੂਡ ਵਿਕਰੇਤਾਵਾਂ ਨੂੰ ਹਦਾਇਤ ਕੀਤੀ ਹੈ ਕਿ ਉਹ ਕੋਈ ਵੀ ਮਿਆਦ ਪੁਗੀ ਵਾਲੀ ਖਾਣ ਪੀਣ ਦੀ ਵਸਤੂ ਨਾ ਵੇਚਣ, ਬਲਕਿ ਅਜਿਹੀ ਵਸਤੂ ਨੂੰ ਤੁਰੰਤ ਨਸ਼ਟ ਕਰ ਦਿੱਤਾ ਜਾਵੇ ਤਾਂ ਜੋ ਕਿਸੇ ਵੀ ਵਿਅਕਤੀ ਦੀ ਸਿਹਤ ਦਾ ਕੋਈ ਨੁਕਸਾਨ ਨਾ ਹੋਵੇ।

ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਜ਼ਿਲ੍ਹੇ ਅੰਦਰ ਇੱਕ ਵੈਨ ਵੀ ਚਲਾਈ ਗਈ ਹੈ, ਜੋ ਲਗਾਤਾਰ ਵੱਖ ਵੱਖ ਕਸਬਿਆਂ ਅਤੇ ਪਿੰਡਾਂ ਵਿੱਚ ਜਾ ਕੇ ਖਾਣ ਪੀਣ ਵਾਲੀਆਂ ਚੀਜ਼ਾਂ ਦੀ ਸ਼ੁੱਧਤਾ ਨੂੰ ਚੈੱਕ ਕਰਦੀ ਹੈ, ਇਹ ਵੈਨ 50 ਰੁਪਏ ਫੀਸ ਲੈ ਕੇ ਲੋਕਾਂ ਦੇ ਖਾਣ ਪੀਣ ਵਾਲੀਆਂ ਚੀਜ਼ਾਂ ਦੇ ਸੈਂਪਲ ਲੈ ਕੇ ਸ਼ੁੱਧਤਾ ਅਤੇ ਅਸ਼ੁੱਧਤਾ ਨੂੰ ਚੈੱਕ ਕਰਦੀ ਹੈ।

ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਕੋਈ ਵੀ ਵਿਅਕਤੀ ਆਪ ਜਾਂ ਆਪਣੇ ਬੱਚਿਆਂ ਲਈ ਕੋਈ ਵੀ ਖਾਣ ਪੀਣ ਵਾਲੀ ਵਸਤੂ ਖਰੀਦਣ ਸਮੇਂ ਪੈਕਿੰਗ ਵਾਲੀ ਵਸਤੂ ਹੀ ਖਰੀਦਣ ਅਤੇ ਉਸ ਉੱਪਰ ਫੂਡ ਸੇਫਟੀ ਐਕਟ ਦੀ ਰਜਿਸਟ੍ਰੇਸ਼ਨ ਅਤੇ ਮਿਆਦ ਦੀ ਮਿਤੀ ਦੇਖਣੀ ਯਕੀਨੀ ਬਣਾਈ ਜਾਵੇ।ਉਨ੍ਹਾਂ ਕਿਹਾ ਕਿ ਸਾਨੂੰ ਕਿਸੇ ਬਸ ਜਾ ਗੱਡੀ ਵਿੱਚ ਸਫ਼ਰ ਕਰਦੇ ਸਮੇਂ ਜਾਂ ਬਾਜ਼ਾਰ ਵਿੱਚੋਂ ਖੁੱਲੀ ਖਾਣ ਪੀਣ ਵਾਲੀ ਚੀਜ਼, ਕੱਟਿਆ ਹੋਇਆ ਫਲ ਜਾਂ ਖੁੱਲ੍ਹਾ ਜੂਸ ਵਗੈਰਾ ਨਹੀਂ ਖਰੀਦਣਾ ਚਾਹੀਦਾ। ਇਸ ਤਰ੍ਹਾਂ ਦੀ ਖਾਣ ਪੀਣ ਵਾਲੀ ਵਸਤੂ ਖਰੀਦਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਪਰਿਵਾਰ ਵਿੱਚ ਕਿਸੇ ਵੀ ਵਿਅਕਤੀ ਜਾਂ ਬੱਚੇ ਨੂੰ ਕਿਸੇ ਵੀ ਵੇਲੇ ਪੇਟ ਵਿੱਚ ਦਰਦ, ਉਲਟੀਆਂ, ਦਸਤ ਜਾਂ ਕੋਈ ਹੋਰ ਨਿਸ਼ਾਨੀ ਸਾਹਮਣੇ ਆਉਂਦੀ ਹੈ ਤਾਂ ਤੁਰੰਤ ਫਸਟ ਏਡ ਦਿੱਤੀ ਜਾਵੇ ਜਾਂ ਨੇੜੇ ਦੇ ਹਸਪਤਾਲ ਵਿੱਚ ਜਾ ਕੇ ਤਰੁੰਤ ਇਲਾਜ ਕਰਵਾਇਆ ਜਾਵੇ ਤਾਂ ਜੋ ਕਿਸੇ ਵੀ ਅਣਹੋਣੀ ਘਟਨਾ ਤੋਂ ਬਚਿਆ ਜਾ ਸਕੇ।ਉਨ੍ਹਾਂ ਦੱਸਿਆ ਕਿ ਖੁਰਾਕ ਸੁਰੱਖਿਆ ਤੇ ਮਿਆਰ ਐਕਟ 2006 ਦੇ ਤਹਿਤ ਹਰ ਫੂਡ ਵਿਕਰੇਤਾ, ਕਰਿਆਨਾ ਵਾਲੇ, ਦੋਧੀ, ਹਲਵਾਈ, ਡੇਅਰੀ ਮਾਲਕ, ਰੇੜ੍ਹੀ ਵਾਲੇ ਨੂੰ ਰਜਿਸਟਰੇਸ਼ਨ/ਲਾਇਸੰਸ ਲੈਣਾ ਅਤਿ ਜ਼ਰੂਰੀ ਹੈ। ਉਨ੍ਹਾਂ ਫੂਡ ਵਿਕੇਰਤਾਵਾਂ ਨੂੰ ਹਦਾਇਤ ਕੀਤੀ ਕਿ ਜੇਕਰ ਕੋਈ ਵੀ ਫੂਡ ਵਿਕਰੇਤਾ, ਹਲਵਾਈ, ਡੇਅਰੀ ਮਾਲਕ, ਦੋਧੀ, ਰੇਹੜ੍ਹੀ ਵਾਲਾ ਸਿਹਤ ਵਿਭਾਗ ਵੱਲੋਂ ਦਰਸਾਏ ਨਿਯਮਾਂ ਦੀ ਪਾਲਣਾ ਨਹੀਂ ਕਰਦਾ ਤਾਂ ਉਸ ਪ੍ਰਤੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਜੋ ਵੀ ਫੂਡ ਵਿਕਰੇਤਾ ਜਾਂ ਖਾਣ ਪੀਣ ਦੀਆਂ ਵਸਤਾਂ ਤਿਆਰ ਕਰਦਾ ਹੈ/ ਵੇਚਦਾ ਉਨ੍ਹਾਂ ਨੂੰ ਸਰੀਰਕ ਤੌਰ 'ਤੇ ਫਿਟ ਸਰਟੀਫਿਕੇਟ ਸਿਹਤ ਵਿਭਾਗ ਤੋਂ ਪ੍ਰਾਪਤ ਕਰਨਾ ਜਰੂਰੀ ਹੈ।







SONNY
DHALIWAL
for SUPERVISOR
EXPERIENCED LEADERSHIP YOU CAN TRUST
Paid for by Sonny Dhaliwal for County Supervisor 2024 FPPC#1459023


A One Auto Repair
a1aurtorepair4@yahoo.com
ਏ ਵਨ ਆਟੋ ਰਿਪੇਅਰ ਸ਼ਾਪ
Tune up
Oil change
Transmission
Brakes
Engine
ਬ੍ਰੈਕ ਰਿਪੇਅਰ
ਆਇਲ ਬਦਲਣਾ
ਕਾਰਾਂ ਦੀ ਡਾਇਗਨੋਸਿਸ
ਟਿਊਨਅਪ
ਟ੍ਰਾਂਸਮਿਸਨਾਂ ਦਾ ਕੰਮ ਤੱਸਲੀਬਖਸ਼
24 ਘੰਟੇ ਉਪਲੱਬਧ
ਹਰ ਤਰ੍ਹਾਂ ਦੀ ਆਟੋ ਰਿਪੇਅਰ ਦਾ ਕੰਮ ਤੱਸਲੀਬਖਸ਼
ਫੋਰਗਨ ਅਤੇ ਡੋਮੇਸਟਿਕ ਕਾਰਾਂ ਦੀ ਰਿਪੇਅਰ
ਆਪਣੀਆਂ ਕਾਰਾਂ ਦੇ ਤੱਸਲੀਬਖਸ਼ ਰਿਪੇਅਰ ਲਈ ਪ੍ਰਦੀਪ ਸਿੰਘ ਨਾਲ
ਕਿਸੇ ਵੇਲੇ ਵੀ ਸੰਪਰਕ ਕਰ ਸਦਕੇ ਹੋਂ।
2213 Rockefeller Dr. Ste.D Ceres CA 95307
PH : (209) 537-5081, CELL : (209) 604-0354


AAA
TRUCK WASH
ਕੈਲੀਫੋਰਨੀਆ ਦੀ ਕਿਸੇ ਵੀ ਲੋਕੇਸ਼ਨ ਤੇ ਜਾਓ
ਟਰੱਕ ਅਤੇ ਟ੍ਰੇਲਰ ਚਮਕਾਓ ਸਸਤੇ ਅਤੇ ਵਾਜਬ ਰੇਟਾਂ ਉੱਤੇ
Our Locations :-
Delhi | Merced | Madera | Santa Nella
Tracy | San Fransisco | Corning
Old Truck Stop Gemco Ripon Next to Flying J, Santos Ave ਦੇ ਉੱਤੇ
Truck Wash
WASH TRUCK
Find nearest Location & Hours
Call at 1800-405-9274 or visit our website for
credit application to open credit account with our company
ਸਾਡੀਆਂ ਰਿਪਨ ਵਾਲੀਆਂ ਲੋਕੇਸ਼ਨਾਂ ਤੇ ਅਸੀਂ ਟੈਂਕਰ ਜੋ ਕੇ food Grade ਹਨ
ਉਹਨਾਂ ਨੂੰ ਅੰਦਰੋਂ ਧੋਂਦੇ ਹਾਂ ਅਤੇ Certified ਕਰਦੇ ਅਤੇ ਕੋਸ਼ਰ ਵਾਸ਼ ਵੀ ਕਰਦੇ ਹਾਂ
Tire Shop, Repair Shop, Oil & Lube Shop available on our locations
Website:- www.aaatruckwash.com

## ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



**Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ**

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
**ਫੋਨ : (559) 653-8130, 774-243-4154**

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com

## ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ




**e-Baba Entertainment App ਨੂੰ Download ਕਰੋ।**

ਹੁਣ ਕਿਸੇ ਵੀ Company ਦੇ ਬਣੇ Android TV 'ਚ **eBaba App** ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




**ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।**

# ਕੇਂਦਰੀ ਪੰਜਾਬੀ ਲੇਖਕ ਸਭਾ ਨੇ ਕਰਵਾਇਆ 'ਔਰਤ ਸਮਾਜ ਅਤੇ ਸੰਘਰਸ਼' ਵਿਸ਼ੇ 'ਤੇ ਸੈਮੀਨਾਰ

**ਚੰਡੀਗੜ੍ਹ ਸਾਂਝੀ ਸੋਚ ਬਿਊਰੋ**

ਕੇਂਦਰੀ ਪੰਜਾਬੀ ਲੇਖਕ ਸਭਾ ਰਜਿ ਵਲੋਂ ਸ਼ਾਇਰ ਦੇਵ ਦਰਦ ਅਤੇ ਕਥਾਕਾਰ ਤਲਵਿੰਦਰ ਸਿੰਘ ਦੀ ਯਾਦ ਨੂੰ ਸਮਰਪਿਤ ਪੰਜਾਬ ਨਾਟਸ਼ਾਲਾ ਵਿਖੇ "ਔਰਤ ਸਮਾਜ ਅਤੇ ਸੰਘਰਸ਼" ਵਿਸ਼ੇ ਤੇ ਕਰਵਾਏ ਸੈਮੀਨਾਰ ਵਿੱਚ ਵਿਦਵਾਨਾਂ ਨੇ ਸਾਂਝੀ ਰਾਏ ਉਸਾਰੀ ਕਿ ਔਰਤਾਂ ਦੀ ਮਹੱਤਵਪੂਰਨ ਭਾਗੀਦਾਰੀ ਤੋਂ ਬਿਨਾਂ ਕਦੀ ਵੀ ਨਿਰੋਏ ਸਮਾਜ ਦੀ ਉਸਾਰੀ ਨਹੀਂ ਸਕਦੀ।

ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ ਅਤੇ ਜਰਨਲ ਸਕੱਤਰ ਸੁਸ਼ੀਲ ਦੁਸਾਂਝ ਦੇ ਸਵਾਗਤੀ ਸਬਦਾਂ ਨਾਲ ਸ਼ੁਰੂ ਹੋਏ ਸਮਾਗਮ ਨੂੰ ਕਥਾਕਾਰ ਦੀਪ ਦੇਵਿੰਦਰ ਸਿੰਘ ਨੇ

ਸਿਲਸਿਲੇ ਵਾਰ ਕਰਦਿਆਂ ਸਮੁੱਚੀ ਰੂਪ ਰੇਖਾ ਸਾਂਝੀ ਕੀਤੀ। ਡਾ. ਪਰਮਿੰਦਰ ਨੇ ਵਿਚਾਰ ਚਰਚਾ ਦਾ ਮੁੱਢ ਬੰਨ੍ਹ ਦਿਆਂ ਕਿਹਾ ਕਿ ਸਮਾਜ ਅੰਦਰ ਸਦੀਆਂ ਤੋਂ ਫੈਲੀਆਂ ਰੂੜੀਵਾਦੀ ਪਰੰਪਰਾਵਾਂ ਸਤੀ ਪ੍ਰਥਾ, ਦਾਜ- ਦਹੇਜ ਅਨਪੜ੍ਹਤਾ ਅਤੇ ਅਨੇਕਾਂ ਤਰ੍ਹਾਂ ਦੀਆਂ ਧਾਰਮਿਕ ਅਤੇ ਸਮਾਜਿਕ ਅੜਚਣਾ ਦੇ ਬਾਵਜੂਦ ਔਰਤ ਨੇ ਆਪਣੀ ਹੋਂਦ ਨੂੰ ਸਮਾਜ ਵਿਚ ਸਾਰਥਿਕ ਤੌਰ ਤੇ ਬਰਕਰਾਰ ਰੱਖਿਆ ਹੈ। ਨਾਮਵਰ ਕਹਾਣੀਕਾਰ ਡਾ ਵਰਿਆਮ ਸਿੰਘ ਸੰਧੂ ਨੇ ਆਪਣੀਆਂ ਬੇਬਾਕ ਟਿਪਣੀਆਂ ਨਾਲ ਸਾਹਿਤਕ ਬਿਰਤਾਂਤ ਦੇ ਹਵਾਲੇ ਦੇਂਦਿਆਂ ਕਿਹਾ ਕਿ ਸਭਿਅਤਾਂ ਹਮੇਸ਼ਾਂ ਔਰਤਾਂ ਦੇ ਸਿਰ 'ਤੇ ਜੀਉਂਦੀਆਂ ਹਨ।

ਸਮਾਜ ਅੰਦਰ ਬਹੁ ਮੁੱਲੀਆਂ ਮਾਨਵੀ ਕਦਰਾਂ ਕੀਮਤਾਂ ਨਿਰਧਾਰਿਤ ਕਰਨ , ਘਰ , ਪਰਿਵਾਰ ਅਤੇ ਸਮਾਜ ਦਾ ਮੂੰਹ ਮੁਹਾਂਦਰਾ ਸੰਵਾਰਨ, ਨਿਖਾਰਨ ਅਤੇ ਜੀਉਣ ਯੋਗ ਬਣਾਉਣ ਲਈ ਔਰਤ ਦੀ ਭੂਮਿਕਾ ਮੋਹਰੀ ਰਹੀ ਹੈ। ਡਾ ਲਖਵਿੰਦਰ ਜੌਹਲ ਅਤੇ ਪਿੰ ਡਾ. ਮਹਿਲ ਸਿੰਘ ਨੇ ਕੇਂਦਰੀ ਸਭਾ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਚਿੰਤਨ ਲੋਕਾਂ ਨੂੰ ਅਜਿਹੇ ਸੰਵਾਦ ਨਿਰੰਤਰ ਸਿਰਜਦੇ ਰਹਿਣਾ ਚਾਹੀਦਾ ਹੈ। ਨਾਮਵਰ ਕਵਿੱਤਰੀ ਸੁਖਵਿੰਦਰ ਅਮ੍ਰਿਤ ਅਤੇ ਲੈਕਚਰਾਰ ਰਾਜਵਿੰਦਰ ਕੌਰ ਨੇ ਕਿਹਾ ਕਿ ਕਥਾ-ਕਹਾਣੀਆਂ ਜਾਂ ਸਾਹਿਤ ਦੀਆਂ ਹੋਰ ਸਿਨਫ਼ਾਂ ਵਿੱਚ ਔਰਤਾਂ ਦੇ ਕਿਰਦਾਰ ਨੂੰ ਜੁਲਮ ਸਹਿਣ ਵਾਲੀ ਨਪੀੜੀ ਧਿਰ ਬਣਾਕੇ ਪੇਸ਼ ਕਰਨ ਦੀ ਬਜਾਏ ਇਕਵੀਂ ਸਦੀ ਦੀ ਪੜ੍ਹੀ ਲਿਖੀ ਸੂਝਵਾਨ ਨਾਰੀ ਦੇ ਕਿਰਦਾਰ ਨੂੰ ਵੀ ਉਭਾਰਨਾ ਚਾਹੀਦਾ ਹੈ।

ਸ਼ੈਲਿੰਦਰਜੀਤ ਰਾਜਨ , ਮਖਣ ਕੁਹਾੜ ਅਤੇ ਗੁਰਮੀਤ ਸਿੰਘ ਬਾਜਵਾ ਨੇ ਸਮਾਗਮ ਵਿੱਚ ਔਰਤਾਂ ਦੀ ਭਰਵੀਂ ਸਮੂਲੀਅਤ ਤੇ ਤਸੱਲੀ ਪਰਗਟ ਕਰਦਿਆਂ ਕਿਹਾ ਕਿ ਔਰਤਾਂ ਦੀ ਭਾਗੀਦਾਰੀ ਬਿਨਾਂ ਨਾ ਸਮਾਜ ਤੇ ਨਾ ਹੀ ਸੰਘਰਸ਼ ਪਰਵਾਨ ਚੜ੍ਹਦੇ ਹਨ।

ਸਭਾ ਦੇ ਸੀਨੀਅਰ ਮੀਤ ਪ੍ਰਧਾਨ ਡਾ



ਹਰਜਿੰਦਰ ਸਿੰਘ ਅਟਵਾਲ ਨੇ ਧੰਨਵਾਦ ਕੀਤਾ ਜਦਕਿ ਡਾ ਆਤਮ ਰੰਧਾਵਾ, ਡਾ ਹੀਰਾ ਸਿੰਘ, ਹਰਪਾਲ ਨਾਗਰਾ, ਮਨਜੀਤ ਸਿੰਘ ਵਸੀ,ਐਸ ਪਰਸ਼ੋਤਮ, ਹਰਜੀਤ ਸਿੰਘ ਸੰਧੂ, ਵਜ਼ੀਰ ਸਿੰਘ ਰੰਧਾਵਾ, ਡਾ ਗਗਨ,ਸੁਰਜੀਤ ਅਸ਼ਕ, ਕਮਲ ਦੁਸਾਂਝ, ਡਾ ਇਕਬਾਲ ਕੌਰ ਸੌਂਧ, ਜਸਪਾਲ ਕੌਰ ਸੁਰਿੰਦਰਜੀਤ ਕੌਰ, ਲਵਲੀਨ ਕੌਰ, ਨਿਰਮਲ ਕੋਟਲਾ, ਸੁਖਵੰਤ ਵੱਸੀ, ਸੁਰਿੰਦਰ ਖਿਲਚੀਆਂ, ਰਾਜਵਿੰਦਰ ਰਾਜ,ਸਿਮਰਜੀਤ ਸਿਮਰ, ਡਾ ਬਲਜੀਤ ਢਿੱਲੋਂ, ਸਰਬਜੀਤ ਸੰਧੂ, ਡਾ ਮੋਹਨ, ਜਗਤਾਰ ਗਿੱਲ, ਜਸਵੰਤ ਧਾਪ,ਸੁਮੀਤ ਸਿੰਘ, ਮੰਗਤ ਚੰਚਲ ਬਲਜਿੰਦਰ ਮਾਂਗਟ, ਹਰਭਜਨ ਬਰਾੜ, ਨਵ ਭੁੱਲਰ, ਹਰਭਜਨ ਖੇਮਕਰਨੀ, ਬੀ ਡੀ ਭਗਤ,ਹਰਦਰਸ਼ਨ ਕਮਲ, ਕੁਲਵੰਤ ਸਿੰਘ ਅਣਖੀ, ਚਰਨਜੀਤ ਗੁਮਟਾਲਾ, ਬਰਕਤ ਵੋਹਰਾ, ਸੀਤਲ ਗੁੰਨੋਪੁਰੀ, ਦਿਲਰਾਜ ਸਿੰਘ ਦਰਦੀ, ਗੁਰਕ੍ਰਿਪਾਲ ਸਿੰਘ, ਤਰਲੋਚਨ, ਕੁਲਵੰਤ ਸਿੰਘ ਬਾਠ, ਜਸਪਾਲ ਧੂਲਕਾ, ਸੁਖਦੇਵ ਭੁੱਲਰ, ਸਕੱਤਰ ਸਿੰਘ ਪੁਰੇਵਾਲ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸਾਹਿਤਕਾਰ ਹਾਜਰ ਸਨ।

# ਹਜ਼ਾਰਾਂ ਦੀ ਗਿਣਤੀ 'ਚ ਉਮੜੇ ਆਪ ਦੀ ਮੋਟਰਸਾਈਕਲ ਰੈਲੀ 'ਚ ਨੌਜਵਾਨ

**ਅਨੰਦਪੁਰ ਸਾਹਿਬ ਸਾਂਝੀ ਸੋਚ ਬਿਊਰੋ**

ਜਿਵੇਂ ਜਿਵੇਂ ਲੋਕ ਸਭਾ ਚੋਣਾਂ ਦੀਆਂ ਤਰੀਕਾਂ ਨੇੜੇ ਆ ਰਹੀਆਂ ਹਨ ਉਵੇਂ ਉਵੇਂ ਚੋਣ ਪ੍ਰਚਾਰ ਵੀ ਤੇਜੀ ਫੜਦਾ ਜਾ ਰਿਹਾ ਹੈ।ਪੰਜਾਬ ਦੀਆਂ 13 ਲੋਕ ਸਭਾ ਸੀਟਾਂ ਤੇ ਭਾਵੇਂ ਅਜੇ ਦੋ ਮੁੱਖ ਰਾਜਨੀਤਿਕ ਪਾਰਟੀਆਂ ਵੱਲੋਂ ਅਜੇ ਤੱਕ ਆਪਣੇ ਉਮੀਦਵਾਰ ਹੀ ਨਹੀਂ ਐਲਾਨੇ।ਪ੍ਰੰਤੂ ਆਮ ਆਦਮੀ ਪਾਰਟੀ ਵੱਲੋਂ ਲੋਕ ਸਭਾ ਹਲਕਾ ਸ਼੍ਰੀ ਅਨੰਦਪੁਰ ਸਾਹਿਬ ਤੋਂ ਮਾਲਵਿੰਦਰ ਸਿੰਘ ਕੰਗ ਨੂੰ ਬਹੁਤ ਪਹਿਲਾਂ ਉਮੀਦਵਾਰ ਐਲਾਨ ਕੇ ਪ੍ਰਚਾਰ ਮੁਹਿੰਮ ਵਿੱਚ ਵੱਡੀ ਲੀਡ ਹਾਸਲ ਕਰ ਲਈ ਗਈ ਹੈ।ਵਿਧਾਨ ਸਭਾ ਹਲਕਾ ਸ਼੍ਰੀ ਅਨੰਦਪੁਰ ਸਾਹਿਬ ਤੋਂ ਹਲਕਾ ਵਿਧਾਇਕ ਤੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਸ੍ਰ:ਕੰਗ ਦੀ ਚੋਣ ਮੁਹਿੰਮ ਨੂੰ ਆਪਣੇ ਹੱਥਾਂ ਵਿੱਚ ਲੈ ਕੇ ਧੂੰਆਂ ਧਾਰ ਚੋਣ ਪ੍ਰਚਾਰ ਅਰੰਭ ਕਰ ਦਿੱਤਾ ਗਿਆ ਹੈ।

ਅੱਜ ਇੱਕ ਵਿਸ਼ਾਲ ਮੋਟਰਸਾਈਕਲ ਰੈਲੀ ਦਾ ਆਯੋਜਨ ਕੀਤਾ ਗਿਆ।ਜਿਸ ਵਿੱਚ ਹਜ਼ਾਰਾਂ ਮੋਟਰਸਾਈਕਲਾਂ ਤੇ ਸਵਾਰ ਆਮ ਆਦਮੀ ਪਾਰਟੀ ਦੇ ਵਰਕਰਾਂ ਵੱਲੋਂ ਰੈਲੀ ਵਿੱਚ ਹਿੱਸਾ ਲੈਂਦਿਆਂ ਅਕਾਸ਼ ਗੂੰਜਾਊ ਨਾਅਰਿਆਂ ਨਾਲ ਵਿਰੋਧੀਆਂ ਦੀਆਂ ਨੀਂਦਰਾਂ ਉਡਾ ਦਿੱਤੀਆਂ ਗਈਆਂ।ਇਸ ਰੈਲੀ ਵਿੱਚ ਵੱਖਰੇ ਅੰਦਾਜ ਚ ਨਜ਼ਰ ਆਏ ਮੰਤਰੀ ਬੈਂਸ,ਰੈਲੀ ਦੀ ਅਗਵਾਈ ਕਰਦੇ ਹੋਏ ਖੁੱਦ ਚਲਾਈ ਬੁਲਿਟ ਮੋਟਰਸਾਈਕਲ ਪਿੱਛੇ ਬੈਠੇ ਸਨ ਕੰਗ। ਵੱਖ ਵੱਖ ਪਿੰਡਾਂ ਵਿੱਚ ਪਹੁੰਚੀ ਮੋਟਰਸਾਈਕਲ ਰੈਲੀ ਪ੍ਰਤੀ ਲੋਕਾਂ ਦਾ ਉਤਸ਼ਾਹ ਵੇਖਿਆਂ ਹੀ ਬਣਦਾ ਸੀ।ਕੀਰਤਪੁਰ ਸਾਹਿਬ ਤੋਂ ਅਰੰਭ ਇਸ ਮੋਟਰਸਾਈਕਲ ਰੈਲੀ ਵਿੱਚ 5000 ਤੋਂ ਵੱਧ ਨੋਜਵਾਨਾਂ ਨੇ ਸ਼ਮੂਲੀਅਤ ਕੀਤੀ ਤੇ ਇਹ ਰੈਲੀ ਵੱਖ ਵੱਖ ਪਿੰਡਾਂ ਨੱਕੀਆਂ,ਕੋਟਲਾ,ਸ਼੍ਰੀ ਅਨੰਦਪੁਰ ਸਾਹਿਬ,ਗੰਗੂਵਾਲ,ਅਗੰਮਪੁਰ,ਮਾਂਗੇਵਾਲ,ਗੰਭੀਰਪੁਰ,ਭਨੂਪਲੀ,ਬ੍ਰਹਮਪੁਰਬਰਾਰੀ,ਮਾਣਕਪੁਰ,ਨਿੱਕੂ ਨੰਗਲ ਸਹਿਤ



ਵੱਖ ਵੱਖ ਪੰਜਾਹ ਪਿੰਡਾ ਚ ਹੁੰਦੀ ਹੋਈ ਜਲਫਾ ਮਾਤਾ ਮੰਦਰ ਨੰਗਲ ਵਿਖੇ ਪਹੁੰਚੀ। ਮੰਦਿਰ ਪੁੱਜ ਕੇ ਬੈਂਸ ਤੇ ਕੰਗ ਦੇ ਨਾਲ ਪਾਰਟੀ ਵਰਕਰਾਂ ਨੇ ਨਤਮਸਤਕ ਹੋਕੇ ਆਸ਼ੀਰਵਾਦ ਪ੍ਰਾਪਤ ਕੀਤਾ।ਪਿੰਡਾ ਤੋਂ ਜਾਂਦੇ ਹੋਏ ਬੈਂਸ ਅਤੇ ਕੰਗ ਦਾ ਸਵਾਗਤ ਹਰ ਪਿੰਡ ਦੇ ਵਿੱਚ ਫੁੱਲਾਂ ਦੀ ਵਰਖਾ ਕਰਕੇ ਹਾਰ ਪਾ ਕੇ ਵੱਧ ਚੜ੍ਹ ਕੇ ਲੋਕਾਂ ਵਲੋਂ ਕੀਤਾ ਜਾ ਰਿਹਾ ਸੀ। ਇਹ ਮੋਟਰ ਸਾਇਕਲ ਰੇਲੀ ਪੰਜਾਬ ਦੀ ਹੁਣ ਤੱਕ ਦੀ ਸਬ ਤੋਂ ਵੱਡੀ ਰੈਲੀ ਦੱਸੀ ਜ ਰਹੀ ਹੈ।ਨੰਗਲ ਵਿਖੇ ਰੈਲੀ ਦੀ ਸਮਾਪਤੀ ਮੋਕੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਤੇ ਮਾਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਪੰਜਾਬ,ਪੰਜਾਬੀ ਤੇ ਪੰਜਾਬੀਅਤ ਨੂੰ ਸਮਰਪਿਤ ਪੰਜਾਬ ਦੇ ਹਰਮਨ ਪਿਆਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚੱਲ ਰਹੀ ਪੰਜਾਬ ਸਰਕਾਰ ਨੇ ਚੋਣਾਂ ਤੋਂ ਪਹਿਲਾਂ ਜੋ ਜੋ ਵਾਅਦੇ ਕੀਤੇ ਗਏ ਸਨ ਉਹ ਪੂਰੇ ਕੀਤਾ ਜਾ ਰਹੇ ਹਨ।ਉਨਾਂ ਦੱਸਿਆ ਕਿ ਪੰਜਾਬ ਦੇ ਸਰਬਪੱਖੀ ਵਿਕਾਸ ਦੇ ਨਾਲ ਨਾਲ 600 ਯੂਨਿਟ ਬਿਜਲੀ ਮੁਆਫੀ ਦਾ ਵਾਅਦਾ ਪੂਰਾ ਕਰਕੇ ਮਾਨ ਸਰਕਾਰ ਨੇ ਪੰਜਾਬ ਦੇ 80% ਪਰਿਵਾਰਾਂ ਦੇ ਚਿਹਰਿਆਂ ਤੇ ਜੋ ਖੁਸ਼ੀ ਲਿਆਉਂਦੀ ਹੈ ਉਹ ਵੇਖਿਆਂ ਹੀ ਬਣਦੀ ਹੈ।ਸਰਕਾਰੀ ਹਸਪਤਾਲਾਂ ਵਿੱਚ ਆਇਆ ਸੁਧਾਰ ਤੇ ਸਿੱਖਿਆ ਦੇ ਖੇਤਰ ਵਿੱਚ ਆਈ ਨਵੀਂ ਕ੍ਰਾਂਤੀ ਪੰਜਾਬੀਆਂ ਲਈ ਵਰਦਾਨ ਸਾਬਤ ਹੋ ਰਹੀ ਹੈ।ਮੁਹੱਲਾ ਕਲੀਨਿਕਾਂ ਵਿੱਚ ਸਿਹਤ ਸਹੂਲਤਾਂ ਪ੍ਰਦਾਨ ਕਰਕੇ ਜਿੱਥੇ ਦਵਾਈਆਂ ਮੁਫਤ ਦਿੱਤੀਆਂ ਜਾ ਰਹੀਆਂ ਹਨ ਉੱਥੇ ਹਰ ਤਰਾਂ ਦੇ ਟੈਸਟ ਮੁਫਤ ਕਰਕੇ ਪੰਜਾਬੀਆਂ ਨੂੰ ਵੱਡੀ ਸਹੂਲਤ ਪ੍ਰਦਾਨ ਕੀਤੀ ਹੈ।ਸ੍ਰ:ਹਰਜੋਤ ਸਿੰਘ ਬੈਂਸ ਨੇ ਪਾਰਟੀ ਵੱਲੋਂ ਐਲਾਨੇ ਉਮੀਦਵਾਰ ਮਾਲਵਿੰਦਰ ਸਿੰਘ ਕੰਗ ਦੀ ਕਾਰਜਸ਼ੈਲੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸ੍ਰ:ਕੰਗ ਸ਼੍ਰੀ ਅਨੰਦਪੁਰ ਸਾਹਿਬ ਵਰਗੇ ਧਾਰਮਿਕ ਹਲਕੇ ਦੀ ਸੇਵਾ ਕਰਨ ਦੀ ਭਾਵਨਾ ਲੈ ਕੇ ਆਏ ਹਨ ਤੇ ਲੋਕ ਸਭਾ ਹਲਕਾ ਸ਼੍ਰੀ ਅਨੰਦਪੁਰ ਸਾਹਿਬ ਨੂੰ ਉਹ ਮਾਣ ਸਤਿਕਾਰ ਤੇ ਉਹ ਸਹੂਲਤਾਂ ਦਿਵਾਉਣ ਦੀ ਤੰਮਨਾ ਰੱਖਦੇ ਹਨ ਜੋ ਅਜ਼ਾਦੀ ਦੇ 76 ਸਾਲ ਬੀਤ ਜਾਣ ਦੇ ਬਾਵਜੂਦ ਕਿਸੇ ਵੀ ਸੰਸਦ ਮੈਂਬਰ ਵੱਲੋਂ ਨਾ ਦਿੱਤੀਆਂ ਜਾ ਸਕੀਆਂ।ਉਨਾਂ ਕਿਹਾ ਇਸ ਹਲਕੇ ਤੋਂ ਜਿੱਤ ਪ੍ਰਾਪਤ ਕਰਨ ਵਾਲੇ ਹਰ ਸੰਸਦ ਮੈਂਬਰ ਨੇ ਇਸ ਹਲਕੇ ਨਾਲ ਹਮੇਸ਼ਾ ਮਤਰੇਈ ਮਾਂ ਵਾਲਾ ਸਲੂਕ ਕੀਤਾ ਤੇ ਲੋਕਾਂ ਨੂੰ ਬਣਦੇ ਹੱਕ ਵੀ ਨਾ ਦਿੱਤੇ ਜਾ ਸਕੇ।ਉਨਾਂ ਹਲਕੇ ਦੇ ਸੂਝਵਾਨ ਵੋਟਰਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਤੁਹਾਨੂੰ ਵਾਰ ਵਾਰ ਲਾਰੇ ਲੱਪੇ ਲਾਉਣ ਵਾਲੇ 76 ਸਾਲ ਲੋਕਾਂ ਨੂੰ ਦੋਵਾਂ ਹੱਥਾਂ ਨਾਲ ਲੁੱਟਣ ਤੇ ਕੁੱਟਣ ਵਾਲੇ ਇਨਾਂ ਮਤਲਬੀ ਆਗੂਆਂ ਤੇ ਬਿਲਕੁਲ ਵੀ ਭਰੋਸਾ ਨਾ ਕੀਤਾ ਜਾਵੇ ਤੇ ਆਪ ਉਮੀਦਵਾਰ ਪਾਰਟੀ ਤੇ ਲੋਕਾਂ ਪ੍ਰਤੀ ਸਮਰਪਿਤ ਆਗੂ ਸ੍ਰ:ਮਾਲਵਿੰਦਰ ਸਿੰਘ ਕੰਗ ਨੂੰ ਵੱਧ ਤੋਂ ਵੱਧ ਵੋਟਾਂ ਪਾ ਕੇ ਕਾਮਯਾਬ ਬਣਾਇਆ ਜਾਵੇ ਤਾਂ ਕਿ ਹਲਕੇ ਦੇ ਲੋਕਾਂ ਨੂੰ ਉਨਾਂ ਦੇ ਬਣਦੇ ਹੱਕ ਤੇ ਵੱਧ ਤੋਂ ਵੱਧ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕੀਆਂ।

# ਪੀ.ਸੀ.ਪੀ.ਐਨ.ਡੀ.ਟੀ ਐਕਟ ਅਤੇ ਟੀਕਾਕਰਨ ਪ੍ਰੋਗਰਾਮ ਨੂੰ ਜ਼ਿਲ੍ਹੇ ਵਿੱਚ ਸਚਾਰੂ ਢੰਗ ਨਾਲ ਲਾਗੂ ਕਰਨ ਲਈ ਮੀਟਿੰਗ ਦਾ ਆਯੋਜਨ

**ਸੰਗਰੂਰ ਸਾਂਝੀ ਸੋਚ ਬਿਊਰੋ**

ਸਿਵਲ ਸਰਜਨ ਡਾ. ਰਣਜੀਤ ਸਿੰਘ ਰਾਏ ਨੇ ਜ਼ਿਲ੍ਹੇ ਦੇ ਸਮੂਹ ਸੀਨੀਅਰ ਮੈਡੀਕਲ ਅਫ਼ਸਰਾਂ ਅਤੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰਾਂ ਨਾਲ ਮੀਟਿੰਗ ਕਰਦਿਆਂ ਸਮੁੱਚੇ ਸਿਹਤ ਪ੍ਰੋਗਰਾਮਾਂ ਦੀ ਕਾਰਗੁਜ਼ਾਰੀ ਦੀ ਸਮੀਖਿਆ ਕੀਤੀ ਗਈ। ਉਨ੍ਹਾਂ ਜ਼ਿਲ੍ਹੇ ਅੰਦਰ ਆਮ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸਿਹਤ ਸਹੂਲਤਾਂ ਦਾ ਮੁਲਾਂਕਣ ਕਰਦਿਆਂ ਸਮੂਹ ਸੀਨੀਅਰ ਮੈਡੀਕਲ ਅਫਸਰਾਂ ਨੂੰ ਆਪਣੀ ਅਤੇ ਆਪਣੇ ਅਧੀਨ ਆਉਂਦੀਆਂ ਸਿਹਤ ਸੰਸਥਾਵਾਂ ਦਾ ਜਾਇਜਾ ਲੈਣ ਲਈ ਕਿਹਾ ਤੇ ਨਾਲ ਹੀ ਜ਼ਿਲ੍ਹੇ ਵਿੱਚ ਪੀਸੀਪੀਐਨਡੀਟੀ ਐਕਟ ਨੂੰ ਸਚਾਰੂ ਢੰਗ ਨਾਲ ਲਾਗੂ ਕਰਨ ਦੀ ਹਦਾਇਤ ਕੀਤੀ। ਉਨ੍ਹਾਂ ਵਿਸ਼ਵ ਟੀਕਾਕਰਨ ਦੀ 50ਵੀਂ ਵਰੇਗੰਡ ਦੇ ਮੌਕੇ ਮਨਾਏ ਜਾ ਰਹੇ ਸਪੈਸ਼ਲ ਹਫਤੇ ਸਬੰਧੀ ਹਦਾਇਤ ਕੀਤੀ ਕਿ ਕੋਈ ਵੀ ਗਰਭਵਤੀ ਮਾਂ ਤੇ ਬੱਚਾ ਟੀਕਾਕਰਨ ਤੋਂ ਵਾਂਝਾ ਨਾ ਰਹੇ ਅਤੇ ਲੋਕਾਂ ਨੂੰ ਵੱਧ ਤੋਂ ਵੱਧ ਜਾਗਰੂਕ ਕਰਕੇ ਸਿਹਤ ਪ੍ਰੋਗਰਾਮ ਲੋਕਾਂ ਤੱਕ ਪਹੁੰਚਾਏ ਜਾਣ।ਉਨ੍ਹਾਂ ਆਪੋ ਆਪਣੀ ਸਿਹਤ ਸੰਸਥਾ ਦੀ ਸਫ਼ਾਈ ਵੱਲ ਖ਼ਾਸ ਧਿਆਨ ਦੇਣ ,ਜੱਚਾ ਬੱਚਾ ਦੀ ਸਿਹਤ ਸੰਭਾਲ ਲਈ ਸੰਸਥਾਗਤ ਜਣੇਪਿਆਂ ਵਿਚ ਵਾਧਾ ਕਰਨ , ਹਾਈ ਰਿਸਕ ਗਰਭਵਤੀ ਔਰਤਾਂ ਦੀ ਫੌਲੋਅੱਪ ਐਮ.ਡੀ ਮੈਡੀਸਨ ਅਤੇ ਔਰਤ ਰੋਗਾਂ ਦੇ ਮਾਹਿਰ ਡਾਕਟਰ ਤੋਂ ਸਮੇਂ ਸਿਰ ਕਰਨਾ ਯਕੀਨੀ ਬਣਾਉਣ ਲਈ ਕਿਹਾ। ਉਨ੍ਹਾਂ ਕਿਹਾ ਕਿ ਹਾਈ ਰਿਸਕ ਮਾਂ ਨੂੰ ਏਐਨਐਮ, ਐਲ ਐਚਵੀ ਅਤੇ ਗਈਨਾਕੋਲੋਜਿਸਟ ਦੁਆਰਾ ਫੋਨ ਕਰਕੇ ਸਮੇਂ ਸਮੇਂ 'ਤੇ ਉਸ ਦੀ ਸਿਹਤ ਪ੍ਰਤੀ ਜਾਇਜਾ ਲੈਣਾ ਯਕੀਨੀ ਬਣਾਇਆ ਜਾਵੇ,ਬੱਚਿਆਂ ਨੂੰ ਮਾਰੂ ਬਿਮਾਰੀਆਂ ਤੋਂ ਬਚਾਉਣ ਲਈ ਸੰਪੂਰਨ ਟੀਕਾਕਰਨ ਕਰਨਾ, ਬਾਇਓ ਮੈਡੀਕਲ ਵੇਸਟੇਜ ਦਾ ਸਹੀ ਪਰਬੰਧ ਕਰਨਾ, ਯੂ ਡੀ ਆਈ ਕਾਰਡ ਬਣਾਏ ਜਾਣ ਅਤੇ ਕੋਟਪਾ ਐਕਟ ਦੀ ਉਲੰਘਨਾ ਕਰਨ ਵਾਲਿਆਂ ਦੇ ਚਲਾਨ ਕਰਨ ਲਈ ਕਿਹਾ। ਇਸ ਮੌਕੇ ਰਵਿੰਦਰ ਕੁਮਾਰ ਸਿੰਗਲਾ, ਡਾ. ਕੰਵਲਪ੍ਰੀਤ ਕੌਰ ਬਰਾੜ, ਡਾ. ਗੁਰਚੇਤਨ ਪ੍ਰਕਾਸ਼, ਵਿਜੈ ਕੁਮਾਰ ਜੈਨ, ਅਵਤਾਰ ਸਿੰਘ, ਦਰਸ਼ਨ ਸਿੰਘ. ਸਮੂਹ ਬਲਾਕ ਐਜੂਕੇਟਰ ਅਤੇ ਐਲ.ਐਚ. ਵੀ. ਮੌਜੂਦ ਸਨ।


CIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com

WE HAVE THE CHEAPEST FARES TO INDIA

# LEGEND TRAVEL

arc accredited agency
CST # 207524-40

Special Fares To India From West-coast (us) On Air India Direct Flights




JATINDER SINGH

LOWEST AIRFARES FROM USA TO INDIA

★Travel Insurance ★ Great last Minute Deals★ Offices in India

ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।

CALL US (510) 797-9010

USA OFFICE: 2450 PERALTA BLVD., STE 106-108,
FREMONT CA 94536 PH.: 510-797-9010

Website: www.legendamerica.net

Emirates | CATHAY PACIFIC | ASIANA AIRLINES | JET AIRWAYS | CHINA AIRLINES | BRITISH AIRWAYS | SINGAPORE AIRLINES | Lufthansa | ANA




## ਸੰਗਤ ਤੇ ਸੇਵਾਦਾਰਾਂ ਦੇ ਪਰਿਵਾਰਾਂ ਵੱਲੋਂ ਸੇਵਾ

| ( ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ) | ( ਕੀਰਤਨ-ਸ਼ਾਮ 6 ਤੋਂ 8 ਵਜੇ ਤੱਕ ) | ( ਸ੍ਰੀ ਅਖੰਡ ਪਾਠ ਸਾਹਿਬ ਦਾ ਭੋਗ ) |
|---|---|---|
| 26 ਅਪ੍ਰੈਲ, 2024 | 27 ਅਪ੍ਰੈਲ, 2024 | 28 ਅਪ੍ਰੈਲ, 2024 |

**ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਵੀ ਕੀਰਤਨ ਦੀਵਾਨ ਸੱਜਣਗੇ ਤੇ**

ਸੰਗਤਾਂ ਨੂੰ ਮਹਾਨ ਕੀਰਤਨੀਆਂ ਤੇ ਰਾਗੀਆਂ ਵਲੋਂ ਨਿਹਾਲ ਕੀਤਾ ਜਾਵੇਗਾ | ਸੇਵਾਦਾਰ ਪਰਿਵਾਰਾਂ ਵੱਲੋਂ ਸੰਗਤਾਂ ਲਈ ਲੰਗਰ ਦਾ ਵਿਸ਼ੇਸ਼ ਪ੍ਰਬੰਧ |

**ਸਮੂਹ ਸਾਧ ਸੰਗਤ ਨੂੰ ਬੇਨਤੀ ਹੈ ਕਿ ਵੱਧ ਤੋਂ ਵੱਧ ਪਹੁੰਚੇ ਤੇ ਆਪਣੀਆਂ ਹਾਜ਼ਰੀਆਂ ਲਗਵਾਓ ਜੀ**

**ਵਧੇਰੇ ਜਾਣਕਾਰੀ ਲਈ ਸੰਪਰਕ ਕਰੋ :** ਰਮੇਸ਼ ਸੁਮਨ : (925) 366 3618

ਦਿਲਬਾਗ਼ ਸਿੰਘ : (209) 834 4641 | ਵਿਨੋਦ ਕੁਮਾਰ : +1 (408) 718-2506

**SRI GURU RAVIDASS TEMPLE :**

**2150 CRESTVIEW DRIVE, PITTSBURG, CA 94565**

ARES LENDING
Residential | Commercial | Investment



# ਆਪਣਾ ਘਰ Re-Finance ਜਾਂ ਖ਼ਰੀਦਣਾ

**Business ਲੈਣਾ ਜਾਂ Re-Finance ਕਰਨਾ, Working Capital ਲੈਣਾ ਹੈ ਤਾਂ ARES LANDING Assist ਕਰ ਸਕਦੀ ਹੈ :**




SBA LOAN | FHA LOAN | CONVENTIONAL LOAN | Commercial Loan | PRIVATE LOAN | VA LOAN

## ਜੇਕਰ ਤੁਸੀਂ Veteran ਹੋ America ਦੇ ਤਾਂ

**ਤੁਹਾਨੂੰ 100% Financing Veteran ਦਾ ਆਪਾ ਦਵਾ ਸਕਦੇ ਹਾਂ**

**Contact (TONY SINGH ) For More INFO at : (916) 519-7009**

DRE#: 01901843 | NMLS: 823070 | DRE# 02188764 | NMLS# 2402240

## TRS LDA SERVICES COMPANY

DRE# 02188764 | LDA# 2022-001

**Loan ਲੈਣ ਵਿੱਚ ਆਉਂਦੀ ਹੋਵੇ ਮੁਸ਼ਕਿਲ ਤਾਂ TRS LDA SERVICES COMPANY ਕੋਲ ਹੈ Credit Repair ਦਾ ਹਰ ਹੱਲ**

Credit ਠੀਕ ਕਰਵਾਉਣਾ ਹੋਵੇ | Credit ਤੇ Negative Items ਹੋਣ | ਜ਼ਿਆਦਾ Enquiries ਹੋਣ

ਤੁਹਾਡਾ LOAN ਪਾਸ ਨਾ ਹੁੰਦਾ ਹੋਵੇ, ਤਾਂ ਅਸੀਂ ਤੁਹਾਡਾ Credit FIX ਕਰਨ ਵਿੱਚ ਮਦਦ ਕਰਦੇ ਹਾਂ
ਤੁਹਾਡਾ Score ਘੱਟ ਹੈ ਤਾਂ ਸਾਡੀ Company Credit Repair ਵੀ ਕਰਦੀ ਹੈ

**ਜਾਣਕਾਰੀ ਲਈ ਕਾਲ ਕਰੋ : Credit Analyst : Fatima Fierros : (916) 829-4200**

# ਵਿਗਿਆਨਕ ਦ੍ਰਿਸ਼ਟੀ ਬਣਾਉਣਾ ਵਕਤ ਦੀ ਮੁੱਖ ਲੋੜ -ਤਰਕਸ਼ੀਲ



**ਸੰਗਰੂਰ ਸਾਂਝੀ ਸੋਚ ਬਿਊਰੋ**

ਤਰਕਸ਼ੀਲ ਸੁਸਾਇਟੀ ਪੰਜਾਬ ਇਕਾਈ ਸੰਗਰੂਰ ਦੀ ਇਕੱਤਰਤਾ ਜ਼ੋਨ ਮੁਖੀ ਮਾਸਟਰ ਪਰਮਵੇਦ ਤੇ ਇਕਾਈ ਮੁਖੀ ਸੁਰਿੰਦਰ ਪਾਲ ਉਪਲੀ ਦੀ ਅਗਵਾਈ ਵਿੱਚ ਸੰਗਰੂਰ ਵਿਖੇ ਹੋਈ। ਮੀਟਿੰਗ ਦੀ ਕਾਰਵਾਈ ਪ੍ਰੈਸ ਨਾਲ ਸਾਂਝੀ ਕਰਦਿਆਂ ਤਰਕਸ਼ੀਲ ਆਗੂ ਸੀਤਾ ਰਾਮ ਬਾਦਲ ਕਲਾਂ ਤੇ ਗੁਰਦੀਪ ਸਿੰਘ ਲਹਿਰਾ ਨੇ ਦੱਸਿਆ ਕਿ ਮੀਟਿੰਗ ਵਿੱਚ ਸਮਾਜ ਵਿਚ ਦਿਨੋਂ ਦਿਨ ਵਧ ਰਹੀਆਂ ਮਾਨਸਿਕ ਸਮੱਸਿਆਵਾਂ ਉਨ੍ਹਾਂ ਦੇ ਹਲ ਸਬੰਧੀ ਵਿਸਥਾਰ ਵਿਚ ਵਿਚਾਰ ਵਟਾਂਦਰਾ ਕੀਤਾ ਗਿਆ।ਮੀਟਿੰਗ ਵਿੱਚ ਵਿਚਾਰਿਆ ਗਿਆ ਕਿ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਨਾਲ ਸੰਬੰਧਿਤ ਸਕੂਲਾਂ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਤਰਕਸ਼ੀਲ ਸੁਸਾਇਟੀ ਵਲੋਂ ਆਯੋਜਿਤ ਕੀਤੇ ਜਾਂਦੇ ਸੈਮੀਨਾਰਾਂ ਅਤੇ ਸਟੱਡੀ ਸਰਕਲ ਦਾ ਹਿੱਸਾ ਬਣਾ ਕੇ ਉਨ੍ਹਾਂ ਨਾਲ ਵਿਚਾਰ ਵਟਾਂਦਰਾ ਕੀਤਾ ਜਾਣਾ ਚਾਹੀਦਾ ਹੈ।

ਤਰਕਸ਼ੀਲ ਮੈਗਜ਼ੀਨ ਸੁਸਾਇਟੀ ਦੀ ਵਿਗਿਆਨਕ ਵਿਚਾਰਧਾਰਾ ਦਾ ਮੁੱਖ ਬੁਲਾਰਾ ਹੋਣ ਦੇ ਨਾਤੇ ਇਸ ਨੂੰ ਹਰ ਪਿੰਡ,ਕਸਬੇ,ਲਾਇਬ੍ਰੇਰੀ,ਦਫਤਰ ਅਤੇ ਕਾਰਖਾਨਿਆਂ ਤਕ ਪਹੁੰਚਾਉਣ ਲਈ ਵਿਸ਼ੇਸ਼ ਯਤਨ ਜੁਟਾਉਣ ਦਾ ਫੈਸਲਾ ਕੀਤਾ ਗਿਆ। ਮੀਟਿੰਗ ਵਿੱਚ ਵਿਚਾਰਿਆ ਗਿਆ ਕਿ ਤਰਕਸ਼ੀਲ ਕਾਰਕੁੰਨਾਂ ਵਿੱਚ ਚਿੰਤਨ, ਅਧਿਐਨ ਅਤੇ ਸਵੈ ਚਿੰਤਨ ਦੀ ਭਾਵਨਾ ਵਿਕਸਤ ਕਰਨ ਦੀ ਲੋੜ ਹੈ।ਤਰਕਸ਼ੀਲ ਕਾਰਕੁੰਨਾਂ ਵਿਚ ਸਮਰਪਣ ਅਤੇ ਚਿੰਤਨ ਦੀ ਭਾਵਨਾ ਪੈਦਾ ਕਰਨ ਲਈ ਵਿਗਿਆਨਕ ਸਾਹਿਤ ਦੇ ਇਲਾਵਾ ਵਿਰੋਧੀ ਵਿਚਾਰਧਾਰਾ ਦੇ ਸਾਹਿਤ ਦਾ ਅਧਿਐਨ ਕਰਨ ਦੀ ਵੀ ਲੋੜ ਹੈ ਤਾਂ ਕਿ ਵਿਰੋਧੀਆਂ ਵੱਲੋਂ ਫੈਲਾਏ ਜਾਂਦੇ ਗੁੰਮਰਾਹਕੁੰਨ ਫ਼ਿਰਕੂ ਪ੍ਰਚਾਰ ਦਾ ਵਿਗਿਆਨਕ ਦ੍ਰਿਸ਼ਟੀਕੋਣ ਤੋਂ ਜਵਾਬ ਦਿੱਤਾ ਜਾ ਸਕੇ। ਮੀਟਿੰਗ ਵਿੱਚ ਭਾਰਤ ਵਿਚ ਧਰਮ ਅਤੇ ਰਾਜਨੀਤੀ ਨੂੰ ਵੱਖ ਕਰਨ,ਫ਼ਿਰਕੂ ਨਫ਼ਰਤੀ ਭਾਸ਼ਣ ਕਰਨ ਉਤੇ ਸਖ਼ਤ ਪਾਬੰਦੀ ਲਗਾਉਣ, ਤਰਕਸ਼ੀਲ ਆਗੂਆਂ ਅਤੇ ਸਮਾਜਿਕ ਕਾਰਕੁਨਾਂ ਉਤੇ ਧਾਰਾ 295 ਅਤੇ 295 ਏ ਹੇਠ ਦਰਜ ਝੂਠੇ ਅਤੇ ਨਜਾਇਜ਼ ਕੇਸਾਂ ਨੂੰ ਤੁਰੰਤ ਬਿਨਾਂ ਸ਼ਰਤ ਰੱਦ ਕਰਨ ਦੀ ਮੰਗ ਕਰਦਿਆਂ ਪੰਜਾਬ ਵਿੱਚ ਅੰਧ ਵਿਸ਼ਵਾਸ਼ ਰੋਕੂ ਕਾਨੂੰਨ ਬਣਾਉਣ ਦੀ ਜ਼ੋਰਦਾਰ ਮੰਗ ਕੀਤੀ ਗਈ। ਮੀਟਿੰਗ ਵਿੱਚ 8 ਇਕਾਈਆਂ ਤੇ ਆਧਾਰਿਤ ਜ਼ੋਨ ਵੱਲੋਂ ਕਰਵਾਈ ਜਾਣ ਵਾਲ਼ੀ ਪਰਿਵਾਰਕ ਮਿਲਣੀ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ ਗਿਆ।ਮੀਟਿੰਗ ਵਿੱਚ ਉਪਰੋਕਤ ਤੋਂ ਇਲਾਵਾ ਪਰਮਿੰਦਰ ਸਿੰਘ ਮਹਿਲਾਂ, ਸੁਖਵਿੰਦਰ ਸਿੰਘ, ਗੁਰਦੀਪ ਸਿੰਘ, ਕ੍ਰਿਸ਼ਨ ਸਿੰਘ, ਸੁਖਦੇਵ ਸਿੰਘ ਕਿਸ਼ਨਗੜ੍ਹ ਨੇ ਸ਼ਮੂਲੀਅਤ ਕੀਤੀ।

# ਕਿਸਾਨ ਮੋਰਚੇ ਵੱਲੋਂ ਭਾਰਤ ਭਰ ਦੇ ਕਿਸਾਨਾਂ ਨੂੰ ਫਿਲਸਤੀਨ ਦੇ ਕਿਸਾਨਾਂ ਸਮਰਥਨ ਤੇ ਏਕਤਾ ਵਧਾਉਣ ਦੀ ਅਪੀਲ


**ਨਵੀਂ ਦਿੱਲੀ ਸਾਂਝੀ ਸੋਚ ਬਿਊਰੋ**

ਸੰਯੁਕਤ ਕਿਸਾਨ ਮੋਰਚਾ (ਐੱਸਕੇਐੱਮ) ਭਾਰਤ ਭਰ ਦੇ ਕਿਸਾਨਾਂ ਨੂੰ ਫਿਲਸਤੀਨ ਦੇ ਕਿਸਾਨਾਂ ਨੂੰ ਸਮਰਥਨ ਅਤੇ ਏਕਤਾ ਵਧਾਉਣ ਦੀ ਅਪੀਲ ਕਰਦਾ ਹੈ ਜੋ ਇਜ਼ਰਾਈਲੀ ਕਾਬਜ਼ ਫੌਜ ਦੀ ਹਮਾਇਤ ਨਾਲ ਆਬਾਦਕਾਰ ਗਰੋਹਾਂ ਦੁਆਰਾ ਪਿੰਡਾਂ ਵਿੱਚ ਲਗਾਤਾਰ ਅੱਤਵਾਦੀ ਹਮਲਿਆਂ ਦਾ ਸਾਹਮਣਾ ਕਰ ਰਹੇ ਹਨ। ਫੌਜ ਅਤੇ ਗੈਂਗਸਟਰ ਗਾਜ਼ਾ ਵਿੱਚ ਨਸਲਕੁਸ਼ੀ ਦੀ ਲੜਾਈ ਦੇ ਨਾਲ-ਨਾਲ ਖਾਸ ਤੌਰ 'ਤੇ ਪੱਛਮੀ ਕੰਢੇ ਦੇ ਪਿੰਡਾਂ ਵਿੱਚ ਰਿਹਾਇਸ਼ੀ ਖੇਤਰਾਂ ਅਤੇ ਕਿਸਾਨਾਂ ਨੂੰ ਨਿਸ਼ਾਨਾ ਬਣਾ ਰਹੇ ਹਨ ਅਤੇ ਉਨ੍ਹਾਂ ਨੂੰ ਉਜਾੜਨ ਦੀਆਂ ਲਗਾਤਾਰ ਕੋਸ਼ਿਸ਼ਾਂ ਦੇ ਹਿੱਸੇ ਵਜੋਂ ਕਤਲੇਆਮ, ਘਰਾਂ ਅਤੇ ਖੇਤਾਂ ਨੂੰ ਸਾੜਨਾ, ਜਾਇਦਾਦ ਨੂੰ ਜਾਣਬੁੱਝ ਕੇ ਤਬਾਹ ਕਰਨਾ ਸ਼ਾਮਲ ਹਨ। ਇਨ੍ਹਾਂ ਹਮਲਿਆਂ ਵਿੱਚ ਸੈਂਕੜੇ ਕਿਸਾਨ ਜਾਨਾਂ ਗੁਆ ਚੁੱਕੇ ਹਨ ਅਤੇ ਹਜ਼ਾਰਾਂ ਗੰਭੀਰ ਰੂਪ ਵਿੱਚ ਜ਼ਖਮੀ ਹੋਏ ਹਨ।

ਫਲਸਤੀਨੀ ਕਿਸਾਨ ਯੂਨੀਅਨਾਂ ਨੇ ਫਲਸਤੀਨੀ ਕਿਸਾਨਾਂ ਲਈ ਤੁਰੰਤ ਅੰਤਰਰਾਸ਼ਟਰੀ ਸੁਰੱਖਿਆ ਦੀ ਮੰਗ ਕੀਤੀ ਹੈ।

ਐੱਸਕੇਐੱਮ ਭਾਰਤ ਦੇ ਸਾਰੇ ਕਿਸਾਨਾਂ ਨੂੰ ਫਲਸਤੀਨੀ ਕਿਸਾਨਾਂ ਨਾਲ ਏਕਤਾ ਵਧਾਉਣ ਅਤੇ ਭਾਰਤ ਦੇ ਰਾਸ਼ਟਰਪਤੀ ਨੂੰ ਪੱਤਰ ਲਿਖ ਕੇ ਅਪੀਲ ਕਰਦਾ ਹੈ ਕਿ ਭਾਰਤ ਸਰਕਾਰ ਨੂੰ ਜ਼ੀਓਨਿਸਟ ਇਜ਼ਰਾਈਲ ਦੇ ਨਸਲਕੁਸ਼ੀ, ਤੁਰੰਤ ਜੰਗਬੰਦੀ ਅਤੇ ਫੌਜ ਅਤੇ ਬਸਤੀਵਾਦੀ ਗਰੋਹਾਂ ਦੁਆਰਾ ਫਲਸਤੀਨੀਆਂ ਖਾਸ ਕਰਕੇ ਬੱਚਿਆਂ ਅਤੇ ਔਰਤਾਂ ਦੇ ਕਤਲੇਆਮ ਨੂੰ ਖਤਮ ਕਰਨ ਲਈ ਸਭ ਕੁਝ ਕਰਨਾ ਚਾਹੀਦਾ ਹੈ। ਸੰਯੁਕਤ ਰਾਸ਼ਟਰ ਚਿਲਡਰਨ ਫੰਡ (ਯੂਨੀਸੇਫ) ਦੇ ਅਨੁਸਾਰ, 7 ਅਕਤੂਬਰ, 2023 ਤੋਂ ਘਿਰੇ ਗਾਜ਼ਾ ਪੱਟੀ ਵਿੱਚ ਮਾਰੇ ਗਏ ਬੱਚਿਆਂ ਦੀ ਗਿਣਤੀ 14000 ਨੂੰ ਪਾਰ ਕਰ ਗਈ ਹੈ।

ਯੂਨੀਸੇਫ ਨੇ ਪੂਰੀ ਦੁਨੀਆ ਨੂੰ ਜੰਗਬੰਦੀ ਲਈ ਕੁਝ ਕਰਨ ਦੀ ਅਪੀਲ ਕੀਤੀ ਹੈ। ਇਜ਼ਰਾਈਲ ਦਾ ਹਮਲਾ 'ਬੱਚਿਆਂ ਵਿਰੁੱਧ ਜੰਗ' ਬਣ ਗਿਆ ਹੈ ਅਤੇ ਗਾਜ਼ਾ 10 ਲੱਖ ਤੋਂ ਵੱਧ ਬੱਚਿਆਂ ਦਾ ਘਰ ਹੈ। ਗਾਜ਼ਾ ਵਿੱਚ ਹਰ ਦਸ ਮਿੰਟ ਵਿੱਚ ਇੱਕ ਬੱਚਾ ਮਾਰਿਆ ਗਿਆ ਜਾਂ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਿਆ। ਗਾਜ਼ਾ ਦੇ ਸਿਹਤ ਮੰਤਰਾਲੇ ਦੇ ਅਨੁਸਾਰ, 7 ਅਕਤੂਬਰ 2023 ਤੋਂ ਗਾਜ਼ਾ ਵਿੱਚ ਇਜ਼ਰਾਈਲ ਦੇ ਚੱਲ ਰਹੇ ਨਸਲਕੁਸ਼ੀ ਵਿੱਚ 34012 ਫਲਸਤੀਨੀ ਮਾਰੇ ਗਏ ਹਨ ਅਤੇ 76833 ਜ਼ਖਮੀ ਹੋਏ ਹਨ। ਇਸ ਤੋਂ ਉੱਪਰ, ਘੱਟੋ-ਘੱਟ 7000 ਲੋਕ ਅਣਪਛਾਤੇ ਹਨ, ਜੋ ਗਾਜ਼ਾ ਪੱਟੀ ਵਿੱਚ ਆਪਣੇ ਘਰਾਂ ਦੇ ਮਲਬੇ ਹੇਠਾਂ ਮਰੇ ਹੋਏ ਹਨ। ਲਗਭਗ 20 ਲੱਖ ਲੋਕਾਂ ਦਾ ਉਜਾੜਾ ਹੋਇਆ - 1948 ਦੇ ਨਕਬਾ ਤੋਂ ਬਾਅਦ ਸਭ ਤੋਂ ਵੱਡਾ ਸਮੂਹਿਕ ਕੂਚ।ਇਜ਼ਰਾਈਲ ਦੁਆਰਾ ਮਾਰੇ ਗਏ ਜਾਂ ਜ਼ਖਮੀ ਹੋਣ ਵਾਲਿਆਂ ਵਿਚ ਜ਼ਿਆਦਾਤਰ ਔਰਤਾਂ ਅਤੇ ਬੱਚੇ ਹਨ। ਯੁੱਧ ਦੇ ਨਤੀਜੇ ਵਜੋਂ ਉੱਤਰੀ ਗਾਜ਼ਾ ਵਿੱਚ ਭਿਆਨਕ ਕਾਲ ਪੈ ਗਿਆ ਹੈ, ਨਤੀਜੇ ਵਜੋਂ ਬਹੁਤ ਸਾਰੇ ਲੋਕਾਂ ਦੀ ਮੌਤ ਹੋ ਗਈ, ਜ਼ਿਆਦਾਤਰ ਬੱਚੇ ਪਿਛਲੇ ਛੇ ਮਹੀਨਿਆਂ ਵਿੱਚ, ਆਧੁਨਿਕ ਯੁੱਗ ਦੇ ਕਿਸੇ ਵੀ ਯੁੱਧ ਨਾਲੋਂ ਵੱਧ ਨਾਗਰਿਕ ਇਸ ਸੰਘਰਸ਼ ਵਿੱਚ ਮਾਰੇ ਗਏ ਹਨ। ਅਤੇ ਕਿਸੇ ਵੀ ਯੁੱਧ ਨੇ ਇਹ ਬਹੁਤ ਸਾਰੇ ਮਾਸੂਮ ਬੱਚਿਆਂ ਨੂੰ ਨਹੀਂ ਮਾਰਿਆ ਹੈ. ਬੱਚਿਆਂ ਦੀ ਹੱਤਿਆ ਅਤੇ ਅਪੰਗਤਾ ਨੂੰ ਰੋਕਣ ਲਈ ਹੁਣ ਜੰਗਬੰਦੀ ਹੀ ਇੱਕੋ ਇੱਕ ਰਸਤਾ ਹੈ।ਐੱਸ ਕੇ ਐੱਮ ਨੇ ਅੰਤਰਰਾਸ਼ਟਰੀ ਅਦਾਲਤ ਤੋਂ ਮੰਗ ਕੀਤੀ ਹੈ ਕਿ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ 'ਤੇ ਬੱਚਿਆਂ ਅਤੇ ਔਰਤਾਂ ਵਿਰੁੱਧ ਭਿਆਨਕ ਬੇਰਹਿਮੀ ਲਈ ਜੰਗੀ ਅਪਰਾਧੀ ਵਜੋਂ ਮੁਕੱਦਮਾ ਚਲਾਇਆ ਜਾਵੇ।ਨਫ਼ਰਤ ਦੀ ਰਾਜਨੀਤੀ 'ਤੇ ਅਧਾਰਤ ਜ਼ਯੋਨਿਸਟ ਸਿਧਾਂਤ ਚੱਲ ਰਹੀ ਨਸਲਕੁਸ਼ੀ ਦਾ ਮੂਲ ਕਾਰਨ ਹੈ। ਅਡੋਲਫ ਹਿਟਲਰ ਦੀ ਅਗਵਾਈ ਵਾਲੇ ਨਾਜ਼ੀ ਜਰਮਨੀ ਦੇ ਅਧੀਨ ਯਹੂਦੀ ਲੋਕਾਂ ਨੂੰ ਇਤਿਹਾਸ ਵਿੱਚ ਸਭ ਤੋਂ ਭੈੜੀ ਨਸਲਕੁਸ਼ੀ ਦਾ ਸ਼ਿਕਾਰ ਬਣਾਇਆ ਗਿਆ ਹੈ। ਯਹੂਦੀ ਲੋਕਾਂ ਦਾ ਬਣਿਆ ਇਜ਼ਰਾਈਲ ਦਾ ਆਧੁਨਿਕ ਰਾਜ ਅੱਜ ਫਲਸਤੀਨੀਆਂ ਵਿਰੁੱਧ ਸਭ ਤੋਂ ਅਣਮਨੁੱਖੀ, ਜ਼ਾਲਮ ਨਸਲਕੁਸ਼ੀ ਨੂੰ ਅੰਜਾਮ ਦੇ ਰਿਹਾ ਹੈ।




ARES REALTY
Residential | Commercial | Investment

Thinking Of Selling Or

Buying A Home ?



ਘਰ ਜਾਂ Business ਵੇਚਣਾ ਜਾਂ ਖਰੀਦਣਾ ਹੋਵੇ

Residential | Commercial | Industrial | Raw land

ਜਿਵੇਂ :Farm House ,Liquor Stores ,Gas Stations
ਹਰ ਤਰ੍ਹਾਂ ਦੇ Apartments, Buildings Car Wash,
Truck Wash ਜਾਂ Gas Pumps ਵਰਗੀਆਂ ਪ੍ਰੋਪਰਟੀਜ਼

ਖਰੀਦਣ ਜਾਂ ਵੇਚਣ ਦੇ ਚਾਹਵਾਨ ਇੱਕ ਵਾਰ ਸਾਨੂੰ ਮਿਲੋ - ARES REALTY

Broker | Realtor | Mortgage Loan Originator : Tony Singh : (916) 519-7009 License ID: 01901843

REALTOR
Jassi Avtar : (916) 335-3760 License ID: 02192444
Alex Singh : (916) 582-4394 License ID: 02191925
Rupinder Dhaliwal ( Ruby ): (916) 764-2859 License ID: 01461487
Amarbir Takhar : (209) 277-9200 License ID: 02225690
Harpreet Singh : (510) 589-8409 License ID: 02194943
Roseleen Kumar : (916)802-4833 License ID: 02028063

OFFICE MANAGER | MARKETING DIRECTOR Sadie EL Ibrahimi : (916)-829-4200 | E-FAX : (916) 367-6756

TRS Constructions

ਘਰ ਵੇਚਣਾ ਹੋਵੇ, ਖ਼ਰੀਦਣਾ ਹੋਵੇ ਜਾਂ ਹੋਣ ਵਾਲੀ ਹੈ ਤੁਹਾਡੇ ਘਰ ਦੀ ਮੁਰੰਮਤ

ਅਸੀਂ ਘਰ ਦੀ ਸਾਰੀ Repair ਤੇ Re -Modelling ਕਰਦੇ ਹਾਂ | Without Any Money Out Of Your Pocket

ਤੁਸੀਂ ਇੱਕ ਵੀ ਪੈਸਾ ਨਹੀਂ ਦਿਓਗੇ TRS Constructions ਨੂੰ ਤੁਹਾਡੀ Sale ਦੇ ਵਿੱਚੋਂ Pay ਹੋ ਜਾਣਗੇ

ਵਧੇਰੇ ਜਾਣਕਾਰੀ ਜਾਂ ਕਿਸੇ ਵੀ ਤਰ੍ਹਾਂ ਦੀ Quiry ਲਈ ਕਾਲ : Tony Singh : (916) 519-7009 Loan Contractor
License ID: 01901843

# PAL FILMS & PHOTO BOOKS

*All Your Photo/Videography & Post Production needs Under One Roof*




Music Video | Pre Shoots | Weddings | Birthdays | Graduations
Stage Shows Or Any Kind Of Events | Customize Photobooks (upto 6 feet)
Video Editing VFX/DI/CC & Much More....

*Full Photo & Videography studio with Green Screen Blue Screen*

**PH: 925 489 3400, 341 356 1517**

Email: palfilms@yahoo.com, palfilms925@gmail.com, www.palfilms.com

**4007 Railroad Ave**
**Pittsburgh, CA 94565**

# 'ਛੋਟੇ ਬੱਚਿਆਂ ਵਿੱਚ ਸਾਹਿਤ ਲਿਖਣ ਤੋਂ ਪਹਿਲਾਂ ਪੜ੍ਹਨ ਦੀ ਆਦਤ ਪਾਓ'



SANJHI SOCH
ਬਰਜਿੰਦਰ ਕੌਰ ਬਿਸਰਾਓ
99889-01324

ਸਾਹਿਤ ਦੀ ਸਿਰਜਣਾ ਤਾਂ ਹੀ ਕੀਤੀ ਜਾ ਸਕਦੀ ਹੈ ਜੇ ਸਾਹਿਤ ਨੂੰ ਚੰਗੀ ਤਰ੍ਹਾਂ ਪੜ੍ਹਿਆ, ਜਾਣਿਆ ਅਤੇ ਸਮਝਿਆ ਹੋਵੇ। ਸਾਹਿਤ ਦਾ ਕੋਈ ਵੀ ਰੂਪ ਵੇਖ ਲਵੋ, ਉਹ ਲੇਖਕਾਂ ਦੇ ਅੰਦਰੋਂ ਉਪਜੀ ਸਹਿਜ ਸੁਭਾਅ ਦੀ ਕਲਾ ਹੁੰਦੀ ਹੈ ਜਿਸ ਨੂੰ ਉਹ ਆਪਣੇ ਰੌਅ ਵਿੱਚ ਪੇਸ਼ ਕਰਦਾ ਹੈ।ਉਸ ਦੀਆਂ ਲਿਖਤਾਂ ਉੱਤੇ ਉਸ ਦੁਆਰਾ ਪੜ੍ਹੇ ਸਾਹਿਤ ਦੀ ਰੰਗਤ ਦੀ ਝਲਕ ਜ਼ਰੂਰ ਪੈਂਦੀ ਹੈ। ਹਰ ਲਿਖਤ ਲੇਖਕ ਦੇ ਆਪ ਮੁਹਾਰੇ ਉਪਜੇ ਭਾਵਾਂ, ਤਜਰਬਿਆਂ, ਖ਼ਿਆਲਾਂ ਅਤੇ ਜਜ਼ਬਿਆਂ ਦਾ ਹੜ੍ਹ ਹੁੰਦਾ ਹੈ ਜਿਸ ਨੂੰ ਉਹ ਕਲਮਬੱਧ ਕਰਕੇ ਖ਼ੂਬਸੂਰਤ ਸ਼ਬਦਾਂ ਰਾਹੀਂ ਪੇਸ਼ ਕਰਦਾ ਹੈ। ਕਿਸੇ ਵੀ ਲੇਖਕ ਦੀ ਲੇਖਣੀ ਉੱਪਰ ਉਸ ਦੁਆਰਾ ਪੜ੍ਹੇ ਸਾਹਿਤ ਦਾ ਪ੍ਰਭਾਵ ਜ਼ਰੂਰ ਨਜ਼ਰ ਆਉਂਦਾ ਹੈ।

ਅੱਜ ਕੱਲ੍ਹ ਇੱਕ ਨਵੇਂ ਤਰੀਕੇ ਦਾ ਰੁਝਾਨ ਵੇਖਣ ਨੂੰ ਮਿਲ ਰਿਹਾ ਹੈ ਕਿ ਬਹੁਤ ਛੋਟੇ ਬੱਚਿਆਂ ਤੋਂ ਵੀ ਸਾਹਿਤ ਲਿਖਵਾਇਆ ਜਾ ਰਿਹਾ ਹੈ। ਬੱਚਿਆਂ ਦੇ ਨਾਂ ਦੇ ਨਾਲ ਨਾਲ ਉਹਨਾਂ ਦੇ "ਗਾਈਡ" ਦਾ ਨਾਂ ਵੀ ਦਿੱਤਾ ਜਾਂਦਾ ਹੈ। ਮਤਲਬ ਕਿ ਪ੍ਰਾਇਮਰੀ ਤੱਕ ਦੇ ਬੱਚੇ ਦੁਆਰਾ ਲਿਖੀ ਕਵਿਤਾ ਦੇ ਨਾਲ ਉਸ ਦੇ ਮਾਪਿਆਂ ਜਾਂ ਉਸ ਦੇ ਅਧਿਆਪਕ ਦਾ ਨਾਂ ਦਿੱਤਾ ਜਾਂਦਾ ਹੈ ਕਿ ਉਸ ਦੀ ਨਿਗਰਾਨੀ ਹੇਠ ਲਿਖੀ ਹੋਈ ਰਚਨਾ ਹੈ। ਐਨੇ ਛੋਟੇ ਬੱਚੇ ਨੂੰ ਕਿਸ ਤਰ੍ਹਾਂ ਗਾਈਡ ਕੀਤਾ ਜਾਂਦਾ ਹੋਵੇਗਾ ? ਇਹ ਗੱਲ ਤਾਂ ਠੀਕ ਹੈ ਕਿ ਬੱਚੇ ਤੋਂ ਸਿਰਜਣਾਤਮਕ ਕਾਰਜ ਕਰਵਾ ਕੇ ਉਸ ਦੀ ਬੌਧਿਕ ਸਮਰੱਥਾ ਵਿੱਚ ਵਾਧਾ ਹੋਵੇਗਾ ਪਰ ਕਵਿਤਾ ਲਿਖਣ ਲਈ ਉਸ ਅੰਦਰ ਭਾਵ, ਖਿਆਲ ਅਤੇ ਜਜ਼ਬਾ ਪੈਦਾ ਕਰਨ ਲਈ ਉਸ ਨੂੰ ਕਿਹੜੇ ਤਰੀਕੇ ਨਾਲ ਗਾਈਡ ਕੀਤਾ ਜਾਂਦਾ ਹੋਵੇਗਾ? ਜਿਹੜੀ ਉਮਰੇ ਬੱਚੇ ਨੂੰ ਹਜੇ ਆਪਣੇ ਪਾਠਕ੍ਰਮ ਦੇ ਛੋਟੇ ਛੋਟੇ ਪ੍ਰਸ਼ਨਾਂ ਦੇ ਉੱਤਰ ਸਹੀ ਢੰਗ ਨਾਲ ਲਿਖਣ ਲਈ ਬਹੁਤ ਸਾਰਾ ਅਭਿਆਸ ਕਰਨਾ ਪੈਂਦਾ ਹੋਵੇ ਉਸ ਉਮਰੇ ਉਹ ਇੱਕ ਵਧੀਆ ਕਵਿਤਾ ਕਿਵੇਂ ਸਿਰਜਦਾ ਹੈ? ਇਹ ਪ੍ਰਸ਼ਨ ਵਾਰ ਵਾਰ ਜ਼ਿਹਨ ਵਿੱਚ ਉਭਰਦਾ ਹੈ। ਇਹ ਵਧ ਰਿਹਾ ਰੁਝਾਨ ਕਿਤੇ ਵੱਡੇ ਹੋ ਕੇ ਬੱਚਿਆਂ ਦੇ ਅੰਦਰ ਸਹਿਜ ਸੁਭਾਅ ਉਪਜਣ ਵਾਲੀ ਕਲਾ ਦੇ ਖੰਭਾਂ ਨੂੰ ਛੋਟੀ ਉਮਰੇ ਫੋਕੀ ਵਾਹ ਵਾਹ ਦੀ ਤੇਜ਼ ਛੁਰੀ ਨਾਲ ਤਾਂ ਕਿਤੇ ਨਹੀਂ ਕੱਟ ਰਿਹਾ ਹੁੰਦਾ? ਬੱਚਿਆਂ ਨੂੰ ਦੱਸ ਕੇ ਲਿਖਵਾਉਣ ਨਾਲੋਂ ਤਾਂ ਚੰਗਾ ਉਸ ਦੇ ਅੰਦਰ ਦੀ ਰੁਚੀ ਵਿੱਚੋਂ ਉਸ ਦੀ ਪ੍ਰਤਿਭਾ ਨੂੰ ਤਲਾਸ਼ ਕੇ ਉਸ ਨੂੰ ਤਰਾਸਿਆ ਜਾਵੇ।

ਪ੍ਰਾਇਮਰੀ ਤੱਕ ਦੇ ਬੱਚੇ ਜੇ ਤਾਂ ਸੱਚ ਮੁੱਚ ਹੀ ਐਨੀ ਵਧੀਆ ਕਵਿਤਾ ਲਿਖ ਰਹੇ ਹੁੰਦੇ ਹਨ ਤਾਂ ਇਹ ਇੱਕ ਚੰਗਾ ਕਦਮ ਹੈ ਅਤੇ ਉਸ ਨੂੰ ਉਤਸ਼ਾਹਿਤ ਕਰਨਾ ਸਾਡਾ ਸਭ ਦਾ ਫ਼ਰਜ਼ ਬਣਦਾ ਹੈ ਪਰ ਜੇ ਕਿਤੇ ਦਾਲ਼ ਵਿੱਚ ਕੁਝ ਕਾਲ਼ਾ ਹੈ ਤਾਂ ਇਹ ਬੱਚਿਆਂ ਦੇ ਭਵਿੱਖ ਨਾਲ ਖਿਲਵਾੜ ਹੋ ਸਕਦਾ ਹੈ। ਐਨੀ ਛੋਟੀ ਉਮਰ ਦੇ ਬੱਚਿਆਂ ਨੂੰ ਆਪਣੀ ਸਕੂਲੀ ਪੜ੍ਹਾਈ ਤੋਂ ਵਿਹਲ ਬੜੀ ਮੁਸ਼ਕਲ ਨਾਲ ਮਿਲਦੀ ਹੈ ,ਉਹਨਾਂ ਦੁਆਰਾ ਇੱਕ ਵਧੀਆ ਸਾਹਿਤਕਾਰ ਤੁਲ ਸਾਹਿਤ ਦੀ ਰਚਨਾ ਕਰਵਾਉਣਾ ਹਜ਼ਮ ਨਹੀਂ ਹੋ ਸਕਦਾ। ਕੁਝ ਬੱਚੇ ਪ੍ਰਤਿਭਾਸ਼ਾਲੀ ਹੋ ਸਕਦੇ ਹਨ ਜਿਨ੍ਹਾਂ ਵਿੱਚ ਕੁਦਰਤੀ ਤੌਰ ਤੇ ਇਹੋ ਜਿਹੇ ਗੁਣ ਉਪਜੇ ਹੋਣ,ਇਹੋ ਜਿਹੇ ਬੱਚੇ ਨਿਵੇਕਲੇ ਹੁੰਦੇ ਹਨ । ਨਿਗਰਾਨੀ ਹੇਠ ਛੋਟੇ ਬੱਚਿਆਂ ਤੋਂ ਲਿਖਵਾਇਆ ਸਾਹਿਤ ਕਿਤੇ ਅਖ਼ਬਾਰਾਂ ਜਾਂ ਰਸਾਲਿਆਂ ਵਿੱਚ ਆਪਣੀਆਂ ਜਾਂ ਬੱਚਿਆਂ ਦੀਆਂ ਫੋਟੋਆਂ ਛਪਵਾਉਣ ਲਈ ਭੇਡ ਚਾਲ ਹੀ ਨਾ ਕਿਤੇ ਬਣ ਕੇ ਰਹਿ ਜਾਵੇ। ਜਾਂ ਕਿਤੇ ਇਹ ਸਾਹਿਤ ਦਾ ਵਪਾਰੀਕਰਨ ਤਾਂ ਨਹੀਂ ਹੋ ਰਿਹਾ ਕਿਉਂਕਿ ਅੱਜ ਕੱਲ੍ਹ ਨਾਂ ਅਤੇ ਸ਼ੁਹਰਤ ਖੱਟਣ ਦੇ ਨਾਲ ਨਾਲ ਪੈਸਾ ਕਮਾਉਣ ਦੀ ਹੋੜ ਵੀ ਲੋਕਾਂ ਵਿੱਚ ਵਧ ਰਹੀ ਹੈ। ਇਸ ਨੂੰ ਬਹੁਤ ਬਰੀਕੀ ਨਾਲ ਸੋਚਣ ਦੀ ਲੋੜ ਹੈ।

ਅਜਿਹੇ ਗਾਈਡ ਜਾਂ ਨਿਗਰਾਨ ਜੇ ਸੱਚ ਮੁੱਚ ਬੱਚੇ ਅੰਦਰ ਸਾਹਿਤਕ ਚਿਣਗ ਪੈਦਾ ਕਰਨਾ ਚਾਹੁੰਦੇ ਹਨ ਤਾਂ ਉਨ੍ਹਾਂ ਵੱਲੋਂ ਬੱਚਿਆਂ ਦੇ ਪਹਿਲਾਂ ਕਵਿਤਾਵਾਂ ਬੋਲਣ ਦੇ ਮੁਕਾਬਲੇ ਕਰਵਾਉਣੇ ਚਾਹੀਦੇ ਹਨ ਤਾਂ ਕਿ ਉਹਨਾਂ ਨੂੰ ਉਤਸ਼ਾਹਿਤ ਕੀਤਾ ਜਾਵੇ । ਇਸ ਤਰ੍ਹਾਂ ਉਹਨਾਂ ਵਿੱਚ ਸਾਹਿਤ ਪ੍ਰਤੀ ਰੁਚੀ ਪੈਦਾ ਹੋਵੇਗੀ, ਉਹਨਾਂ ਅੰਦਰ ਉਸ ਤਰ੍ਹਾਂ ਦੇ ਭਾਵ ਉਪਜਣਗੇ ਤੇ ਖਿਆਲ ਪੈਦਾ ਹੋਣਗੇ ਜਿਸ ਤਰ੍ਹਾਂ ਦੀਆਂ ਕਵਿਤਾਵਾਂ ਉਹਨਾਂ ਨੂੰ ਪੜ੍ਹਨੀਆਂ ਸਿਖਾਈਆਂ ਜਾਣਗੀਆਂ। ਜਦ ਬੱਚੇ ਨੂੰ ਪੜ੍ਹ ਪੜ੍ਹ ਕੇ ਸਾਹਿਤਕ ਰਚਨਾਵਾਂ ਵਿੱਚ ਰੁਚੀ ਵਧਣ ਲੱਗਦੀ ਹੈ ਤਾਂ ਉਸ ਅੰਦਰ ਲਿਖਣ ਦਾ ਜਜ਼ਬਾ ਆਪਣੇ ਆਪ ਪੈਦਾ ਹੋਣ ਲੱਗਦਾ ਹੈ। ਬੱਚਿਆਂ ਤੋਂ ਜ਼ਬਰਦਸਤੀ ਕਵਿਤਾਵਾਂ ਲਿਖਵਾਉਣ ਦੀ ਥਾਂ ਉਹਨਾਂ ਨੂੰ ਵੱਡਿਆਂ ਦੁਆਰਾ ਲਿਖੀਆਂ ਬਾਲ ਕਵਿਤਾਵਾਂ ਪੜ੍ਹਨਯੋਗ ਬਣਾਇਆ ਜਾਵੇ ਤਾਂ ਜੋ ਉਹ ਉਹਨਾਂ ਤੋਂ ਪ੍ਰੇਰਨਾ ਲੈ ਕੇ ਵਧੀਆ ਸਾਹਿਤ ਰਚਣ ਦੇ ਯੋਗ ਹੋ ਸਕਣ। ਇਹ ਇੱਕ ਸੋਚਣ ਦਾ ਵਿਸ਼ਾ ਹੈ ਤਾਂ ਜੋ ਸਾਹਿਤ ਵਿੱਚ ਵਧ ਰਹੇ ਵਪਾਰੀਕਰਨ ਤੇ ਠੱਲ੍ਹ ਪਾਈ ਜਾ ਸਕੇ।







SINCE 1990
BAGGA
PALACE
ਇੱਕੋ ਥਾਂ 'ਤੇ ਪਿਛਲੇ 1990 ਤੋਂ
ਤੁਹਾਡੀ ਸੇਵਾ ਕਰ ਰਹੇ ਹਨ
ਖਰੀਦੋ ਮਨਪਸੰਦ ਸੋਨੇ ਦੇ ਗਹਿਣੇ
ਨਵੇਂ ਤੋਂ ਨਵੇਂ ਡਿਜ਼ਾਈਨ
ਸ਼ੁੱਧਤਾ ਦੀ 100% ਗਾਰੰਟੀ
22 ਕੈਰੇਟ ਸੋਨੇ ਦੇ ਗਹਿਣੇ
We buy Gold
ਸੋਨੇ ਦੇ ਗਹਿਣੇ ਖਰੀਦਣ, ਵੇਚਣ ਅਤੇ ਪੁਰਾਣੇ ਸੋਨੇ ਬਦਲੇ
ਨਵਾਂ ਸੋਨਾ ਲੈਣ ਲਈ ਸੰਪਰਕ ਕਰੋ
Ph.: (916) 393-1872, (916) 678-9312
Monday to Sunday (open) | Tuesday ( closed )
(closed)
ADDRESS : 6620 FLORIN ROAD, SACRAMENTO , CA 95828

Gillson
TRUCKING INC



# NOW Hiring Truck Drivers Class A CDL

- Signing Bonus
- Top pay
- Mileage Pay
- Great Benefits
- Over the Road or Local Routes
- Reefers and Dry Van Operations
- No touch freight

## Skills:

- Responsible truck driver.
- Experience with electronic equipment.
- Ability to travel regularly.
- Adaptivity and foresight to handle unexpected situations (traffic, weather conditions and roads, etc.)

## Responsibilities:

- Safely operating assigned vehicles.
- The Vehicles are maintained and serviced as needed.
- Report any vehicle defects for repair.
- Make safety a priority at all times.
- Comply with standard federal laws and with company. policies and procedures.

## Pay:

- Between **$80,000.00 - $120,000.00** per year
- Average pay: $**0.50- $0.60** cents/mile
- Weekly direct deposits
- Bonuses for clean inspections
- High mileage bonuses

## Newer Equipment:

Freightliner and Volvo 2020 and present
Reset pay away from Terminals- Stockton, CA and Dayton, Ohio

- Flexible Home Time
- Pet Friendly
- Rider Policy

## Health Benefits:

Health Dental Vision



## Where to Apply

It's on our website the link under apply now. Please copy it here and then we would to have all.

**Apply Here:**

https://intelliapp.driverapponline.com/c/gillson?uri_b=ia_gillson_2058382794

## Contact:

1801 E Dr. Martin Luther King Jr. Blvd, Stockton, CA 95205

925-400-9094 | ext.116, ext.130 and ext.144

info@teamgillson.com

## Get in Touch:

gillsontrucking
gillsontrucking
company/gillsontrucking
www.teamgillson.com





RE/MAX EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

**Kirandeep Kaur**
Realtor ®
CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED

# ਦੋ ਤਿਤਲੀਆਂ



ਇੱਕ ਵਾਰ ਦੀ ਗੱਲ ਹੈ। ਇੱਕ ਬਾਗ ਸੀ। ਉੱਥੇ ਇੱਕ ਤਿਤਲੀ ਰਹਿੰਦੀ ਸੀ। ਉਹ ਬਹੁਤ ਚੰਗੀ ਸੀ। ਉੱਥੇ ਇੱਕ ਹੋਰ ਤਿਤਲੀ ਆ ਗਈ। ਦੋਵੇਂ ਰਲ - ਮਿਲ ਕੇ ਰਹਿਣ ਲੱਗੀਆਂ। ਉਹ ਦੋਵੇਂ ਸਹੇਲੀਆਂ ਬਣ ਗਈਆਂ। ਫਿਰ ਉਹ ਕਦੇ ਵੀ ਨਹੀਂ ਸੀ ਲੜਦੀਆਂ। ਸਾਨੂੰ ਇਕੱਠੇ ਹੋ ਕੇ ਰਹਿਣਾ ਚਾਹੀਦਾ ਹੈ ਅਤੇ ਲੜਨਾ ਨਹੀਂ ਚਾਹੀਦਾ।



ਚੰਦਨ ਕੁਮਾਰ , ਜਮਾਤ ਤੀਸਰੀ
ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ,
ਗੰਭੀਰਪੁਰ ਲੋਅਰ, ਜਿਲ੍ਹਾ
ਰੂਪਨਗਰ,
ਗਾਈਡ ਅਧਿਆਪਕ
ਮਾਸਟਰ ਸੰਜੀਵ ਧਰਮਾਣੀ
9478561356

### ਮਿੰਨੀ ਕਹਾਣੀ

# ਤੂੜੀ ਦੀ ਪੰਡ

ਹਲੇ! ਕੈਲੂ ਤੂੜੀ ਢੋਹਣ ਵਾਲਿਆਂ ਨਾਲ ਨਵਾਂ ਨਵਾਂ ਰਲਿਆ ਸੀ। ਤੂੜੀ ਦੀ ਪੰਡ ਸਿਰ ਤੇ ਚੁੱਕ ਕੈਲੂ ਪੋੜੀਆਂ ਚੜ੍ਹਦਾ ਜਾ ਰਿਹਾ ਸੀ। "ਗਾਮਿਆ ਫ਼ੜੀ ਕੇਰਾਂ, ਹਮ ਪੇ," ਕਹਿ ਕੈਲੂ ਨੇ ਤੂੜੀ ਦੀ ਪੰਡ ਸਿਰ ਤੋਂ ਲਾਹ ਟਰਾਲੀ ਵਿੱਚ ਸੁੱਟ ਦਿੱਤੀ। ਖਾਲੀ ਪੱਲੀ ਕੱਛ ਚ' ਲੈ

ਕੈਲੂ ਥੱਲੇ ਉੱਤਰਿਆ। ਭਾਰੀ ਪੰਡ ਇੱਕ ਹੋਰ ਬੰਨੀ ਪਈ ਸੀ। "ਚੱਕ ਬਈ ਚੱਕ ਕੈਲੂ ਆ ਜਾ, ਛੇਤੀ ਕਰ ", ਗੋਲੀ ਨੇ ਪੰਡ ਨੂੰ ਜੋਹਦੇ ਹੋਏ ਨੇ ਕਿਹਾ।

ਕੈਲੂ ਕਹਿਣ ਲੱਗਿਆ "ਓ ਠਹਿਰ ਜਾ ਯਾਰ," ਕੈਲੂ ਨੂੰ ਪਹਿਲੀ ਪੰਡ ਨੇ ਹੀ ਸ਼ੱਕੀ ਕਰ ਦਿੱਤਾ ਲੱਗਦਾ ਸੀ। ਉਹ ਪੰਡ ਚੱਕਣ ਨੂੰ ਤਿਆਰ ਨਹੀਂ ਸੀ। ਕੋਲੇ ਖੜੇ ਗਾਮੇ ਨੇ ਟਿੱਚਰ ਕੀਤੀ, "ਕੈਲਿਆ ਭੋਰਾ ਖਾ ਕੇ ਤਾਂ ਵੇਖ, ਇੱਕ ਨੀ ਦੋ ਦੋ ਪੰਡਾ ਚੱਕੇਗਾ"। ਪਰ ਕੈਲੂ ਨਸ਼ੇ ਤੋਂ ਸੌ ਕੋਹ ਦੂਰ ਸੀ। "ਨਾ ਬਈ ਨਾ, ਮੈਂ ਨੀਂ ਕੁਝ ਖਾਣਾ ਅੱਜ ਤਾਂ ਖਵਾ ਦੇਵੇਗਾ, ਤੇ ਕੱਲ ਨੂੰ," ਇਹ ਕਹਿ ਕੈਲੂ ਨੇ ਗਾਮੇ ਨੂੰ ਕਿਹਾ "ਚੱਲ ਚਕਾ ਪੰਡ" ਗੋਲੀ ਤੇ ਗਾਮੇ ਨੇ ਤੂੜੀ ਦੀ ਪੰਡ ਚੁੱਕ ਕੇ ਉਸ ਦੇ ਸਿਰ ਤੇ ਰੱਖ ਦਿੱਤੀ, ਕੈਲੂ ਪੂਰੇ ਜੋਸ਼ ਨਾਲ ਪੰਡ ਚੁੱਕ ਟਰਾਲੀ ਵਿੱਚ ਸੁੱਟ ਆਇਆ ਜਿਵੇਂ ਗਾਮੇ ਨੇ ਨਸ਼ੇ ਦਾ ਨਾਂ ਲੈ ਕਿ ਉਸ ਦੇ ਅੰਦਰ ਦੀ ਕੋਈ ਸ਼ਕਤੀ ਨੂੰ ਜਗਾ ਦਿੱਤਾ ਹੋਵੇ।



SANJHI SOCH
ਹਰਪ੍ਰੀਤ ਪੱਤੋ
ਪਿੰਡ ਪੱਤੋ ਹੀਰਾ ਸਿੰਘ
ਮੋਗਾ
94658-21417

LARRY T. NIERMEYER
Attorney at Law



OFFERING SERVICES IN THE FOLLOWING AREAS

1. Divorce/Family law
2. Restraining Orders
3. Criminal Matters
4. Driving Under Influence (DUI)
5. Work Injury/Car Injury
6. Defamation Cases
7. Personal Injury
8. Wrongful Death
9. Civil Litigation





PHONE: (209) 574-9447
1420 F STREET ST_ 2ND FLOOR MODESTO, CA 95354
Email : ltniermeyer@aol.com

# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

**AUTO · HOME · TRUCK · BUSINESS · LIFE · MEDICAL**

## ਪਾਸਪੋਰਟ / ਵੀਜਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



**Office Ph.(916) 427-4321**

6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us




Capital DRUG TESTING

# CAPITAL DRUG TESTING

## Drug and Alcohol Test

## DOT / NON DOT

**PRE EMPLOYMENT - RANDOM**
**POST ACCIDENT - REASONABLE SUSPICION**

**Services: DOT Random Prog., FMCSA Clearinghouse, DOT Supervisor Training, SAP Classes Etc.**

**Lab. Ph:(916) 680-9293**

6624 Florin Road
Sacramento CA, 95828

Email: capitaldrugtest@gmail.com
Website: www.capitaldrugtest.com



# ਕਦੇ ਜ਼ੁਬਾਨ ਦੇ ਕਮਾਨ ਵਿੱਚੋਂ ਨਿਕਲੇ ਸ਼ਬਦ ਕਦੇ ਚੰਗੇ ਸ਼ਬਦ ਬਣ ਜਾਂਦੇ ਹਨ

ਇੱਕ ਮਨੁੱਖੀ ਬੱਚਾ ਦੋ ਸਾਲ ਦੀ ਉਮਰ ਵਿੱਚ ਬੋਲਣਾ ਸ਼ੁਰੂ ਕਰ ਦਿੰਦਾ ਹੈ, ਪਰ ਇਹ ਸਮਝਣ ਵਿੱਚ ਸਾਰੀ ਉਮਰ ਲੱਗ ਜਾਂਦੀ ਹੈ ਕਿ ਕਿਹੜੇ ਸਮੇਂ ਵਿੱਚ ਕਿਹੜੇ ਸ਼ਬਦ ਬੋਲਣੇ ਹਨ, ਇਸ ਲਈ ਬੋਲਣ ਵੇਲੇ ਚੁੱਪ ਰਹਿਣਾ ਅਤੇ ਬੋਲਣ ਵੇਲੇ ਚੁੱਪ ਰਹਿਣਾ ਦੋ ਭਾਸ਼ਾਵਾਂ ਦੇ ਨੁਕਸ ਦੱਸੇ ਗਏ ਹਨ, ਕੀ, ਕਦੋਂ, ਕਿੱਥੇ ਅਤੇ ਜੇ ਇਹ ਨਿਮਰ ਹੈ, ਤਾਂ ਹਰ ਵਿਅਕਤੀ ਦੀ ਸ਼ਖਸੀਅਤ ਕਾਗਜ਼ ਦੇ ਟੁਕੜਿਆਂ ਦੇ ਹੇਠਾਂ ਲੁਕੀ ਹੋਈ ਹੈ. ਭਾਸ਼ਾ ਦਿਲ ਅਤੇ ਦਿਮਾਗ ਦੀ ਵਿਆਖਿਆ ਕਰਨ ਵਾਲੀ ਹੁੰਦੀ ਹੈ ਅਤੇ ਦਿਲ ਅਤੇ ਦਿਮਾਗ ਦੀ ਵਿਆਖਿਆ ਕਰਨ ਵਾਲੀ ਇਹ ਚੋਣ ਹੀ ਵਿਅਕਤੀ ਨੂੰ ਸਮਾਜ ਵਿੱਚ ਇੱਕ ਵਿਲੱਖਣ ਸਥਾਨ ਬਣਾ ਦਿੰਦੀ ਹੈ, ਜੋ ਕਿ ਆਪਣੀ ਸੋਚ ਦੇ ਕਾਰਨ ਲੋਕਾਂ ਦੇ ਮਨਾਂ ਅਤੇ ਭਾਸ਼ਾਵਾਂ ਵਿੱਚ ਬਣੀ ਰਹਿੰਦੀ ਹੈ ਅਤੇ ਲਚਕੀਲਾ ਭਾਸ਼ਣ ਜਿੱਥੇ ਅਣਗਿਣਤ ਪਿਆਰ ਕਮਾਉਣ ਵਿੱਚ ਭਾਸ਼ਾ ਦੀ ਚੰਗੀ ਵਰਤੋਂ ਕਰਨ ਵਿੱਚ ਅੱਗੇ ਹੈ, ਉੱਥੇ ਮਾੜੀ ਵਰਤੋਂ ਇਸ ਦੇ ਨਿਸ਼ਾਨਾਂ ਨੂੰ ਮਿਟਣ ਨਹੀਂ ਦਿੰਦੀ, ਇਸ ਲਈ ਇਹ ਗੁਨਾਹ ਨਹੀਂ ਹੈ. ਚੰਗੀ ਬੋਲੀ, ਪਰ ਮਾੜੀ ਬੋਲੀ ਕਿਸੇ ਦੇ ਦਿਲ ਨੂੰ ਠੇਸ ਪਹੁੰਚਾ ਸਕਦੀ ਹੈ ਅਤੇ ਮਨ ਨੂੰ ਠੇਸ ਪਹੁੰਚਾਉਣਾ ਧਰਤੀ ਦੇ ਸਾਰੇ ਜਾਨਵਰਾਂ ਨੂੰ ਪਿੱਛੇ ਛੱਡਣਾ ਹੈ। ਦੁਖਦਾਈ ਸ਼ਬਦਾਂ ਦੇ ਸਾਮ੍ਹਣੇ ਚੁੱਪ ਦੀ ਕੰਧ ਬਣਾਉਣਾ ਚੰਗਾ ਖੂਨ ਅਤੇ ਸਿਖਲਾਈ ਦਰਸਾਉਂਦਾ ਹੈ. ਇਸੇ ਲਈ ਚੁੱਪ ਨੂੰ ਆਵਾਜ਼ਾਂ ਦਾ ਮਾਲਕ ਕਿਹਾ ਗਿਆ ਹੈ, ਜੋ ਅਗਿਆਨਤਾ ਦੇ ਨੁਕਸ ਨੂੰ ਛੁਪਾਉਂਦੀ ਹੈ, ਮਾੜੇ ਸ਼ਬਦਾਂ ਦੀ ਕੋਈ ਸਥਿਤੀ ਨਹੀਂ ਹੈ, ਜਦੋਂ ਕਿ ਸਬਰ ਕਰਨ ਵਾਲੇ ਨੂੰ ਹੀ ਸਥਾਨ ਮਿਲਦਾ ਹੈ। ਪਿਆਰਾ ਉਹ ਹੈ ਜਿਸ ਦੀ ਜ਼ੁਬਾਨ ਸੁਣਨ ਵਾਲੇ ਕੰਨਾਂ ਨੂੰ ਭੁੱਖੇ ਬਣਾ ਦਿੰਦੀ ਹੈ ਅਤੇ ਜ਼ਖਮੀ ਰੂਹ ਨੂੰ ਇਹ ਮਹਿਸੂਸ ਕਰਾਉਂਦੀ ਹੈ ਕਿ ਇਸ ਨੂੰ ਚੰਗਾ ਕਰਨ ਵਾਲਾ ਮਲ੍ਹਮ ਲੱਗ ਰਿਹਾ ਹੈ ਪਰ ਮੇਰੇ ਲਈ ਇਹ ਕਿਰਿਆ ਕਮਜ਼ੋਰਾਂ ਦੀ ਨਹੀਂ ਹੁੰਦੀ ਹੈ ਜ਼ਖਮਾਂ 'ਤੇ ਸੈਕੜੇ ਰੰਗਾਂ ਦੀਆਂ ਪਰਤਾਂ ਲਾਈਆਂ ਜਾਂਦੀਆਂ ਹਨ, ਪਰ ਉਸ ਦੀ ਚੁੱਪ ਹੀ ਖ਼ੂਬਸੂਰਤ ਹੋਣੀ ਚਾਹੀਦੀ ਹੈ, ਜੋ ਆਪਣੇ ਬੱਚਿਆਂ ਦੇ ਪਾਲਣ-ਪੋਸ਼ਣ 'ਤੇ ਜ਼ਿਆਦਾ ਧਿਆਨ ਦਿੰਦੇ ਹਨ ਉਨ੍ਹਾਂ ਦੇ ਸਰੀਰਾਂ ਨਾਲੋਂ ਸ਼ੁੱਧ ਭਾਸ਼ਾਵਾਂ ਦੀ ਗੱਲਬਾਤ ਵੀ ਪੂਜਾ ਸਮਝੀ ਜਾਂਦੀ ਹੈ ਅਤੇ ਉਨ੍ਹਾਂ ਵਿਚ ਹਾਸੇ ਅਤੇ ਅਰਥਹੀਣ ਸ਼ਬਦਾਂ ਦੇ ਜਵਾਬ ਵਿਚ ਜ਼ੁਬਾਨ ਨਹੀਂ ਖੋਲ੍ਹੀ ਜਾਂਦੀ। ਭਾਸ਼ਾ ਦੀ ਹੋਂਦ ਵੀ ਇਸਦੀ ਜਾਣ-ਪਛਾਣ ਲਈ ਬਹੁਤ ਭਰੋਸੇਮੰਦ ਸੁਰਾਗ ਦਿੰਦੀ ਹੈ, ਜਿਸ ਵਿੱਚ ਕੋਈ ਮਨ ਨਹੀਂ ਹੁੰਦਾ, ਪਰ ਇਹ ਮੂੰਹ ਦੇ ਹਨੇਰੇ ਵਿੱਚ ਭੋਜਨ ਨੂੰ ਦੰਦਾਂ ਹੇਠ ਲਿਆਉਂਦੀ ਹੈ, ਜਿਸ ਤਰ੍ਹਾਂ ਜੀਭ ਨੂੰ ਸੁਆਦ ਦੀ ਭਾਵਨਾ ਹੁੰਦੀ ਹੈ। ਜ਼ੁਬਾਨ ਦੁਆਰਾ ਬੋਲੇ ਗਏ ਸ਼ਬਦ ਵੀ ਸੁਣਨ ਵਾਲੇ ਦੇ ਦਿਲ ਅਤੇ ਦਿਮਾਗ ਵਿੱਚ ਆਪਣੇ ਸੁਆਦ ਦਾ ਪ੍ਰਭਾਵ ਛੱਡ ਜਾਂਦੇ ਹਨ ਪਰ ਲੋਕ ਕਹਿੰਦੇ ਹਨ ਕਿ ਤੁਹਾਡੇ ਨਾਲ ਗੱਲ ਕਰਨਾ ਬਹੁਤ ਮਜ਼ੇਦਾਰ ਹੈ ਕਿਉਂਕਿ ਹਰ ਸੁਣਨ ਵਿੱਚ ਮਿੱਠੇ ਬੋਲਾਂ ਦੀ ਸੁਧਾਈ ਹੁੰਦੀ ਹੈ ਜਿਸਦਾ ਨਤੀਜਾ ਹੁੰਦਾ ਹੈ ਮਿੱਠੇ ਬੋਲਾਂ ਦਾ ਪਿਆਰ। ਕੌੜੀ ਗੱਲ ਤੋਂ ਨਫ਼ਰਤ ਜੇ ਕੋਈ ਦੇਸ਼ ਭਗਤ ਜਾਸੂਸ ਕਿਸੇ ਦੁਸ਼ਮਣ ਦੇਸ਼ ਵਿੱਚ ਫੜਿਆ ਜਾਂਦਾ ਹੈ ਤਾਂ ਉਹ ਆਪਣੀ ਜ਼ੁਬਾਨ ਨੂੰ ਦਰਦ ਨਾਲ ਖੋਲ੍ਹਣ ਦੀ ਕੋਸ਼ਿਸ਼ ਕਰਦਾ ਹੈ, ਉਹ ਆਪਣੀ ਜਾਨ ਦੇ ਦਿੰਦਾ ਹੈ ਪਰ ਆਪਣੀ ਜ਼ੁਬਾਨ ਨਹੀਂ ਖੋਲ੍ਹਦਾ ਕਿਉਂਕਿ ਉਸਨੂੰ ਪਤਾ ਹੁੰਦਾ ਹੈ ਕਿ ਬੋਲਣ ਨਾਲ ਉਸਦੇ ਵਤਨ ਦਾ ਨੁਕਸਾਨ ਹੋਵੇਗਾ।

ਇਸ ਸੰਦਰਭ ਵਿੱਚ ਵਿਚਾਰ ਕਰੋ ਕਿ ਪ੍ਰਮਾਤਮਾ ਨੇ ਸਾਡੀ ਆਤਮਾ ਨੂੰ ਸੰਸਾਰ ਵਿੱਚ ਪਹਿਰਾਵਾ ਦੇ ਕੇ ਆਤਮਾਵਾਂ ਦੇ ਸੰਸਾਰ ਤੋਂ ਜੋ ਕੁਝ ਉਤਾਰਿਆ ਹੈ, ਇਹ ਉਸ ਇਲਾਹੀ ਉਦੇਸ਼ ਦਾ ਪ੍ਰਤੀਬਿੰਬ ਹੈ ਜਿਸ ਵਿੱਚ ਮਨੁੱਖ ਨੇ ਪਰਮਾਤਮਾ ਅਤੇ ਪਰਮਾਤਮਾ ਦੇ ਸੇਵਕਾਂ ਦੀ ਵਿਆਖਿਆ ਕਰਨੀ ਹੈ ਜਿਸ ਵਿੱਚ ਸੰਤੁਸ਼ਟੀ ਅਤੇ ਖੁਸ਼ੀ ਦਾ ਨਤੀਜਾ ਹੈ। ਇਸ ਤੋਂ ਪਤਾ ਚਲਦਾ ਹੈ ਕਿ ਇਸ ਵਿਚ ਅੱਲ੍ਹਾ ਦੇ ਅਧਿਕਾਰ ਅਤੇ ਸੇਵਕਾਂ ਦੇ ਅਧਿਕਾਰ ਛੁਪੇ ਹੋਏ ਹਨ, ਜੇ ਪਰਮਾਤਮਾ ਨੇ ਮਨੁੱਖ ਦਾ ਦਿਲ ਆਪਣੇ ਨਿਵਾਸ ਲਈ ਬਣਾਇਆ ਹੈ, ਤਾਂ ਮਨੁੱਖ ਦੀ ਜ਼ੁਬਾਨ ਹੋਰ ਮਨੁੱਖਾਂ ਵਿਚ ਵੱਸ ਨਹੀਂ ਸਕਦੀ ਰੱਬ ਦਾ ਘਰ, ਜਿਸ ਵਿੱਚ ਨਫ਼ਰਤ, ਈਰਖਾ, ਹੰਕਾਰ, ਜ਼ਹਿਰ ਦੀ ਤਰ੍ਹਾਂ ਅਤੇ ਰੱਬ ਉਸ ਦਾ ਨਾਮ ਸੁਣਨਾ ਪਸੰਦ ਨਹੀਂ ਕਰਦਾ ਜੋ ਦੂਜਿਆਂ ਨੂੰ ਕੋਈ ਨੁਕਸਾਨ ਪਹੁੰਚਾਉਂਦਾ ਹੈ ਅਤੇ ਇੱਕ ਹੋਰ ਵਿਸ਼ਵਾਸੀ ਲੋਕਾਂ ਲਈ ਸੁਰੱਖਿਅਤ ਹੈ ਅਤੇ ਜੋ ਲੋਕ ਜੀਭ ਨੂੰ ਮਾਸ ਦਾ ਇੱਕ ਟੁਕੜਾ ਸਮਝਦੇ ਹਨ, ਉਹ ਸ਼ਬਦ ਦੀ ਜ਼ਿੰਮੇਵਾਰੀ ਤੋਂ ਅਣਜਾਣ ਰਹਿੰਦੇ ਹਨ। ਮੂੰਹ ਵਿੱਚ ਮਾਸ ਉਹਨਾਂ ਦੇ ਬੋਲੇ ਜਾਣ ਵਾਲੇ ਸ਼ਬਦਾਂ ਦੀ ਰਾਖੀ ਕਰਨ ਲਈ ਉਹਨਾਂ ਭਾਸ਼ਾਵਾਂ ਨੂੰ ਜ਼ਬਤ ਕਰਨ ਦੀ ਸ਼ਕਤੀ ਅਤੇ ਅਧਿਕਾਰ ਦਿਓ ਜੋ ਉਹਨਾਂ ਦੀ ਪਵਿੱਤਰਤਾ ਦੀ ਉਲੰਘਣਾ ਕਰਦੀਆਂ ਹਨ, ਤਾਂ ਹੀ ਉਹਨਾਂ ਭਾਸ਼ਾਵਾਂ ਨੂੰ ਬੋਲਿਆ ਜਾਵੇਗਾ ਜਿਹਨਾਂ ਨੂੰ ਬੋਲਣ ਦਾ ਅਧਿਕਾਰ ਹੈ ਅਤੇ ਬਾਕੀ। ਜ਼ੁਬਾਨ ਦੇ ਜ਼ਖ਼ਮਾਂ ਨੂੰ ਜ਼ੁਬਾਨ 'ਤੇ ਮਲ੍ਹਮ ਲਾਉਣ ਲਈ ਮਜ਼ਬੂਰ ਹੋ ਜਾਵੇਗਾ, ਜੇ ਤੁਸੀਂ ਜ਼ੁਬਾਨ ਦੇ ਜ਼ਖ਼ਮਾਂ 'ਤੇ ਮਲ੍ਹਮ ਲਗਾ ਕੇ ਬੋਲ ਰਹੇ ਹੋ ਤਾਂ ਸਮਝੋ ਕਿ ਜ਼ੁਬਾਨ ਦੇ ਜ਼ਖ਼ਮਾਂ 'ਤੇ ਮਲ੍ਹਮ ਲਗਾਉਣ ਲਈ ਰੱਬ ਕਿੰਨਾ ਬੇਪਰਵਾਹ ਹੈ ਕੀ ਉਹ ਮੇਰੇ ਵਰਗੇ ਬੇਸਮਝ ਲੋਕਾਂ 'ਤੇ ਹੋ ਗਿਆ ਹੈ ਕਿ ਉਹ ਝੂਠ ਬੋਲਣ, ਗਾਲਾਂ ਕੱਢਣ, ਗਾਲ੍ਹਾਂ ਕੱਢਣ ਵਰਗੀਆਂ ਮਾੜੀਆਂ ਭਾਸ਼ਾਵਾਂ ਦੀ ਵਰਤੋਂ ਕਰਨ ਦੇ ਬਾਵਜੂਦ ਵੀ ਬੋਲਣਾ ਬੰਦ ਨਹੀਂ ਕਰਦਾ, ਨਹੀਂ ਤਾਂ ਮੇਰੇ ਵਿੱਚ ਉਹ ਹੈ ਜੋ ਰੱਬ ਦੀ ਆਗਿਆ ਤੋਂ ਬਿਨਾਂ ਵੀ ਮੇਰੇ ਨਾਲ ਖੜ੍ਹਾ ਹੁੰਦਾ, ਫਿਰ ਵੀ ਮੈਂ ਅਜਿਹਾ ਕਰਦਾ ਹਾਂ ਮੈਂ ਇਹ ਸੋਚ ਕੇ ਕੰਬ ਜਾਂਦਾ ਹਾਂ ਕਿ ਜੇ ਪ੍ਰਮਾਤਮਾ ਨੇ ਮੇਰੇ ਸਾਰੇ ਦੈਵੀ ਅਤੇ ਮਨੁੱਖੀ ਨਾਰਾਜ਼ਗੀ ਦੇ ਸ਼ਬਦਾਂ ਨੂੰ ਮੇਰੀ ਜ਼ੁਬਾਨ ਲਈ ਸਜ਼ਾ ਦੇ ਦਿੱਤੀ ਹੈ, ਤਾਂ ਮੇਰੇ ਕੋਲ ਉਸ ਲਈ ਇੱਕ ਛਾਲੇ ਵਾਲੀ ਲਾਈਨ ਬਣਾਉਣ ਲਈ ਕੋਈ ਵੱਡੀ ਜ਼ਬਾਨ ਨਹੀਂ ਹੈ ਨਾਮ ਦਾ ਜ਼ਿਕਰ ਕੀਤਾ ਜਾਂਦਾ ਹੈ, ਤਾਂ ਇਸਦਾ ਇਨਾਮ ਸਾਡੇ ਹੱਕ ਵਿੱਚ ਹੁੰਦਾ ਹੈ, ਇਸ ਲਈ ਕਿਸੇ ਲਈ ਬੋਲੇ ਗਏ ਦਰਦਨਾਕ ਸ਼ਬਦਾਂ ਦਾ ਇੰਤਜ਼ਾਰ ਨਹੀਂ ਹੁੰਦਾ ਕਿਉਂਕਿ ਪਿਆਰ ਦੀ ਕੋਈ ਭਾਸ਼ਾ ਨਹੀਂ ਹੁੰਦੀ ਪਰ ਹਰ ਭਾਸ਼ਾ ਪਿਆਰ ਲਈ ਹੁੰਦੀ ਹੈ, ਜੇ ਤੁਹਾਡੇ ਨਾਲ ਗੱਲ ਕਰਨ ਵਾਲਿਆਂ ਦੇ ਦਿਲ ਅਤੇ ਦਿਮਾਗ ਖੁਸ਼ੀ ਨਾਲ ਭਰ ਜਾਂਦੇ ਹਨ, ਤਾਂ ਰੱਬ ਤੁਹਾਨੂੰ ਖੁਸ਼ਹਾਲ ਸ਼ਬਦਾਂ ਦਾ ਲੰਗਰ ਘਰ ਤੋਂ ਮਿੱਠੇ ਬੁੱਲਾਂ ਦੇ ਪਿਆਲੇ ਤੱਕ ਵੰਡਦਾ ਹੈ. ਅਤੇ ਟੋਨ, ਹਜ਼ੂਰ ਸਜਦਾ ਹੈ, ਕਿੰਨੇ ਲੋਕਾਂ ਦੀ ਅਜਿਹੀ ਜ਼ੁਬਾਨ ਹੈ ਕਿ ਜਦੋਂ ਉਹ ਕਿਸੇ ਤੋਂ ਆਪਣੀ ਸਮੱਸਿਆ ਪੁੱਛਦੇ ਹਨ ਤਾਂ ਉਨ੍ਹਾਂ ਦੀ ਲੋੜ ਦਾ ਭਾਂਡਾ ਖਾਲੀ ਹੋ ਜਾਂਦਾ ਹੈ ਅਤੇ ਕੁਝ ਬੋਲੀਆਂ ਵੀ ਹਨ ਜੋ ਧਨ ਦੀ ਬਜਾਏ ਖੂਨ ਦਾਨ ਕਰਨ ਦੀ ਮੰਗ ਕਰਦੇ ਹਨ। ਹੋਰ ਅਤੇ ਬੈਗ ਘੱਟ ਜਾਓ ਭਾਸ਼ਾ ਉਹ ਹੁੰਦੀ ਹੈ ਜਿਸ ਦੇ ਸ਼ਬਦ ਸਵਰਗੀ ਰਾਜ ਦੇ ਪ੍ਰਭਾਵ ਨਾਲ ਭਰੇ ਹੁੰਦੇ ਹਨ, ਜੇ ਮੈਂ ਇਸ ਲਿਖਤ ਦੇ ਸ਼ਬਦਾਂ ਤੋਂ ਪ੍ਰਭਾਵਤ ਭਾਸ਼ਾ ਦੀ ਪ੍ਰਾਪਤੀ ਲਈ ਸਲਾਹ ਮੰਗਦਾ ਹਾਂ ਤਾਂ ਮੈਨੂੰ ਪਹਿਲਾਂ ਜੀਵਨ ਲਈ ਵਰਤ ਰੱਖ ਕੇ ਸ਼ਬਦਾਂ ਦੀ ਚੋਣ ਕਰਨੀ ਚਾਹੀਦੀ ਹੈ। ਮਾੜੇ ਅਰਥਾਂ ਵਾਲੇ ਸ਼ਬਦਾਂ ਨੂੰ ਲਾਗੂ ਕੀਤਾ ਜਾਵੇਗਾ। ਆਪਣੀ ਭਾਸ਼ਾ ਦੇ ਸਾਰੇ ਨੁਕਸ, ਝੂਠ, ਗਾਲਾਂ, ਇਲਜ਼ਾਮ ਤੋਂ ਸ਼ੁੱਧ ਕਰੋ, ਉਹ ਜਵਾਬ ਦੇਵੇਗਾ, ਪਰ ਜਵਾਬ ਸੁਣਨ ਲਈ, ਕੰਨਾਂ ਨੂੰ ਜ਼ੁਬਾਨ ਜਿੰਨੀ ਮਿਹਨਤ ਕਰਨੀ ਪਵੇਗੀ।



SANJHI SOCH
ਜ਼ਫਰ ਇਕਬਾਲ ਜ਼ਫਰ
ਗ਼ਜ਼ਾਲੀ ਐਜੂਕੇਸ਼ਨ ਟਰੱਸਟ ਲਾਹੌਰ ਪਾਕਿਸਤਾਨ
+92-3004837173



web -www.globaltruckpermits.com
email -info@globaltruckpermits.com

# ਸਾਰੀਆਂ ਸੇਵਾਵਾਂ ਇੱਕੋ ਥਾਂ

# GLOBAL TRUCK PERMITS

## ਕੈਲੇਫੋਰਨੀਆ ਅੰਦਰ

ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ

New Company Permits
IRP Plates
Trailer Plates
Truck ELD
DOT Drug Testing



"ਸਾਡਾ ਇਸ ਕੰਮ ਵਿਚ 18 ਸਾਲ ਦਾ ਤਜਰਬਾ ਹੈ"
ਰਾਜਿੰਦਰ ਟਾਂਡਾ

Cell : (510) 557-6988 | Ph : 209-636-0880

Address: 159 Darcy Pkwy Lathrop CA 95330




SANJHI SOCH

# ਟੀ.ਵੀ. ਪੱਤਰਕਾਰਾਂ ਦੀ ਜ਼ਰੂਰਤ

SANJHI SOCH

ਸਾਂਝੀ ਸੋਚ ਟੀ.ਵੀ. ਲਈ ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਚੰਡੀਗੜ੍ਹ ਤੋਂ ਤਜ਼ੁਰਬੇਕਾਰ ਪੱਤਰਕਾਰਾਂ ਦੀ ਜ਼ਰੂਰਤ ਹੈ। ਤਨਖ਼ਾਹ ਯੋਗਤਾ ਅਨੁਸਾਰ।

ਸੰਪਰਕ: +1 (209) 303-1260